ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

# ਆਵਾਜ਼ਿ ਕੌਮ

Awaze Qaum

(ਯੂ. ਕੇ. ਤੋਂ ਪ੍ਰਕਾਸ਼ਿਤ)

International Daily Newspaper & WEB TV

www.awazeqaumtv.com

Also On

Visit on facebook

https://www.facebook.com/awazeqaumtv/videos/194899582124531/

https://youtu.be/LQwolgxDu7I

awazeqaumtvpunjab@gmail.com

ਸ਼ਨੀਵਾਰ, 21 ਫਰਵਰੀ 2026 (ਨਾਨਕਸ਼ਾਹੀ ਸੰਮਤ : ੫੫੭, ੧੦ ਫੱਗਣ) ਸੰਪਾਦਕ : ਰਘਵੀਰ ਸਿੰਘ ਵਾਲਸਾਲ ਯੂ.ਕੇ., ਸੰਪਰਕ : +447458381111,+447976210161,+919729091243

# "ਵਾਅਦਿਆਂ ਦੀ ਰਾਜਨੀਤੀ ਕਦੋਂ ਖ਼ਤਮ ਹੋਵੇਗੀ ?"

## ਇੰਟਰਨੈਸ਼ਨਲ ਪੰਥਕ ਦਲ ਯੂਕੇ ਵੱਲੋਂ ਐਸਜੀਪੀਸੀ ਪ੍ਰਧਾਨ ਧਾਮੀ ਨੂੰ ਸਿੱਧੀ ਚੁਣੌਤੀ

**ਲੰਡਨ, ਬਰਮਿੰਘਮ, 20 ਫਰਵਰੀ (ਆਵਾਜ਼ਿ ਕੌਮ ਬਿਊਰੋ)**- ਇੰਟਰਨੈਸ਼ਨਲ ਪੰਥਕ ਦਲ ਯੂਕੇ ਨੇ ਸਿੱਖ ਪੰਥ ਦੀ ਮੌਜੂਦਾ ਸਥਿਤੀ ਅਤੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ (ਐਸਜੀਪੀਸੀ) ਦੀ ਕਾਰਗੁਜ਼ਾਰੀ 'ਤੇ ਗੰਭੀਰ ਸਵਾਲ ਉਠਾਉਂਦੇ ਹੋਏ ਇਸ ਦੇ ਪ੍ਰਧਾਨ ਹਰਜਿੰਦਰ ਸਿੰਘ ਧਾਮੀ ਨੂੰ ਸਿੱਧੀ ਚੁਣੌਤੀ ਦਿੱਤੀ ਹੈ। ਜਥੇਬੰਦੀ ਨੇ ਕਿਹਾ ਹੈ ਕਿ ਸੰਸਾਰ ਭਰ ਦੀ ਸੰਗਤ ਅੱਜ ਜਵਾਬ ਮੰਗ ਰਹੀ ਹੈ—ਐਲਾਨ ਬਹੁਤ ਹੋਏ, ਪਰ ਅਮਲ ਕਿੱਥੇ ਹੈ ?

ਦਲ ਦੇ ਪ੍ਰਧਾਨ ਰਘਵੀਰ ਸਿੰਘ, ਅੰਤਰਰਾਸ਼ਟਰੀ ਚੀਫ਼ ਆਰਗੇਨਾਈਜ਼ਰ ਭਾਈ ਪਰਮਜੀਤ ਸਿੰਘ ਢਾਡੀ, ਜਨ ਸਕੱਤਰ ਅਤੇ ਮੁੱਖ ਬੁਲਾਰਾ ਭਾਈ ਕਪਤਾਨ ਸਿੰਘ, ਸੀਨੀਅਰ ਮੀਤ ਪ੍ਰਧਾਨ ਭਾਈ ਰਘਬੀਰ ਸਿੰਘ ਬੀਹਾ ਅਤੇ ਭਾਈ ਰਘਬੀਰ ਸਿੰਘ ਮਾਲੜੀ ਵੱਲੋਂ ਸਾਂਝੇ ਤੌਰ 'ਤੇ ਜਾਰੀ ਬਿਆਨ 'ਚ ਦਲ ਨੇ ਯਾਦ ਕਰਵਾਇਆ ਕਿ ਬੰਦੀ ਸਿੰਘਾਂ ਦੀ ਰਿਹਾਈ ਲਈ ਸ਼੍ਰੋਮਣੀ ਕਮੇਟੀ ਨੇ 11 ਮੈਂਬਰੀ ਕਮੇਟੀ ਬਣਾਉਣ ਦਾ ਐਲਾਨ ਕੀਤਾ ਗਿਆ ਸੀ, ਦਿੱਲੀ ਵਿੱਚ ਵੱਡੇ ਮੁਜ਼ਾਹਰੇ ਦੀ ਤਾਰੀਖ਼ ਵੀ ਰੱਖੀ ਗਈ ਸੀ। ਪਰ ਐਨ ਮੌਕੇ 'ਤੇ ਸਾਰਾ ਪ੍ਰੋਗਰਾਮ ਰੱਦ ਕਰ ਦਿੱਤਾ ਗਿਆ। ਜਥੇਬੰਦੀ ਨੇ ਪੁੱਛਿਆ—ਉਹ ਕਮੇਟੀ ਕਿੱਥੇ ਹੈ ? ਰਿਪੋਰਟ ਕਿਉਂ ਜਨਤਕ ਨਹੀਂ ਕੀਤੀ ਗਈ ? ਕੀ ਇਹ ਪੰਥ ਨਾਲ ਸਿੱਧੀ ਵਾਅਦਾ-ਖ਼ਿਲਾਫ਼ੀ ਨਹੀਂ ?



ਭਾਈ ਰਘਬੀਰ ਸਿੰਘ
ਪ੍ਰਧਾਨ
ਇੰਟਰਨੈਸ਼ਨਲ ਪੰਥਕ ਦਲ




ਭਾਈ ਪਰਮਜੀਤ ਸਿੰਘ ਢਾਡੀ
ਅੰਤਰਰਾਸ਼ਟਰੀ ਆਰਗੇਨਾਈਜ਼ਰ
ਇੰਟਰਨੈਸ਼ਨਲ ਪੰਥਕ ਦਲ



ਭਾਈ ਕਪਤਾਨ ਸਿੰਘ
ਜਨਰਲ ਸਕੱਤਰ ਅਤੇ ਮੁੱਖ ਬੁਲਾਰਾ
ਇੰਟਰਨੈਸ਼ਨਲ ਪੰਥਕ ਦਲ



ਭਾਈ ਰਘਵੀਰ ਸਿੰਘ ਬੀਰ੍ਹਾ
ਸੀਨੀਅਰ ਮੀਤ ਪ੍ਰਧਾਨ
ਇੰਟਰਨੈਸ਼ਨਲ ਪੰਥਕ ਦਲ



ਭਾਈ ਰਘਬੀਰ ਸਿੰਘ ਮਾਲੜੀ
ਚੀਫ ਆਰਗੇਨਾਈਜ਼ਰ
ਇੰਟਰਨੈਸ਼ਨਲ ਪੰਥਕ ਦਲ

2 ਦਸੰਬਰ 2024 ਨੂੰ ਅਕਾਲ ਤਖ਼ਤ ਸਾਹਿਬ ਤੋਂ ਜਾਰੀ ਸੰਦੇਸ਼ ਦਾ ਹਵਾਲਾ ਦਿੰਦਿਆਂ ਦਲ ਨੇ ਕਿਹਾ ਕਿ ਪੰਜ ਸਿੰਘ ਸਾਹਿਬਾਨਾਂ ਦੇ ਆਦੇਸ਼ਾਂ ਨੂੰ ਲਾਗੂ ਕਰਵਾਉਣਾ ਐਸਜੀਪੀਸੀ ਅਤੇ ਇਸ ਦੇ ਪ੍ਰਧਾਨ ਦੀ ਨੈਤਿਕ ਜ਼ਿੰਮੇਵਾਰੀ ਸੀ। ਅਸਤੀਫ਼ਿਆਂ ਅਤੇ ਪਿੱਛੇ ਹਟਣ ਦੀ ਰਣਨੀਤੀ ਪੰਥਕ ਹੁਕਮਨਾਮਿਆਂ ਨੂੰ ਅਧੂਰਾ ਛੱਡਣ ਦੇ ਬਰਾਬਰ ਹੈ।

ਕਮੇਟੀ ਵੱਲੋਂ ਜਥੇਦਾਰਾਂ ਦੀ ਨਿਯੁਕਤੀ ਅਤੇ ਸੇਵਾ ਮੁਕਤੀ ਲਈ ਨਵੀਂ ਪ੍ਰਣਾਲੀ ਲਿਆਉਣ ਦਾ ਐਲਾਨ ਕੀਤਾ ਗਿਆ ਸੀ। ਸਬ ਕਮੇਟੀ ਬਣੀ, ਪਰ ਅੱਜ ਤੱਕ ਕੋਈ ਢੰਗ ਦੀ ਕਾਰਵਾਈ ਸਾਹਮਣੇ ਨਹੀਂ ਆਈ। ਇਸ ਦੇ ਨਾਲ ਹੀ ਗਿਆਨੀ ਰਘਬੀਰ ਸਿੰਘ ਨੂੰ 72 ਘੰਟਿਆਂ ਦਾ ਅਲਟੀਮੇਟਮ ਦੇਣ ਦੇ ਮਾਮਲੇ 'ਤੇ ਵੀ ਦਲ ਨੇ ਸਪਸ਼ਟਤਾ ਮੰਗੀ ਹੈ—ਜੇ ਅਲਟੀਮੇਟਮ ਦਿੱਤਾ ਗਿਆ ਸੀ ਤਾਂ 24 ਤਰੀਕ ਦੀ ਮੀਟਿੰਗ ਵਿੱਚ ਪੰਥ ਨੂੰ ਸੱਚ ਦੱਸਿਆ ਜਾਵੇ।

ਦਲ ਨੇ ਇਹ ਵੀ ਸਵਾਲ ਉਠਾਇਆ ਕਿ ਪੰਜਾਬ ਸਰਕਾਰ ਅਤੇ ਮੁੱਖ ਮੰਤਰੀ ਭਗਵੰਤ ਮਾਨ ਵੱਲੋਂ ਸਕੱਤਰੇਤ ਵਿੱਚ ਦਿੱਤੇ ਗਏ "ਸਬੂਤਾਂ ਦੇ ਕਾਲੇ ਬੈਗ" ਕੀ ਸੱਚਮੁੱਚ ਖੋਲ੍ਹੇ ਗਏ ਹਨ ? ਜੇ ਖੋਲ੍ਹੇ ਗਏ ਹਨ ਤਾਂ ਉਹਨਾਂ ਵਿੱਚ ਕੀ ਸੀ ? ਪੰਥ ਅੱਗੇ ਇਹ ਸਬੂਤ ਕਦੋਂ ਰੱਖੇ ਜਾਣਗੇ ?

ਸਾਬਕਾ ਜਥੇਦਾਰ ਗਿਆਨੀ ਰਣਜੀਤ ਸਿੰਘ ਵੱਲੋਂ ਲਗਾਏ ਗਏ ਇਲਜ਼ਾਮਾਂ ਦਾ ਹਵਾਲਾ ਦਿੰਦਿਆਂ ਦਲ ਨੇ ਕਿਹਾ ਕਿ ਐਸਜੀਪੀਸੀ ਦੀਆਂ ਜ਼ਮੀਨਾਂ ਬਾਦਲ ਪਰਿਵਾਰ ਅਤੇ ਅਕਾਲੀ ਆਗੂਆਂ ਦੇ ਰਿਸ਼ਤੇਦਾਰਾਂ ਨੂੰ ਕਥਿਤ ਤੌਰ 'ਤੇ ਘੱਟ ਦਰਾਂ 'ਤੇ ਦਿੱਤੀਆਂ ਗਈਆਂ ਹਨ। ਜਦੋਂ ਪੰਜਾਬ ਵਿੱਚ ਆਮ ਤੌਰ 'ਤੇ 50 ਹਜ਼ਾਰ ਰੁਪਏ ਪ੍ਰਤੀ ਏਕੜ ਤੋਂ ਘੱਟ ਠੇਕਾ ਨਹੀਂ ਹੁੰਦਾ, ਤਾਂ ਐਸਜੀਪੀਸੀ ਦੀਆਂ ਜ਼ਮੀਨਾਂ ਕਿੰਨੇ 'ਤੇ ਦਿੱਤੀਆਂ ਗਈਆਂ ? ਪੂਰੀ ਜਾਣਕਾਰੀ ਜਨਤਕ ਕੀਤੀ ਜਾਵੇ।

ਐਸਜੀਪੀਸੀ 'ਤੇ ਲੱਗੇ ਪ੍ਰਸ਼ਾਸਕੀ ਘਪਲਿਆਂ ਅਤੇ ਵੱਡੇ ਇਲਜ਼ਾਮਾਂ ਦੀ ਸੁਤੰਤਰ ਜਾਂਚ ਕਮੇਟੀ ਬਣਾਉਣ ਤੋਂ ਕਿਉਂ ਕਤਰਾਇਆ ਜਾ ਰਿਹਾ ਹੈ ? ਆਲੋਚਕਾਂ ਨੂੰ "ਸਰਕਾਰਾਂ ਦੇ ਏਜੰਟ" ਕਹਿ ਦੇਣਾ ਜਵਾਬਦੇਹੀ ਤੋਂ ਬਚਣ ਦਾ ਤਰੀਕਾ ਨਹੀਂ ਹੋ ਸਕਦਾ।

ਅਕਾਲ ਤਖ਼ਤ ਦੇ ਆਦੇਸ਼ਾਂ ਤੋਂ ਬਾਅਦ ਵੀ ਸਿੱਖਾਂ ਦੇ ਆਪਣੇ ਮੀਡੀਆ ਚੈਨਲ ਸਬੰਧੀ ਕੋਈ ਢੰਗ ਦੀ ਪੇਸ਼ਕਦਮੀ ਨਹੀਂ ਹੋਈ। ਇਸ ਦੇ ਨਾਲ ਹੀ ਪਿਛਲੇ 11 ਸਾਲਾਂ ਤੋਂ ਐਸਜੀਪੀਸੀ ਦੀਆਂ ਚੋਣਾਂ ਨਾ ਹੋਣਾ ਗੰਭੀਰ ਲੋਕਤੰਤਰਿਕ ਮਸਲਾ ਹੈ। ਜੇ ਹੋਰ ਸੰਵਿਧਾਨਕ ਅਦਾਰਿਆਂ ਵਿੱਚ ਜ਼ਿਮਨੀ ਚੋਣਾਂ ਹੋ ਸਕਦੀਆਂ ਹਨ, ਤਾਂ ਐਸਜੀਪੀਸੀ ਵਿੱਚ ਕਿਉਂ ਨਹੀਂ ?

ਇਸ ਦੇ ਨਾਲ ਹੀ ਇੰਟਰਨੈਸ਼ਨਲ ਪੰਥਕ ਦਲ ਯੂਕੇ ਨੇ ਬੰਦੀ ਸਿੰਘਾਂ ਸਬੰਧੀ ਕਮੇਟੀ ਦੀ ਰਿਪੋਰਟ ਤੁਰੰਤ ਜਨਤਕ ਕਰਨ, ਐਸਜੀਪੀਸੀ ਦੀਆਂ ਜ਼ਮੀਨਾਂ ਦੇ ਠੇਕਿਆਂ ਦੀ ਪੂਰੀ ਜਾਣਕਾਰੀ ਸਾਹਮਣੇ ਲਿਆਉਣ, "ਕਾਲੇ ਬੈਗਾਂ" ਵਿੱਚ ਮੌਜੂਦ ਸਬੂਤ ਪੰਥ ਅੱਗੇ ਰੱਖੇ ਜਾਣ, ਸੁਤੰਤਰ ਜਾਂਚ ਕਮੇਟੀ ਬਣਾਉਣ, ਜਥੇਦਾਰ ਨਿਯੁਕਤੀ ਲਈ ਪੰਥਕ ਸਰਵਸੰਮਤੀ ਪ੍ਰਣਾਲੀ ਲਾਗੂ ਕਰਨ, ਐਸਜੀਪੀਸੀ ਦੀਆਂ ਚੋਣਾਂ ਜਲਦ ਕਰਵਾਈਆਂ ਜਾਣ ਦੀ ਵੀ ਮੰਗ ਕੀਤੀ ਹੈ।



ਐਡਵੋਕੇਟ ਹਰਜਿੰਦਰ ਸਿੰਘ ਧਾਮੀ
ਪ੍ਰਧਾਨ
ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ

ਆਵਾਜ਼ਿ ਕੌਮ
AWAZE QAUM
International Newspaper & WEB TV




## ਸੁਪਰੀਮ ਕੋਰਟ ਦਾ ਵੱਡਾ ਕਦਮ, ਵੋਟਰ ਸੂਚੀਆਂ ਦੀ ਸੁਧਾਈ ਲਈ ਪੱਛਮੀ ਬੰਗਾਲ 'ਚ ਜੱਜਾਂ ਦੀ ਤਾਇਨਾਤੀ ਦੇ ਹੁਕਮ

**ਨਵੀਂ ਦਿੱਲੀ, 20 ਫਰਵਰੀ (ਆਵਾਜ਼ਿ ਕੌਮ ਬਿਊਰੋ)**- ਸੁਪਰੀਮ ਕੋਰਟ ਨੇ ਪੱਛਮੀ ਬੰਗਾਲ ਵਿੱਚ ਚੱਲ ਰਹੀ ਵੋਟਰ ਸੂਚੀਆਂ ਦੀ ਵਿਸ਼ੇਸ਼ ਡੂੰਘੀ ਸੋਧ ਪ੍ਰਕਿਰਿਆ ਸਬੰਧੀ ਅਹਿਮ ਹੁਕਮ ਦਿੰਦਿਆਂ ਸੇਵਾ ਨਿਭਾਅ ਰਹੇ ਅਤੇ ਰਿਟਾਇਰਡ ਜ਼ਿਲ੍ਹਾ ਜੱਜਾਂ ਦੀ ਤਾਇਨਾਤੀ ਦੇ ਹੁਕਮ ਜਾਰੀ ਕੀਤੇ ਹਨ। ਅਦਾਲਤ ਨੇ ਇਸ ਮਾਮਲੇ ਨੂੰ ਰਾਜ ਵਿੱਚ ਬਣੇ ਰਾਜਨੀਤਿਕ ਟਕਰਾਅ ਦੇ ਮੱਦੇਨਜ਼ਰ ਗੰਭੀਰਤਾ ਨਾਲ ਲਿਆ ਹੈ। ਚੀਫ ਜਸਟਿਸ ਸੂਰਿਆ ਕਾਂਤ ਦੀ ਅਗਵਾਈ ਹੇਠਲੇ ਬੈਂਚ, ਜਿਸ ਵਿੱਚ ਜਸਟਿਸ ਜੋਯਮਾਲਿਆ ਬਾਗਚੀ ਅਤੇ ਜਸਟਿਸ ਵਿਪੁਲ ਐਮ. ਪੰਚੋਲੀ ਸ਼ਾਮਲ ਸਨ, ਨੇ ਚੋਣ ਕਮਿਸ਼ਨ ਅਤੇ ਰਾਜ ਸਰਕਾਰ ਵਿਚਾਲੇ ਚੱਲ ਰਹੇ "ਇਲਜ਼ਾਮਬਾਜ਼ੀ ਮਾਹੌਲ" 'ਤੇ ਚਿੰਤਾ ਜਤਾਈ ਹੈ। ਅਦਾਲਤ ਨੇ ਆਦੇਸ਼ ਦਿੱਤਾ ਕਿ "ਲੌਜੀਕਲ ਡਿਸਕ੍ਰੇਪੈਂਸੀ" ਸੂਚੀ ਵਿੱਚ ਰੱਖੇ ਗਏ ਵਿਅਕਤੀਆਂ ਦੇ ਦਾਅਵਿਆਂ ਅਤੇ ਇਤਰਾਜ਼ਾਂ ਦੀ ਸੁਣਵਾਈ ਲਈ ਨਿਆਂਇਕ ਅਧਿਕਾਰੀ ਤਾਇਨਾਤ ਕੀਤੇ ਜਾਣ। ਇਨ੍ਹਾਂ ਗੜਬੜੀਆਂ ਵਿੱਚ ਮਾਤਾ-ਪਿਤਾ ਦੇ ਨਾਂਵਾਂ ਵਿੱਚ ਅਸਮਾਨਤਾ ਜਾਂ ਉਮਰ ਵਿੱਚ ਅਸਧਾਰਣ ਅੰਤਰ, ਖ਼ਾਸ ਕਰਕੇ 15 ਸਾਲ ਤੋਂ ਘੱਟ ਜਾਂ 50 ਸਾਲ ਤੋਂ ਵੱਧ ਸ਼ਾਮਲ ਹਨ। ਅਦਾਲਤ ਨੇ ਇਹ ਵੀ ਨੋਟ ਕੀਤਾ ਕਿ ਸੁਧਾਈ ਕਾਰਜ ਲਈ ਲੋੜੀਂਦੇ ਸੀਨੀਅਰ ਪ੍ਰਸ਼ਾਸਨਿਕ ਅਧਿਕਾਰੀ ਸੰਪੂਰਨ ਗਿਣਤੀ ਵਿੱਚ ਉਪਲਬਧ ਨਹੀਂ ਕਰਵਾਏ ਜਾ ਰਹੇ। ਇਸ ਸੰਦਰਭ ਵਿੱਚ Calcutta High Court ਦੇ ਮੁੱਖ ਜੱਜ ਨੂੰ ਹਦਾਇਤ ਦਿੱਤੀ ਗਈ ਕਿ ਉਹ ਸੇਵਾ ਨਿਭਾਅ ਰਹੇ ਨਿਆਂਇਕ ਅਧਿਕਾਰੀਆਂ ਦੀ ਪਛਾਣ ਕਰਨ ਅਤੇ ਲੋੜ ਪੈਣ 'ਤੇ ਰਿਟਾਇਰਡ ਜੱਜਾਂ ਦੀ ਸਹਾਇਤਾ ਵੀ ਲੈਣ।

## ਸਵਾਗਤ ਲਈ ਕੇਕ ਲੈ ਕੇ ਖੜ੍ਹਾ ਸੀ ਪੁੱਤ

# ਪੁੱਤ ਨੂੰ ਮਿਲਣ ਲਈ ਵਿਦੇਸ਼ ਜਾ ਰਹੇ ਵਿਅਕਤੀ ਦੀ ਫਲਾਈਟ 'ਚ ਮੌਤ

**ਹੁਸ਼ਿਆਰਪੁਰ, 20 ਫਰਵਰੀ (ਆਵਾਜ਼ਿ ਕੌਮ ਬਿਊਰੋ)**-ਹੁਸ਼ਿਆਰਪੁਰ ਦੇ ਇੱਕ ਵਿਅਕਤੀ ਦੀ ਜਹਾਜ਼ ਵਿੱਚ ਮੌਤ ਹੋ ਗਈ ਹੈ। ਉਹ ਪਹਿਲੀ ਵਾਰ ਵਿਦੇਸ਼ ਜਾ ਰਿਹਾ ਸੀ। ਪਰਗਨ ਅਤੇ ਉਸਦੀ ਪਤਨੀ ਆਪਣੇ ਪੁੱਤਰ ਨੂੰ ਮਿਲਣ ਲਈ ਇਟਲੀ ਦੇ ਮਿਲਾਨ ਜਾ ਰਹੇ ਸਨ, ਜੋ ਕਿ 16 ਸਾਲਾਂ ਤੋਂ ਉੱਥੇ ਰਹਿ ਰਿਹਾ ਹੈ। ਪਰਗਨ ਸਿੰਘ ਨੇ ਦਿੱਲੀ ਹਵਾਈ ਅੱਡੇ ਤੋਂ ਫਲਾਈਟ ਲਈ ਸੀ। ਉਡਾਣ ਭਰਨ ਤੋਂ ਥੋੜ੍ਹੀ ਦੇਰ ਬਾਅਦ ਉਸਨੂੰ ਸਿਹਤ ਸਮੱਸਿਆਵਾਂ ਹੋਣ ਲੱਗੀਆਂ। ਉਸਨੂੰ ਬਹੁਤ ਜ਼ਿਆਦਾ ਪਸੀਨਾ ਆਉਣਾ ਸ਼ੁਰੂ ਹੋ ਗਿਆ ਅਤੇ ਉਸ ਦਾ ਸਰੀਰ ਢਿੱਲਾ ਪੈ ਗਿਆ ਅਤੇ ਆਪਣੀ ਸੀਟ ਤੋਂ ਹੇਠਾਂ ਡਿੱਗ ਗਿਆ। ਆਪਣੇ ਪਤੀ ਦੀ ਹਾਲਤ ਦੇਖ ਕੇ ਉਸਦੀ ਪਤਨੀ ਅਤੇ ਹੋਰ ਯਾਤਰੀਆਂ ਨੇ ਉਡਾਣ ਦੇ ਅਮਲੇ ਨੂੰ ਸੂਚਿਤ ਕੀਤਾ। ਜਹਾਜ਼ ਵਿੱਚ ਮੌਜੂਦ ਡਾਕਟਰਾਂ ਨੇ ਉਸਦੀ ਜਾਂਚ ਕੀਤੀ ਅਤੇ ਉਸਨੂੰ ਮ੍ਰਿਤਕ ਐਲਾਨ ਦਿੱਤਾ। ਇਸ ਦੌਰਾਨ ਇਟਲੀ ਦੇ ਹਵਾਈ ਅੱਡੇ 'ਤੇ ਉਸਦਾ ਪੁੱਤਰ ਫੁੱਲਾਂ ਦੇ ਗੁਲਦਸਤੇ ਅਤੇ ਕੇਕ ਨਾਲ ਉਸਦਾ ਸਵਾਗਤ ਕਰਨ ਲਈ ਉਡੀਕ ਕਰ ਰਿਹਾ ਸੀ ਪਰ ਉਸਨੂੰ ਆਪਣੇ ਪਿਤਾ ਦੀ ਮ੍ਰਿਤਕ ਦੇਹ ਮਿਲੀ। ਦਰਅਸਲ, ਪਰਗਨ ਸਿੰਘ (66) ਹੁਸ਼ਿਆਰਪੁਰ ਦੇ ਟਾਂਡਾ ਦੇ ਮੂਨਕ ਖੁਰਦ ਦੇ ਰਹਿਣ ਵਾਲੇ ਸਨ। ਉਹ ਆਪਣੀ ਪਤਨੀ ਨਾਲ ਦਿੱਲੀ ਤੋਂ ਮਿਲਾਨ ਲਈ ਫਲਾਈਟ ਵਿੱਚ ਸਵਾਰ ਹੋਏ ਸਨ। ਉਨ੍ਹਾਂ ਦੇ ਪੁੱਤਰ ਨੇ ਦੱਸਿਆ ਕਿ ਉਨ੍ਹਾਂ ਦੀ ਫਲਾਈਟ ਪਹਿਲਾਂ 15 ਤਰੀਕ ਦੀ ਸੀ। ਉਸ ਦਿਨ ਵੀ ਉਹ ਜਹਾਜ਼ ਵਿੱਚ ਚੜ੍ਹਦੇ ਹੀ ਬੇਹੋਸ਼ ਹੋ ਗਏ। ਜਾਂਚ ਤੋਂ ਬਾਅਦ ਡਾਕਟਰਾਂ ਨੇ ਇਸਨੂੰ ਘਬਰਾਹਟ ਦੱਸਿਆ ਅਤੇ ਫਿੱਟ-ਟੂ-ਫਲਾਈ ਦਾ ਸਰਟੀਫਿਕੇਟ ਦੇ ਕੇ ਅਗਲੇ ਦਿਨ ਜਾਣ ਦੀ ਸਲਾਹ ਦਿੱਤੀ ਗਈ। ਉਹ 16 ਫਰਵਰੀ ਨੂੰ ਫਿਰ ਤੋਂ ਫਲਾਈਟ ਲੈ ਲਈ ਦਿੱਲੀ ਪਹੁੰਚੇ ਸਨ।" 16 ਫਰਵਰੀ ਨੂੰ ਪਰਗਨ ਸਿੰਘ ਆਪਣੀ ਪਤਨੀ ਨਾਲ ਦੁਬਾਰਾ ਫਲਾਈਟ ਵਿੱਚ ਸਵਾਰ ਹੋਏ। ਦਿੱਲੀ ਤੋਂ ਉਡਾਣ ਭਰਨ ਤੋਂ ਕੁਝ ਮਿੰਟਾਂ ਬਾਅਦ ਉਨ੍ਹਾਂ ਨੂੰ ਬਹੁਤ ਜ਼ਿਆਦਾ ਪਸੀਨਾ ਆਉਣ ਲੱਗਾ। ਉਸਨੇ ਪਾਣੀ ਪੀਤਾ ਅਤੇ ਅਚਾਨਕ ਆਪਣੀ ਸੀਟ ਤੋਂ ਡਿੱਗ ਗਿਆ। ਜਹਾਜ਼ ਵਿੱਚ ਮੌਜੂਦ ਡਾਕਟਰਾਂ ਨੇ ਉਸਨੂੰ ਬਚਾਉਣ ਦੀ ਕੋਸ਼ਿਸ਼ ਕੀਤੀ ਪਰ ਉਸਦੀ ਦਿਲ ਦੀ ਧੜਕਣ ਬੰਦ ਹੋ ਗਈ ਸੀ। ਉਸਨੂੰ ਦਿਲ ਦਾ ਦੌਰਾ ਪੈਣ ਦੀ ਗੱਲ ਕਹੀ ਗਈ ਹੈ। ਪਰਗਨ ਦੀ ਮੌਤ ਦੀ ਖ਼ਬਰ ਮਿਲਦੇ ਹੀ ਪਰਿਵਾਰ ਅਤੇ ਪੂਰੇ ਪਿੰਡ ਵਿੱਚ ਸੋਗ ਦੀ ਲਹਿਰ ਦੌੜ ਗਈ। ਪਿੰਡ ਦੇ ਗੁਰਦੁਆਰਾ ਸਾਹਿਬ ਦੇ ਕਮੇਟੀ ਮੈਂਬਰਾਂ ਨੇ ਕਿਹਾ ਕਿ ਪਰਗਨ ਸਿੰਘ ਆਪਣੇ ਪੁੱਤਰ ਨੂੰ ਮਿਲਣ ਲਈ ਜਾਣ ਤੋਂ ਪਹਿਲਾਂ ਬਹੁਤ ਖੁਸ਼ ਸੀ। ਉਹ ਹਮੇਸ਼ਾ ਉਤਸ਼ਾਹਿਤ ਰਹਿੰਦਾ ਸੀ ਅਤੇ ਗੁਰਦੁਆਰਾ ਸਾਹਿਬ ਦੀਆਂ ਸੇਵਾਵਾਂ ਵਿੱਚ ਸਰਗਰਮੀ ਨਾਲ ਹਿੱਸਾ ਲੈਂਦਾ ਸੀ।



## ਅਮਰੀਕਾ ਦੇ ਗੁਰਦੁਆਰਾ ਸਾਹਿਬ 'ਚੋਂ ਸਿੱਖ ਵਿਅਕਤੀ ਅਗਵਾ, ਪੁਲਿਸ ਨੇ ਜਾਰੀ ਕੀਤੀ ਤਸਵੀਰ

**ਕੈਲੀਫੋਰਨੀਆ, 20 ਫਰਵਰੀ (ਆਵਾਜ਼ਿ ਕੌਮ ਬਿਊਰੋ)**-ਅਮਰੀਕਾ ਦੇ ਕੈਲੀਫੋਰਨੀਆ ਦੇ ਟਰੇਸੀ ਸਿਟੀ ਸਥਿਤ ਇੱਕ ਗੁਰਦੁਆਰਾ ਸਾਹਿਬ ਦੀ ਕੰਪਲੈਕਸ ਤੋਂ ਇੱਕ ਸਿੱਖ ਵਿਅਕਤੀ ਨੂੰ ਅਗਵਾ ਕਰਨ ਦਾ ਮਾਮਲਾ ਸਾਹਮਣੇ ਆਇਆ ਹੈ। ਅਵਤਾਰ ਸਿੰਘ ਨੂੰ ਉਸ ਸਮੇਂ ਅਗਵਾ ਕੀਤਾ ਗਿਆ ਜਦੋਂ ਉਹ ਗੁਰਦੁਆਰਾ ਸਾਹਿਬ ਦੀ ਕੰਪਲੈਕਸ ਦੇ ਅੰਦਰ ਸੀ। ਪੁਲਿਸ ਨੇ ਇਸ ਮਾਮਲੇ ਵਿੱਚ ਸੀਸੀਟੀਵੀ ਫੁਟੇਜ ਬਰਾਮਦ ਕੀਤੀ ਹੈ, ਜਿਸ ਵਿੱਚ ਤਿੰਨ ਅਣਪਛਾਤੇ ਵਿਅਕਤੀ ਅਤੇ ਇੱਕ ਚਿੱਟੀ ਐਸਯੂਵੀ ਦਿਖਾਈ ਦੇ ਰਹੀ ਹੈ। ਮਿਲੀ ਜਾਣਕਾਰੀ ਅਨੁਸਾਰ ਅਵਤਾਰ ਸਿੰਘ ਮੂਲ ਰੂਪ ਵਿੱਚ ਲੁਧਿਆਣਾ ਦਾ ਰਹਿਣ ਵਾਲਾ ਹੈ ਪਰ ਉਸਦਾ ਪਰਿਵਾਰ ਕਈ ਸਾਲਾਂ ਤੋਂ ਕੈਲੀਫੋਰਨੀਆ ਵਿੱਚ ਰਹਿ ਰਿਹਾ ਹੈ। ਅਵਤਾਰ ਸਿੰਘ ਦੀ ਉਮਰ 57 ਸਾਲ ਹੈ ਅਤੇ ਲੰਬੇ ਸਮੇਂ ਤੋਂ ਟਰੇਸੀ ਦੇ ਗੁਰਦੁਆਰਾ ਸਾਹਿਬ ਵਿੱਚ ਰਸੋਈਏ ਵਜੋਂ ਸੇਵਾ ਨਿਭਾ ਰਿਹਾ ਸੀ ਅਤੇ ਗੁਰਦੁਆਰਾ ਕੰਪਲੈਕਸ ਵਿੱਚ ਰਹਿੰਦਾ ਸੀ। ਪਰਿਵਾਰ ਨੇ ਸਥਾਨਕ ਪੁਲਿਸ, ਸੈਨ ਜੋਆਕੁਇਨ ਕਾਉਂਟੀ ਸ਼ੈਰਿਫ ਦੇ ਦਫਤਰ ਕੋਲ ਅਗਵਾ ਦੀ ਰਿਪੋਰਟ ਦਰਜ ਕਰਵਾਈ ਹੈ। ਪੁਲਿਸ ਨੇ ਜਾਂਚ ਸ਼ੁਰੂ ਕਰ ਦਿੱਤੀ ਹੈ। ਸਥਾਨਕ ਪੁਲਿਸ ਨੇ ਜਨਤਾ ਤੋਂ ਜਾਣਕਾਰੀ ਮੰਗਦੇ ਹੋਏ ਅਵਤਾਰ ਸਿੰਘ ਅਤੇ ਐਸਯੂਵੀ ਕਾਰ ਦੀ ਫੋਟੋ ਆਪਣੇ ਸੋਸ਼ਲ ਮੀਡੀਆ ਅਕਾਊਂਟਸ 'ਤੇ ਅਪਲੋਡ ਕੀਤੀ ਹੈ। ਪੁਲਿਸ ਦੇ ਅਨੁਸਾਰ 17 ਫਰਵਰੀ ਨੂੰ ਲਗਭਗ 8:52 ਵਜੇ ਉਨ੍ਹਾਂ ਨੂੰ ਇੱਕ ਵਿਅਕਤੀ ਦੇ ਲਾਪਤਾ ਹੋਣ ਦੀ ਰਿਪੋਰਟ ਮਿਲੀ ਹੈ। ਸਥਾਨਕ ਪੁਲਿਸ ਨੂੰ ਜੋ ਸੀਸੀਟੀਵੀ ਫੁਟੇਜ ਮਿਲੀ ਹੈ, ਉਸ 'ਚ ਦਿਖਾਈ ਦਿੰਦਾ ਹੈ ਕਿ ਤਿੰਨ ਅਣਪਛਾਤੇ ਵਿਅਕਤੀਆਂ ਨੇ ਅਵਤਾਰ ਸਿੰਘ ਨੂੰ ਜ਼ਬਰਦਸਤੀ ਕਾਰ ਵਿੱਚ ਬਿਠਾਇਆ ਅਤੇ ਫਿਰ ਭੱਜ ਗਏ। ਸਥਾਨਕ ਪੁਲਿਸ ਹੁਣ ਸੀਸੀਟੀਵੀ ਫੁਟੇਜ ਦੇ ਆਧਾਰ 'ਤੇ ਅਗਵਾਕਾਰਾਂ ਦੀ ਪਛਾਣ ਕਰਨ 'ਚ ਲੱਗੀ ਹੈ। ਸਥਾਨਕ ਪੁਲਿਸ ਦੇ ਅਨੁਸਾਰ ਅਵਤਾਰ ਸਿੰਘ ਦਾ ਅਜੇ ਤੱਕ ਕੋਈ ਪਤਾ ਨਹੀਂ ਲੱਗ ਸਕਿਆ। ਪੁਲਿਸ ਲਾਪਤਾ ਦੇ ਨਾਲ -ਨਾਲ ਅਗਵਾ ਹੋਣ ਦੇ ਐਂਗਲ ਤੋਂ ਵੀ ਜਾਂਚ ਕਰ ਰਹੀ ਹੈ।






**ਸਾਹਿਬ ਸਤਿਗੁਰੂ ਸ਼੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਮਹਾਰਾਜ ਦੀ 350 ਸਾਲਾ ਸ਼ਹੀਦੀ ਸ਼ਤਾਬਦੀ ਸਬੰਧੀ ਖਾਰਗਰ ਨਵੀਂ ਮੁੰਬਈ ਵਿਖੇ ਮਿਤੀ 28 ਫਰਵਰੀ ਅਤੇ 1 ਮਾਰਚ 2026 ਨੂੰ ਦੋ ਰੋਜ਼ਾ ਬਹੁਤ ਭਾਰੀ ਮਹਾਨ ਗੁਰਮਤਿ ਸਮਾਗਮ ਦਮਦਮੀ ਟਕਸਾਲ ਦੇ ਮੁਖੀ ਸੰਤ ਬਾਬਾ ਹਰਨਾਮ ਸਿੰਘ ਜੀ ਖਾਲਸਾ ਭਿੰਡਰਾਂਵਾਲੇ ਮੁਖੀ ਦਮਦਮੀ ਟਕਸਾਲ ਮਹਾਂਪੁਰਸ਼ਾ ਦੀ ਅਗੁਵਾਈ 'ਚ ਮਹਾਰਾਸ਼ਟਰ ਦੀ ਸਰਕਾਰ ਦੀ ਦੇਖ ਰੇਖ ਹੇਠ ਕੀਤਾ ਜਾ ਰਿਹਾ ਹੈ।**

**ਸੰਗਤਾਂ ਨੂੰ ਬੇਨਤੀ ਹੈ ਇਹਨਾਂ ਸਮਾਗਮਾਂ 'ਚ ਹਾਜਰੀਆਂ ਭਰੋ ਅਤੇ ਲਾਹੇ ਪ੍ਰਾਪਤ ਕਰੋ ਜੀ।**














**ਪੰਜਾਬੀ ਸਿੱਖੋ, ਪੰਜਾਬੀ ਪੜ੍ਹੋ, ਪੰਜਾਬੀ ਬੋਲੋ, ਮਾਂ ਬੋਲੀ ਪੰਜਾਬੀ ਅਤੇ ਆਪਣੇ ਪੰਜਾਬ ਨੂੰ ਪਿਆਰ ਕਰੋ**


## ਸਮੂਹ ਪੱਤਰਕਾਰ/ਲੇਖਕਾਂ ਦੇ ਧਿਆਨ ਹਿਤ

ਸਮੂਹ ਪੱਤਰਕਾਰਾਂ/ਲੇਖਕਾਂ ਨੂੰ ਅਪੀਲ ਹੈ ਕਿ ਉਹ ਆਪਣੀਆ ਖ਼ਬਰਾਂ, ਇਸ਼ਤਿਹਾਰ ਅਤੇ ਹੋਰ ਸਮੱਗਰੀ ਸ਼ੁੱਧ ਪੰਜਾਬੀ ਵਿੱਚ ਕੰਪੋਜ਼ ਕਰਕੇ ਭੇਜਣ। ਬਿਨਾਂ ਕੰਪੋਜ਼ ਕੀਤੀਆਂ ਗਈਆਂ ਖ਼ਬਰਾਂ, ਲੇਖ ਜਾਂ ਹੋਰ ਕਿਸੇ ਵੀ ਪ੍ਰਕਾਰ ਦੇ ਮੈਟਰ 'ਤੇ ਵਿਚਾਰ ਨਹੀਂ ਕੀਤਾ ਜਾਵੇਗਾ। -ਸੰਪਾਦਕ


Vehicle360
Professional Car Repairs & Servicing
West Bromwich
CAR SERVICES – ALL MAKES & MODELS
FREE VEHICLE HEALTH CHECK
Full & Interim Servicing
Diagnostics & Fault Finding
Clutches & Gearboxes
Timing Chains & Cambelts
DPF & Engine Repairs
Brakes, Suspension & Exhausts
Experienced mechanics
(7–10 years)
Honest advice & fair pricing
Quality / OEM parts used
CALL NOW: 0121 269 9586
12 Ridgacre Rd, West Bromwich, B71 1DB
Your local trusted garage
ਆਵਾਜ਼ਿ ਕੌਮ AWAZE QAUM
International Newspaper & WEB TV

## ਅੱਜ 21 ਫਰਵਰੀ 'ਤੇ ਵਿਸ਼ੇਸ਼

# ਸ੍ਰੀ ਨਨਕਾਣਾ ਸਾਹਿਬ ਦਾ ਸ਼ਹੀਦੀ ਸਾਕਾ



ਗੁਰਦੁਆਰਾ ਸ੍ਰੀ ਨਨਕਾਣਾ ਸਾਹਿਬ ਸਿੱਖਾਂ ਦਾ ਉਹ ਮੁਕੱਦਸ ਅਸਥਾਨ ਹੈ, ਜਿਥੇ ਪਹਿਲੇ ਪਾਤਸ਼ਾਹ ਸ੍ਰੀ ਗੁਰੂ ਨਾਨਕ ਦੇਵ ਜੀ ਦਾ ਪ੍ਰਕਾਸ਼ ਹੋਇਆ। ਗੁਰੂ ਸਾਹਿਬ ਜੀ ਦੇ ਆਗਮਨ ਸਮੇਂ ਇਹ ਨਗਰ ਰਾਏ ਭੋਇ ਦੀ ਤਲਵੰਡੀ ਕਰਕੇ ਜਾਣਿਆ ਜਾਂਦਾ ਸੀ। ਗੁਰੂ ਸਾਹਿਬ ਦੇ ਮੁਬਾਰਕ ਪ੍ਰਕਾਸ਼ ਤੋਂ ਬਾਅਦ ਇਸ ਦਾ ਨਾਮ ਸ੍ਰੀ ਨਨਕਾਣਾ ਸਾਹਿਬ ਕਰਕੇ ਮਸ਼ਹੂਰ ਹੋਇਆ। ਭਾਰਤ ਪਾਕਿਸਤਾਨ ਵੰਡ ਸਮੇਂ ਬੇਸ਼ੱਕ ਇਹ ਅਸਥਾਨ ਪਾਕਿਸਤਾਨ ਵਿਚ ਚਲਾ ਗਿਆ ਪਰ ਸਮੁੱਚੇ ਵਿਸ਼ਵ ਦੀਆਂ ਸੰਗਤਾਂ ਇਸ ਇਤਿਹਾਸਕ ਅਸਥਾਨ ਵਿਖੇ ਸ਼ਰਧਾ ਤੇ ਸਤਿਕਾਰ ਨਾਲ ਨਤਮਸਤਕ ਹੁੰਦੀਆਂ ਹਨ। ਗੁਰਦੁਆਰਾ ਸ੍ਰੀ ਨਨਕਾਣਾ ਸਾਹਿਬ ਸਿੱਖੀ ਦਾ ਮੂਲ ਇਤਿਹਾਸਿਕ ਅਸਥਾਨ ਹੈ।

ਸ੍ਰੀ ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਅਸਥਾਨ ਗੁਰਦੁਆਰਾ ਸ੍ਰੀ ਨਨਕਾਣਾ ਸਾਹਿਬ ਵਿਖੇ 21 ਫ਼ਰਵਰੀ 1921 ਨੂੰ ਵਾਪਰੇ ਸ਼ਹੀਦੀ ਸਾਕੇ ਨੂੰ 'ਸਾਕਾ ਨਨਕਾਣਾ ਸਾਹਿਬ' ਕਰਕੇ ਜਾਣਿਆ ਜਾਂਦਾ ਹੈ। ਇਸ ਸਾਕੇ ਸਮੇਂ ਵੱਡੀ ਗਿਣਤੀ ਵਿਚ ਸਿੱਖਾਂ ਦੀਆਂ ਸ਼ਹਾਦਤਾਂ ਹੋਈਆਂ। ਇਸ ਸਾਕੇ ਦੇ ਪਿਛੋਕੜ ਵਿਚ ਗੁਰਦੁਆਰਾ ਸ੍ਰੀ ਨਨਕਾਣਾ ਸਾਹਿਬ ਤੇ ਕਾਬਜ ਮਹੰਤ ਨਰੈਣੂ ਦੀਆਂ ਮਨ-ਮਾਨੀਆਂ ਅਤੇ ਅਯਾਸ਼ ਕਿਸਮ ਦੀਆਂ ਕਾਰਵਾਈਆਂ ਸਨ। ਗੁਰਦੁਆਰਾ ਸਾਹਿਬ ਨੂੰ ਇਸ ਅਯਾਸ਼ ਮਹੰਤ ਦੇ ਕਬਜ਼ੇ ਵਿਚੋਂ ਮੁਕਤ ਕਰਵਾਉਣ ਲਈ ਬੇਸ਼ੱਕ ਸਿੱਖਾਂ ਨੂੰ ਅਣਗਿਣਤ ਕੁਰਬਾਨੀਆਂ ਦੇਣੀਆਂ ਪਈਆਂ ਪਰੰਤੂ ਇਸ ਸਾਕੇ ਤੋਂ ਬਾਅਦ ਜਿਥੇ ਇਸ ਗੁਰਦੁਆਰਾ ਸਾਹਿਬ ਦਾ ਪ੍ਰਬੰਧ ਪੰਥਕ ਹੱਥਾਂ ਵਿਚ ਆਇਆ, ਉਥੇ ਹੀ ਸਮੁੱਚਾ ਪੰਥ ਕੌਮੀ ਸੰਗਠਨ ਨਾਲ ਗੁਰਦੁਆਰਾ ਸਾਹਿਬਾਨ ਦੀ ਆਜ਼ਾਦੀ ਲਈ ਉਠ ਖੜ੍ਹਾ ਹੋਇਆ।

ਪੰਜਾਬ ਉਤੇ ਅੰਗਰੇਜ਼ਾਂ ਦੇ ਕਾਬਜ਼ ਹੋਣ ਪਿਛੋਂ ਗੁਰਦੁਆਰਿਆਂ ਦੇ ਪ੍ਰਬੰਧ ਵਿਚ ਵਿਗਾੜ ਆਉਣੇ ਸ਼ੁਰੂ ਹੋ ਗਏ। ਅੰਗਰੇਜ਼ਾਂ ਦੁਆਰਾ ਗੁਰਦੁਆਰਿਆਂ ਦੇ ਪ੍ਰਬੰਧ ਵਿਚ ਸਿੱਧੀ ਦਖ਼ਲ-ਅੰਦਾਜ਼ੀ ਹੋਣ ਲੱਗੀ। ਪ੍ਰਬੰਧਕ ਮਨਮਾਨੀਆਂ ਅਤੇ ਗੁਰਮਤਿ ਵਿਰੋਧੀ ਕਾਰਵਾਈਆਂ ਕਰਨ ਲੱਗ ਪਏ। ਇਸ ਨਾਲ ਸਿੱਖਾਂ 'ਚ ਰੋਸ ਤੇ ਰੋਹ ਪੈਦਾ ਹੋ ਗਿਆ ਅਤੇ ਇਸੇ ਰੋਸ ਨੇ 'ਗੁਰਦੁਆਰਾ ਸੁਧਾਰ ਲਹਿਰ' ਨੂੰ ਜਨਮ ਦਿੱਤਾ। ਇਸ ਲਹਿਰ ਦੇ ਦੌਰਾਨ ਸਿੱਖਾਂ ਵਲੋਂ ਗੁਰਦੁਆਰਾ ਸ੍ਰੀ ਨਨਕਾਣਾ ਸਾਹਿਬ ਦੇ ਪ੍ਰਬੰਧ 'ਚ ਸੁਧਾਰ ਹਿਤ ਗੁਰਦੁਆਰਾ ਸਾਹਿਬ 'ਤੇ ਮਹੰਤਾਂ ਦੇ ਕਬਜੇ ਨੂੰ ਹਟਾਉਣ ਲਈ ਸ਼ਾਂਤਮਈ ਰੋਸ ਪ੍ਰਗਟ ਕਰਨ ਲਈ ਇਕੱਠੇ ਹੋਏ।

ਸ੍ਰੀ ਨਨਕਾਣਾ ਸਾਹਿਬ 'ਤੇ ਕਾਬਜ਼ ਮਹੰਤ ਨਰੈਣੂ ਗੁਰਮਤਿ ਵਿਰੋਧੀ ਕਾਰਵਾਈਆਂ ਕਾਰਨ ਬਹੁਤ ਬਦਨਾਮ ਹੋ ਚੁੱਕਾ ਸੀ। ਇਸ ਮਹੰਤ ਨੇ ਗੁਰਮਤਿ ਦੇ ਉਲਟ ਕੰਜਰੀਆਂ ਦਾ ਨਾਚ ਕਰਾਇਆ, ਜਿਸ ਦਾ ਸੰਗਤਾਂ ਨੇ ਬਹੁਤ ਬੁਰਾ ਮਨਾਇਆ। ਅਖ਼ਬਾਰਾਂ ਵਿਚ ਵੀ ਖ਼ਬਰਾਂ ਛਪੀਆਂ ਅਤੇ ਸਿੰਘ ਸਭਾਵਾਂ ਨੇ ਰੋਸ ਮਤੇ ਪਾਸ ਕੀਤੇ ਤੇ ਸਰਕਾਰ ਤੋਂ ਮਹੰਤ ਨੂੰ ਹਟਾਉਣ ਦੀ ਮੰਗ ਕੀਤੀ ਗਈ।

1918 ਈ: ਵਿਚ ਸਿੰਧ ਦਾ ਰਹਿਣਵਾਲਾ ਇਕ ਰਿਟਾਇਰ ਅਫ਼ਸਰ ਨਨਕਾਣਾ ਸਾਹਿਬ ਦੇ ਦਰਸ਼ਨਾਂ ਲਈ ਆਪਣੇ ਪਰਿਵਾਰ ਨਾਲ ਆਇਆ, ਮਹੰਤ ਨੇ ਉਸ ਦੇ ਪ੍ਰੀਵਾਰ ਨਾਲ ਦੁਰਵਿਵਹਾਰ ਕੀਤਾ। ਪੁਜਾਰੀਆਂ ਦੀਆਂ ਅਜਿਹੀਆਂ ਹਰਕਤਾਂ ਤੋਂ ਲੋਕ ਤੰਗ ਆ ਚੁੱਕੇ ਸਨ ਅਤੇ ਉਨ੍ਹਾਂ ਦੇ ਸਬਰ ਦਾ ਪਿਆਲਾ ਭਰ ਚੁੱਕਾ ਸੀ। ਅਕਤੂਬਰ 1920 ਈ. ਵਿਚ ਜ਼ਿਲ੍ਹਾ ਸ਼ੇਖੂਪੁਰਾ ਦੇ ਪਿੰਡ ਧਾਰੋਵਾਲੀ ਵਿਖੇ ਇਕ ਸਜੇ ਦੀਵਾਨ ਵਿਚ ਸੰਗਤਾਂ ਦੇ ਇਕੱਠ 'ਚ ਸ੍ਰੀ ਨਨਕਾਣਾ ਸਾਹਿਬ ਦੇ ਪ੍ਰਬੰਧ ਦੇ ਸੁਧਾਰ ਲਈ ਮਤਾ ਪਾਸ ਕੀਤਾ, ਜਿਸ ਦੀ ਜਾਣਕਾਰੀ ਮਹੰਤ ਨੂੰ ਵੀ ਪਹੁੰਚ ਗਈ ਸੀ। ਇਸ ਲਈ ਉਸ ਨੇ ਚਾਰ-ਪੰਜ ਸੌ ਭਾੜੇ ਦੇ ਆਦਮੀ ਆਪਣੀ ਰਾਖੀ ਲਈ ਸੱਦ ਲਏ।

1920 ਈ: ਨੂੰ ਕੱਤਕ ਦੀ ਪੂਰਨਮਾਸ਼ੀ ਦੇ ਮੇਲੇ 'ਤੇ ਮਹੰਤ ਨਰੈਣੂ ਨੇ ਚਾਰ-ਪੰਜ ਸੌ ਆਦਮੀਆਂ ਦਾ ਮੁਜ਼ਾਹਰਾ ਕੀਤਾ। ਸੰਗਤਾਂ ਵਿਚੋਂ ਜਿਸ ਉਤੇ ਵੀ ਅਕਾਲੀ ਹੋਣ ਦਾ ਸ਼ੱਕ ਪਿਆ, ਉਸਨੂੰ ਅੰਦਰ ਜਾਣ ਤੋਂ ਰੋਕ ਦਿੱਤਾ। ਇਸ ਪਿਛੋਂ 23 ਜਨਵਰੀ ਅਤੇ 6 ਫਰਵਰੀ 1921 ਈ: ਨੂੰ ਸ੍ਰੀ ਅਕਾਲ ਤਖ਼ਤ ਸਾਹਿਬ ਉਤੇ ਇਸ ਸਬੰਧੀ ਵਿਚਾਰਾਂ ਹੋਈਆਂ।

ਇਸ ਦੇ ਨਾਲ ਹੀ ਸ੍ਰੀ ਨਨਕਾਣਾ ਸਾਹਿਬ ਵਿਖੇ ਦੀਵਾਨ ਤੇ ਲੰਗਰ ਦੇ ਪ੍ਰਬੰਧ ਲਈ ਭਾਈ ਲਛਮਣ ਸਿੰਘ, ਸ. ਦਲੀਪ ਸਿੰਘ, ਸ. ਤੇਜਾ ਸਿੰਘ ਸਮੁੰਦਰੀ, ਸ. ਕਰਤਾਰ ਸਿੰਘ ਝੱਬਰ ਅਤੇ ਸ. ਬਖਸ਼ੀਸ਼ ਸਿੰਘ 'ਤੇ ਅਧਾਰਤ ਇਕ ਕਮੇਟੀ ਬਣਾ ਦਿੱਤੀ। ਇਨ੍ਹਾਂ ਤੋਂ ਇਲਾਵਾ ਹੋਰ ਪ੍ਰਮੁੱਖ ਸਿੱਖ ਵੀ ਸ੍ਰੀ ਨਨਕਾਣਾ ਸਾਹਿਬ ਦੇ ਪ੍ਰਬੰਧ ਸਬੰਧੀ ਸੰਗਤਾਂ ਨੂੰ ਜਾਗਰੂਕ ਕਰਦੇ ਰਹੇ। ਦੂਜੇ ਪਾਸੇ ਮਹੰਤ ਨਰਾਇਣ ਦਾਸ ਨੇ 7 ਫਰਵਰੀ ਨੂੰ ਆਪਣੇ ਹਮਾਇਤੀਆਂ ਦੀ ਇਕੱਤਰਤਾ ਬੁਲਾਈ।

ਸਿੱਖ ਸੰਗਤਾਂ ਨੇ ਮਹੰਤ ਦੀਆਂ ਘਟੀਆਂ ਕਾਰਵਾਈਆਂ ਨੂੰ ਰੋਕਣ ਲਈ 19 ਫਰਵਰੀ ਨੂੰ ਨਨਕਾਣਾ ਸਾਹਿਬ ਪਹੁੰਚਣ ਦਾ ਫੈਸਲਾ ਕੀਤਾ। ਸਿੱਖ ਸੰਗਤਾਂ ਦੇ ਮੁਖੀਆਂ ਨੇ ਅਕਾਲੀ ਅਖ਼ਬਾਰ ਦੇ ਦਫ਼ਤਰ ਵਿਚ ਫੈਸਲਾ ਕੀਤਾ ਕਿ ਕੋਈ ਪੱਕੀ ਤਰੀਕ ਨਿਸ਼ਚਿਤ ਕੀਤੇ ਬਿਨਾਂ ਕੋਈ ਜਥਾ ਨਨਕਾਣਾ ਸਾਹਿਬ ਨਾ ਜਾਵੇ। ਪਰ ਭਾਈ ਲਛਮਣ ਸਿੰਘ ਧਾਰੋਵਾਲੀ ਤੇ ਸ. ਕਰਤਾਰ ਸਿੰਘ ਝੱਬਰ ਆਪਣੇ-ਆਪਣੇ ਜਥੇ ਲੈ ਕੇ ਨਨਕਾਣਾ ਸਾਹਿਬ ਵੱਲ ਚੱਲ ਪਏ। ਦੋਹਾਂ ਜਥਿਆਂ ਨੂੰ ਰੋਕਣ ਦਾ ਯਤਨ ਕੀਤਾ। ਭਾਈ ਕਰਤਾਰ ਸਿੰਘ ਝੱਬਰ ਦਾ ਜਥਾ ਰੋਕ ਲਿਆ ਗਿਆ। ਪਰ ਭਾਈ ਲਛਮਣ ਸਿੰਘ ਦਾ ਜਥਾ ਨਾ ਰੁਕਿਆ ਅਤੇ ਇਹ ਜਥਾ ਨਨਕਾਣਾ ਸਾਹਿਬ ਪਹੁੰਚ ਗਿਆ।

ਮਹੰਤ ਨਰਾਇਣ ਦਾਸ ਨੇ ਸਿੰਘਾਂ 'ਤੇ ਹਮਲੇ ਦੀ ਪੂਰੀ ਤਿਆਰੀ ਕੀਤੀ ਹੋਈ ਸੀ। ਜਦੋਂ ਸਿੰਘਾਂ ਦਾ ਜਥਾ ਗੁਰਦੁਆਰਾ ਸਾਹਿਬ ਵਿਚ ਦਾਖ਼ਲ ਹੋਇਆ ਤਾਂ ਮਹੰਤ ਨੇ ਬਾਹਰਲੇ ਦਰਵਾਜ਼ੇ ਬੰਦ ਕਰਵਾ ਦਿੱਤੇ ਅਤੇ ਉਸ ਦੇ ਭਾੜੇ ਦੇ ਗੁੰਡਿਆਂ ਨੇ ਸਿੰਘਾਂ ਪੁਰ ਵਾਰ ਕਰਨੇ ਸ਼ੁਰੂ ਕਰ ਦਿੱਤੇ, ਛੱਤ ਦੇ ਉਪਰੋਂ ਗੋਲੀਆਂ ਚਲਾਈਆਂ ਗਈਆਂ। ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਤਾਬਿਆ ਬੈਠੇ ਸਿੰਘ ਨੂੰ ਅਤੇ ਸ੍ਰੀ ਗੁਰੂ ਗ੍ਰੰਥ ਸਾਹਿਬ ਦੀ ਬੀੜ ਵਿਚ ਕਈ ਗੋਲੀਆਂ ਲੱਗੀਆਂ। ਵੱਡੀ ਗਿਣਤੀ ਵਿੱਚ ਜ਼ਖਮੀ ਸਿੰਘਾਂ ਨੂੰ ਤੇਲ ਪਾ ਕੇ ਸਾੜਿਆ ਗਿਆ।

ਸ੍ਰੀ ਨਨਕਾਣਾ ਸਾਹਿਬ ਦੇ ਸਾਕੇ ਨੇ ਸਿੱਖ ਜਗਤ ਚ ਰੋਹ ਅਤੇ ਜੋਸ਼ ਪੈਦਾ ਕਰ ਦਿੱਤਾ ਸਿੱਖ ਸੰਗਤਾਂ ਨੇ ਸਮੂਹ ਗੁਰਦੁਆਰਾ ਸਾਹਿਬਾਂ ਨੂੰ ਪ੍ਰਬੰਧ ਹੇਠ ਲਿਆਉਣ ਲਈ ਕਮਰ ਕੱਸੇ ਕਰ ਲਏ ਇਸ ਲਹਿਰ ਨੇ ਗੁਰਦੁਆਰਾ ਪ੍ਰਬੰਧਾਂ ਵਿੱਚ ਗੁਰਮਤ ਮਰਿਆਦਾ ਦੀ ਇਕਸੁਰਤਾ ਦਾ ਮੁੱਢ ਬੰਨਿਆ।

**-ਗੁਰਪ੍ਰੀਤ ਸਿੰਘ ਬੇਦੀ,**
**ਫਰੀਦਕੋਟ**

## ਐਚਐਮਈਐਲ ਦੀ ਮੋਬਾਈਲ ਮੈਡੀਕਲ ਯੂਨਿਟ ਰਾਹੀਂ ਪਿੰਡਾਂ ਵਿੱਚ

# ਘਰ-ਦਰਵਾਜ਼ੇ 'ਤੇ ਐਮਸ ਦਾ ਡਿਜ਼ਿਟਲ ਰਜਿਸਟ੍ਰੇਸ਼ਨ, 10 ਪਿੰਡਾਂ ਵਿੱਚ 952 ਮਰੀਜ਼ਾਂ ਦੀ ਜਾਂਚ

**ਤਲਵੰਡੀ ਸਾਬੋ, 20 ਫਰਵਰੀ ਗੁਰਜੰਟ ਸਿੰਘ ਨਥੇਹਾ)**- ਪਿੰਡਾਂ ਵਿੱਚ ਸਿਹਤ ਸੇਵਾਵਾਂ ਨੂੰ ਲੋਕਾਂ ਦੇ ਘਰ-ਦਰਵਾਜ਼ੇ ਤੱਕ ਪਹੁੰਚਾਉਣ ਦੇ ਉਦੇਸ਼ ਨਾਲ ਐਚਐਮਈਐਲ ਅਤੇ ਏਮਜ਼ ਬਠਿੰਡਾ ਵੱਲੋਂ ਸਾਂਝੇ ਤੌਰ 'ਤੇ ਸ਼ੁਰੂ ਕੀਤੀਆਂ ਮੋਬਾਈਲ ਮੈਡੀਕਲ ਯੂਨਿਟਾਂ ਪਿੰਡਾਂ ਵਿੱਚ ਸਿਹਤ ਸੇਵਾਵਾਂ ਨੂੰ ਨਵੀਂ ਦਿਸ਼ਾ ਦੇ ਰਹੀਆਂ ਹਨ। ਐਮਸ ਦੀ ਮੋਬਾਈਲ ਟੀਮ ਪਿੰਡ-ਪਿੰਡ ਜਾ ਕੇ ਮਰੀਜ਼ਾਂ ਦਾ ਡਿਜ਼ਿਟਲ ਰਜਿਸਟ੍ਰੇਸ਼ਨ ਕਰ ਰਹੀ ਹੈ ਅਤੇ ਮੌਕੇ 'ਤੇ ਹੀ ਇਲਾਜ ਮੁਹੱਈਆ ਕਰਵਾ ਰਹੀ ਹੈ। ਇਸ ਪ੍ਰਕਿਰਿਆ ਰਾਹੀਂ ਹਰ ਮਰੀਜ਼ ਦਾ ਡਿਜ਼ਿਟਲ ਹੈਲਥ ਕਾਰਡ ਤਿਆਰ ਕੀਤਾ ਜਾ ਰਿਹਾ ਹੈ, ਜਿਸ ਨਾਲ ਉਸ ਦਾ ਮੈਡੀਕਲ ਰਿਕਾਰਡ ਆਨਲਾਈਨ ਅੱਪਡੇਟ ਰਹੇਗਾ। ਇਸ ਡਿਜ਼ਿਟਲ ਕਾਰਡ ਦੀ ਮਦਦ ਨਾਲ ਭਵਿੱਖ ਵਿੱਚ ਜਦੋਂ ਮਰੀਜ਼ ਐਮਸ ਵਿੱਚ ਇਲਾਜ ਲਈ ਜਾਵੇਗਾ ਤਾਂ ਉਸ ਨੂੰ ਲੰਬੀਆਂ ਕਤਾਰਾਂ ਵਿੱਚ ਖੜ੍ਹਾ ਨਹੀਂ ਹੋਣਾ ਪਵੇਗਾ। ਗੰਭੀਰ ਮਰੀਜ਼ਾਂ ਨੂੰ ਪਿੰਡ ਤੋਂ ਹੀ ਇਸ ਕਾਰਡ ਰਾਹੀਂ ਐਮਸ ਲਈ ਰੈਫਰ ਕੀਤਾ ਜਾ ਸਕੇਗਾ, ਜਿਸ ਨਾਲ ਉਹ ਸਿੱਧੇ ਵਿਸ਼ੇਸ਼ਗਿਆਨਾਂ ਤੋਂ ਸਲਾਹ ਲੈ ਸਕਣਗੇ। ਡਿਜ਼ਿਟਲ ਹੈਲਥ ਕਾਰਡ ਧਾਰਕ ਮਰੀਜ਼ਾਂ ਲਈ ਐਮਸ ਵਿੱਚ ਖ਼ਾਸ ਗਾਈਡੈਂਸ ਸੁਵਿਧਾ ਵੀ ਉਪਲਬਧ ਕਰਵਾਈ ਜਾਵੇਗੀ। ਇਹ ਪਹਿਲ ਗੁਰੂ ਗੋਬਿੰਦ ਸਿੰਘ ਰਿਫਾਈਨਰੀ ਫੁੱਲੋ ਖਾਰੀ ਦੇ ਆਲੇ-ਦੁਆਲੇ ਸਥਿਤ 59 ਪਿੰਡਾਂ ਵਿੱਚ ਚਰਣਬੱਧ ਢੰਗ ਨਾਲ ਸਿਹਤ ਸਹੂਲਤਾਂ ਉਨ੍ਹਾਂ ਦੇ ਘਰ-ਦਰਵਾਜ਼ੇ 'ਤੇ ਪ੍ਰਦਾਨ ਕਰਨ ਲਈ ਸ਼ੁਰੂ ਕੀਤੀ ਗਈ ਹੈ, ਤਾਂ ਜੋ ਪਿੰਡ ਵਾਸੀਆਂ ਨੂੰ ਆਪਣੇ ਪਿੰਡ ਵਿੱਚ ਹੀ ਗੁਣਵੱਤਾਪੂਰਨ ਅਤੇ ਮੁਫ਼ਤ ਇਲਾਜ ਮਿਲ ਸਕੇ। ਪਿਛਲੇ ਹਫ਼ਤੇ ਮੋਬਾਈਲ ਮੈਡੀਕਲ ਯੂਨਿਟਾਂ ਨੇ 10 ਪਿੰਡਾਂ ਵਿੱਚ ਕੈਂਪ ਲਗਾਏ, ਜਿੱਥੇ ਕੁੱਲ 952 ਮਰੀਜ਼ਾਂ ਦਾ ਡਿਜ਼ਿਟਲ ਰਜਿਸਟ੍ਰੇਸ਼ਨ ਕਰਕੇ ਉਨ੍ਹਾਂ ਦੀ ਮੁਫ਼ਤ ਜਾਂਚ, ਸਲਾਹ ਅਤੇ ਦਵਾਈਆਂ ਦੇ ਨਾਲ ਇਲਾਜ ਕੀਤਾ ਗਿਆ। ਮਾਹਰ ਡਾਕਟਰ ਪਿੰਡਾਂ ਵਿੱਚ ਪਹੁੰਚ ਕੇ ਮੌਕੇ 'ਤੇ ਹੀ ਲੋੜੀਂਦੇ ਟੈਸਟ ਕਰਦੇ ਹਨ ਅਤੇ ਮੁਫ਼ਤ ਦਵਾਈਆਂ ਪ੍ਰਦਾਨ ਕਰਦੇ ਹਨ। ਇਸ ਅਭਿਆਨ ਦੀ ਸ਼ੁਰੂਆਤ ਪਿੰਡ ਰਾਮਸਰਾਂ ਤੋਂ ਕੀਤੀ ਗਈ, ਜਿੱਥੇ ਐਗਜ਼ਿਕਊਟਿਵ ਡਾਇਰੈਕਟਰ ਡਾ. ਰਤਨ ਗੁਪਤਾ ਅਤੇ ਮੈਡੀਕਲ ਸੁਪਰਿੰਟੈਂਡੈਂਟ ਡਾ. ਰਾਜੀਵ ਗੁਪਤਾ ਨੇ ਖੁਦ ਮਰੀਜ਼ਾਂ ਦੀ ਜਾਂਚ ਕਰਕੇ ਮੁਹਿੰਮ ਦੀ ਸ਼ੁਰੂਆਤ ਕੀਤੀ। ਰਾਮਸਰਾ ਵਿੱਚ 103, ਤਰਖਾਣਵਾਲਾ ਵਿੱਚ 62, ਫੁੱਲੋਖਾਰੀ ਵਿੱਚ 41 ਅਤੇ ਗਿਆਨਾ ਵਿੱਚ 129 ਮਰੀਜ਼ਾਂ ਨੇ ਸੇਵਾਵਾਂ ਲਈਆਂ। ਮਲਕਾਣਾ ਵਿੱਚ 144 ਅਤੇ ਗਟਵਾਲੀ ਵਿੱਚ 98 ਮਰੀਜ਼ਾਂ ਦਾ ਇਲਾਜ ਕੀਤਾ ਗਿਆ। ਇਸ ਤੋਂ ਇਲਾਵਾ ਸੇਖੂ ਵਿੱਚ 138, ਗੁਰਥੜੀ ਵਿੱਚ 63, ਕਣਕਵਾਲ ਵਿੱਚ 72 ਅਤੇ ਕਮਾਲੂ ਵਿੱਚ 102 ਮਰੀਜ਼ਾਂ ਨੂੰ ਮੁਫ਼ਤ ਸਿਹਤ ਸੇਵਾਵਾਂ ਦਿੱਤੀਆਂ ਗਈਆਂ। ਹਰ ਮੋਬਾਈਲ ਕੈਂਪ ਵਿੱਚ ਐਮਸ ਦੇ ਡਾਕਟਰਾਂ ਅਤੇ ਪੈਰਾਮੈਡੀਕਲ ਸਟਾਫ ਵੱਲੋਂ ਆਮ ਸਿਹਤ ਜਾਂਚ, ਬਲੱਡ ਪ੍ਰੈਸ਼ਰ, ਬਲੱਡ ਸ਼ੂਗਰ, ਹੀਮੋਗਲੋਬਿਨ ਆਦਿ ਟੈਸਟ ਕੀਤੇ ਗਏ ਅਤੇ ਡਾਕਟਰੀ ਸਲਾਹ ਅਨੁਸਾਰ ਮੁਫ਼ਤ ਦਵਾਈਆਂ ਵੰਡੀਆਂ ਗਈਆਂ। ਮਹਿਲਾਵਾਂ, ਬਜ਼ੁਰਗਾਂ ਅਤੇ ਬੱਚਿਆਂ ਦੀ ਸਿਹਤ 'ਤੇ ਵਿਸ਼ੇਸ਼ ਧਿਆਨ ਦਿੱਤਾ ਗਿਆ। ਪਹਿਲਾਂ ਪਿੰਡ ਵਾਸੀਆਂ ਨੂੰ ਏਮਜ਼ ਵਿੱਚ ਇਲਾਜ ਲਈ ਹਸਪਤਾਲ ਜਾਣਾ ਪੈਂਦਾ ਸੀ, ਪਰ ਹੁਣ ਇਹ ਸਹੂਲਤ ਉਨ੍ਹਾਂ ਨੂੰ ਆਪਣੇ ਪਿੰਡ ਵਿੱਚ ਹੀ ਉਪਲਬਧ ਹੈ। ਗ੍ਰਾਮ ਪੰਚਾਇਤਾਂ ਨੇ ਇਸ ਸਹੂਲਤ 'ਤੇ ਸੰਤੁਸ਼ਟੀ ਜਤਾਉਂਦੇ ਹੋਏ ਐਚਐਮਈਐਲ ਅਤੇ ਏਮਜ਼ ਪ੍ਰਬੰਧਨ ਦਾ ਧੰਨਵਾਦ ਕੀਤਾ। ਰਾਮਸਰਾਂ ਪਿੰਡ ਦੇ ਸਰਪੰਚ ਸਰਦੂਲ ਸਿੰਘ ਨੇ ਕਿਹਾ ਕਿ ਇਹ ਸਹੂਲਤ ਪਿੰਡ ਵਾਸੀਆਂ ਲਈ ਬਹੁਤ ਲਾਭਦਾਇਕ ਸਾਬਤ ਹੋ ਰਹੀ ਹੈ, ਕਿਉਂਕਿ ਪਹਿਲਾਂ ਉਨ੍ਹਾਂ ਨੂੰ ਪੀਐਚਸੀ ਜਾਂ ਸੀਐਚਸੀ ਜਾਣਾ ਪੈਂਦਾ ਸੀ, ਜੋ ਹਰ ਕਿਸੇ ਲਈ ਸੰਭਵ ਨਹੀਂ ਸੀ। ਹੁਣ ਮੋਬਾਈਲ ਮੈਡੀਕਲ ਯੂਨਿਟਾਂ ਰਾਹੀਂ ਪਿੰਡ ਵਿੱਚ ਹੀ ਐਮਸ ਦੀ ਟੀਮ ਸਿਹਤ ਜਾਂਚ ਅਤੇ ਇਲਾਜ ਦੀ ਸਹੂਲਤ ਪ੍ਰਦਾਨ ਕਰ ਰਹੀ ਹੈ, ਜੋ ਐਚਐਮਈਐਲ ਦੀ ਇੱਕ ਸ਼ਲਾਘਾਯੋਗ ਪਹਿਲ ਹੈ।

**ਡਿਜ਼ਿਟਲ ਕਾਰਡ ਨਾਲ ਹਰ ਮਰੀਜ਼ ਦਾ ਸਿਹਤ ਡਾਟਾ ਹੋਵੇਗਾ ਆਨਲਾਈਨ, ਇਲਾਜ ਵਿੱਚ ਮਿਲੇਗੀ ਸੁਵਿਧਾ**





ਭਾਈ ਹਰਦੀਪ ਸਿੰਘ ਨਿੱਝਰ ਦੇ ਕਤਲ ਦੇ ਮੁਕੱਦਮੇ ਵਿੱਚੋਂ

# 'ਸੰਵੇਦਨਸ਼ੀਲ' ਜਾਣਕਾਰੀ ਨੂੰ ਰੋਕਣ ਲਈ ਕੈਨੇਡਾ ਨਿਆਂ ਵਿਭਾਗ ਹੋਇਆ ਸਰਗਰਮ



**ਨਵੀਂ ਦਿੱਲੀ, 20 ਫਰਵਰੀ (ਮਨਪ੍ਰੀਤ ਸਿੰਘ ਖਾਲਸਾ)**:- ਕੈਨੇਡਾ ਦਾ ਨਿਆਂ ਵਿਭਾਗ 2023 ਵਿੱਚ ਇੱਕ ਬੀਸੀ ਸਿੱਖ ਨੇਤਾ ਸ਼ਹੀਦ ਭਾਈ ਹਰਦੀਪ ਸਿੰਘ ਨਿੱਝਰ ਨੂੰ ਗੋਲੀ ਮਾਰਨ ਦੇ ਦੋਸ਼ੀ ਚਾਰ ਭਾਰਤੀ ਵਿਅਕਤੀਆਂ ਦੇ ਕਤਲ ਦੇ ਮੁਕੱਦਮੇ ਵਿੱਚ "ਸੰਵੇਦਨਸ਼ੀਲ" ਰਾਸ਼ਟਰੀ ਸੁਰੱਖਿਆ ਜਾਣਕਾਰੀ ਨੂੰ ਸਾਹਮਣੇ ਆਉਣ ਤੋਂ ਰੋਕਣ ਲਈ ਲੜ ਰਿਹਾ ਹੈ। ਕੈਨੇਡੀਅਨ ਫੈਡਰਲ ਕੋਰਟ ਨੂੰ ਦਿੱਤੀ ਗਈ ਇੱਕ ਅਰਜ਼ੀ ਵਿੱਚ, ਕੈਨੇਡਾ ਦੇ ਅਟਾਰਨੀ ਜਨਰਲ ਦੀ ਨੁਮਾਇੰਦਗੀ ਕਰਨ ਵਾਲੇ ਵਕੀਲਾਂ ਨੇ ਹਰਦੀਪ ਸਿੰਘ ਨਿੱਝਰ ਦੇ ਕਥਿਤ ਕਾਤਲਾਂ ਦੇ ਮੁਕੱਦਮੇ ਵਿੱਚ ਕੁਝ ਸਬੂਤਾਂ ਨੂੰ ਰੋਕਣ ਦੀ ਇਜਾਜ਼ਤ ਮੰਗੀ। ਕੈਨੇਡਾ ਦੇ ਇਕ ਮੀਡੀਆ ਨੂੰ ਜਾਰੀ ਕੀਤੇ ਗਏ ਅਦਾਲਤੀ ਦਸਤਾਵੇਜ਼ਾਂ ਵਿੱਚ ਇਹ ਨਹੀਂ ਦੱਸਿਆ ਗਿਆ ਹੈ ਕਿ ਉਹ ਕਿਹੜੇ ਵੇਰਵਿਆਂ ਨੂੰ ਗੁਪਤ ਰੱਖਣਾ ਚਾਹੁੰਦੇ ਹਨ, ਪਰ ਉਨ੍ਹਾਂ ਨੇ ਦਲੀਲ ਦਿੱਤੀ ਕਿ ਉਨ੍ਹਾਂ ਨੂੰ ਜਾਰੀ ਕਰਨਾ ਅੰਤਰਰਾਸ਼ਟਰੀ ਸਬੰਧਾਂ ਅਤੇ ਰਾਸ਼ਟਰੀ ਸੁਰੱਖਿਆ ਲਈ ਨੁਕਸਾਨਦੇਹ ਹੋਵੇਗਾ। ਜਿਕਰਯੋਗ ਹੈ ਕਿ ਭਾਈ ਨਿੱਝਰ ਦੇ ਸ਼ੱਕੀ ਕਾਤਲਾਂ ਵਿਰੁੱਧ ਕੇਸ 'ਤੇ ਨੇੜਿਓਂ ਨਜ਼ਰ ਰੱਖੀ ਜਾ ਰਹੀ ਹੈ ਕਿਉਂਕਿ ਦੋਸ਼ ਹਨ ਕਿ ਭਾਰਤ ਸਰਕਾਰ ਨੇ ਵਿਦੇਸ਼ਾਂ ਵਿੱਚ ਆਪਣੇ ਰਾਜਨੀਤਿਕ ਵਿਰੋਧੀਆਂ ਨੂੰ ਚੁੱਪ ਕਰਾਉਣ ਦੀ ਮੁਹਿੰਮ ਦੇ ਹਿੱਸੇ ਵਜੋਂ ਕਤਲ ਦਾ ਹੁਕਮ ਦਿੱਤਾ ਸੀ। ਇਨ੍ਹਾਂ ਦਾਅਵਿਆਂ ਨੂੰ ਪਹਿਲੀ ਵਾਰ ਸਤੰਬਰ 2023 ਵਿੱਚ ਤਤਕਾਲੀ ਪ੍ਰਧਾਨ ਮੰਤਰੀ ਜਸਟਿਨ ਟਰੂਡੋ ਦੁਆਰਾ ਜਨਤਕ ਕੀਤਾ ਗਿਆ ਸੀ, ਜਿਸ ਨਾਲ ਕੈਨੇਡਾ ਅਤੇ ਭਾਰਤ ਵਿਚਕਾਰ ਕੂਟਨੀਤਕ ਦਰਾਰ ਪੈਦਾ ਹੋ ਗਈ ਸੀ। ਬਾਅਦ ਵਿੱਚ ਓਟਾਵਾ ਨੇ ਭਾਰਤੀ ਡਿਪਲੋਮੈਟਾਂ ਅਤੇ ਕੌਂਸਲਰ ਅਧਿਕਾਰੀਆਂ ਨੂੰ ਦੇਸ਼ ਵਿੱਚੋਂ ਕੱਢ ਦਿੱਤਾ ਸੀ ਜਦਕਿ ਅਹੁਦਾ ਸੰਭਾਲਣ ਤੋਂ ਬਾਅਦ, ਪ੍ਰਧਾਨ ਮੰਤਰੀ ਮਾਰਕ ਕਾਰਨੀ ਨੇ ਭਾਰਤ ਨਾਲ ਦੁਬਾਰਾ ਗੱਲਬਾਤ ਕੀਤੀ ਹੈ ਅਤੇ ਵਪਾਰਕ ਸਬੰਧਾਂ ਨੂੰ ਵਧਾਉਣ ਦੀ ਕੋਸ਼ਿਸ਼ ਕੀਤੀ ਹੈ। ਗੁਰਦੁਆਰਾ ਸਾਹਿਬ ਦੇ ਸਕੱਤਰ ਭਾਈ ਗੁਰਮੀਤ ਸਿੰਘ ਤੂਰ ਅਤੇ ਮੈਂਬਰ ਭਾਈ ਨਰਿੰਦਰ ਸਿੰਘ ਰੰਧਾਵਾ ਨੇ ਇਸਨੂੰ ਵਿਸ਼ਵਾਸਘਾਤ ਕਿਹਾ ਹੈ, ਕਿਉਂਕਿ ਭਾਰਤ ਵੱਲੋਂ ਉਨ੍ਹਾਂ ਨੂੰ ਕਥਿਤ ਤੌਰ 'ਤੇ ਨਿਸ਼ਾਨਾ ਬਣਾਇਆ ਜਾ ਰਿਹਾ ਹੈ। ਉਨ੍ਹਾਂ ਕਿਹਾ ਕਿ ਕਤਲ ਵਿੱਚ ਭਾਰਤ ਦੀ ਕਥਿਤ ਭੂਮਿਕਾ ਸੰਬੰਧੀ ਸਬੂਤਾਂ ਨੂੰ ਰੋਕਣਾ "ਨਿਆਂ ਤੋਂ ਇਨਕਾਰ ਕਰਨ ਦੇ ਬਰਾਬਰ ਹੋਵੇਗਾ," ਖਾਸ ਕਰਕੇ ਕਿਉਂਕਿ ਨਵੀਂ ਦਿੱਲੀ ਇਸ ਵਿੱਚ ਸ਼ਾਮਲ ਹੋਣ ਤੋਂ ਇਨਕਾਰ ਕਰਦੀ ਰਹਿੰਦੀ ਹੈ। ਕੈਨੇਡੀਅਨ ਅਧਿਕਾਰੀਆਂ ਵੱਲੋਂ ਸਬੂਤਾਂ ਨੂੰ ਛੁਪਾਉਣ ਜਾਂ ਸੋਧਣ ਦੀ ਕੋਈ ਵੀ ਕੋਸ਼ਿਸ਼ ਭਾਰਤ ਦੀ ਸਥਿਤੀ ਨੂੰ ਸਹੀ ਸਾਬਤ ਕਰਨ ਅਤੇ ਡਰਾਉਣ-ਧਮਕਾਉਣ ਅਤੇ ਹਿੰਸਾ ਦੀਆਂ ਹੋਰ ਕਾਰਵਾਈਆਂ ਨੂੰ ਉਤਸ਼ਾਹਿਤ ਕਰਨ ਲਈ ਕੰਮ ਕਰੇਗੀ।" ਨਿਆਂ ਨਾਲ ਸਮਝੌਤਾ ਨਹੀਂ ਕੀਤਾ ਜਾ ਸਕਦਾ ਅਤੇ ਅੰਤਰਰਾਸ਼ਟਰੀ ਸਬੰਧਾਂ ਜਾਂ ਕੂਟਨੀਤੀ ਦੇ ਨਾਮ 'ਤੇ ਇਸਨੂੰ ਦਬਾਇਆ ਨਹੀਂ ਜਾ ਸਕਦਾ। ਇਕ ਪਾਸੇ ਸੰਘੀ ਵਕੀਲਾਂ ਲਈ ਇਹ ਅਸਾਧਾਰਨ ਨਹੀਂ ਹੈ ਕਿ ਉਹ ਜੱਜ ਨੂੰ ਮੁਕੱਦਮਿਆਂ ਵਿੱਚ ਰਾਸ਼ਟਰੀ ਸੁਰੱਖਿਆ ਜਾਣਕਾਰੀ ਦਾ ਖੁਲਾਸਾ ਕਰਨ ਤੋਂ ਗੁਰੇਜ਼ ਕਰਨ ਦੀ ਇਜਾਜ਼ਤ ਦੇਣ ਲਈ ਕਹਿਣ। ਅਕਸਰ, ਇਹ ਉਦੋਂ ਹੁੰਦਾ ਹੈ ਜਦੋਂ ਸਵਾਲ ਵਿੱਚ ਜਾਣਕਾਰੀ ਕਿਸੇ ਵਿਦੇਸ਼ੀ ਏਜੰਸੀ ਦੁਆਰਾ ਪ੍ਰਦਾਨ ਕੀਤੀ ਜਾਂਦੀ ਸੀ।

**ਨਿਆਂ ਨਾਲ ਸਮਝੌਤਾ ਨਹੀਂ ਕੀਤਾ ਜਾ ਸਕਦਾ ਅਤੇ ਅੰਤਰਰਾਸ਼ਟਰੀ ਸਬੰਧਾਂ ਜਾਂ ਕੂਟਨੀਤੀ ਦੇ ਨਾਮ 'ਤੇ ਇਸਨੂੰ ਦਬਾਇਆ ਨਹੀਂ ਜਾ ਸਕਦਾ: ਭਾਈ ਰੰਧਾਵਾ, ਭਾਈ ਤੂਰ**

ਆਵਾਜ਼ਿ ਕੌਮ AWAZE QAUM International Newspaper & WEB TV

ਪੜ੍ਹੇ-ਲਿਖੇ ਯੁੱਗ ਅੰਦਰ ਕਰਮਕਾਂਡ ਅੰਧਵਿਸ਼ਵਾਸੀ ਲੋਕਾਂ ਦੀ

# ਮਾਨਸਿਕਤਾ ਅੱਜ ਵੀ ਗੁਲਾਮ : ਵਿਰਦੀ ਮੱਲ੍ਹੀ

**ਜੰਡਿਆਲਾ ਗੁਰੂ 20 ਫਰਵਰੀ ( ਕੁਲਵੰਤ ਸਿੰਘ ਵਿਰਦੀ )**-ਬਦਲ ਗਈ ਰਫਤਾਰ ਜਮਾਨਾ ਬਦਲ, ਗਿਆ ਗੁਰਦਾਸ ਮਾਨ ਵੱਲੋਂ ਬੋਲੇ ਇਸ ਗਾਣੇ ਉਪਰ ਉਸ ਵੇਲੇ ਪੋਚਾ ਫਿਰਿਆ ਵੇਖਣ ਨੂੰ ਮਿਲਿਆ ਜਦੋ ਕਿ ਪੱਤਰਕਾਰ ਕੁਲਵੰਤ ਸਿੰਘ ਵਿਰਦੀ, ਅਤੇ ਪੱਤਰਕਾਰ ਗੁਰਦੇਵ ਸਿੰਘ ਮੱਲ੍ਹੀ, ਆਪਣੇ ਨਿੱਜੀ ਕੰਮ ਵਾਸਤੇ ਪਾਵਨ ਧਰਤੀ ਸ੍ਰੀ ਤਰਨ ਤਾਰਨ ਸਾਹਿਬ ਨੂੰ ਜਾ ਰਹੇਂ ਸਨ ਤਾਂ ਉਸ ਵੇਲੇ ਬੜੀ ਹੀ ਹੈਰਾਨੀ ਵਾਲੀ ਗੱਲ ਵੇਖਣ ਨੂੰ ਮਿਲੀ ਜਦੋਂ ਕਿ, ਸ੍ਰੀ ਤਰਨ ਤਰਨ ਸਾਹਿਬ ਤੋਂ ਜੰਡਿਆਲਾ ਗੁਰੂ ਬਾਈ ਪਾਸ ਚੌਕ ਵਿਚਕਾਰ ਕਿਸੇ ਅੰਧਵਿਸ਼ਵਾਸੀ ਵੱਲੋਂ ਕੀਤਾ ਹੋਇਆ ਟੂਣਾ ਵੇਖਣ ਨੂੰ ਮਿਲਿਆ,, ਜਿਸ ਟੂਣੇ ਵਿੱਚ ਕਾਲੇ ਰੰਗ ਦਾ ਕੱਪੜਾ, ਕੁਝ ਸੰਦੂਰ, ਖਿਲਰਿਆ ਹੋਇਆ ਝਾੜੂ ਅਤੇ ਇੱਕ ਮਿਟੀ ਦਾ ਕੁੱਜਾ ਜੋ ਕਿ ਗੱਡੀਆਂ ਦੀ ਭੇਟ ਚੜ੍ਹਨ ਕਾਰਨ ਚਕਣਾ ਚੂਰ ਹੋ ਚੁੱਕਾ ਸੀ।, ਇਹ ਸਭ ਚੀਜ਼ਾਂ ਚੌਂਕ ਦੇ ਐਨ ਵਿਚਕਾਰ ਵੇਖਣ ਨੂੰ ਮਿਲੀਆਂ, ਅਤੇ ਆਮ ਰਾਹਗੀਰ ਲੋਕ ਬੜੇ ਹੈਰਾਨ ਹੋ ਕੇ ਇਸ ਟੂਣੇ ਨੂੰ ਵੇਖ ਰਹੇ ਸਨ ਅਤੇ ਹੈਰਾਨੀ ਦੀ ਗੱਲ ਕਿ ਮੇਨ ਰੋਡ ਅਤੇ ਭਰੇ ਚੌਂਕ ਵਿੱਚ ਇਹ ਟੂਣਾ ਕਿਸ ਦੁਸ਼ਟ ਵੱਲੋਂ ਆਪਣੀ ਮਾਨਸਿਕਤਾ ਦਾ ਪ੍ਰਦਰਸ਼ਨ ਕੀਤਾ ਗਿਆ ਸੀ ਅਤੇ ਕਿਸ ਮਨਸ਼ਾ ਦੇ ਨਾਲ ਕੀਤਾ ਗਿਆ ਸੀ।,ਅਤੇ ਚਲਦੇ ਰੋਡ ਤੇ ਲੋਕਾਂ ਵਿੱਚ ਇੱਥੋਂ ਤੱਕ ਵੀ ਅੰਧ ਵਿਸ਼ਵਾਸ ਵੇਖਿਆ ਗਿਆ ਕਿ ਰਾਹਗੀਰ ਆਪਣੀ ਗੱਡੀ, ਆਟੋ ਰਿਕਸ਼ਾ ਸਕੂਟਰ ,ਵਹੀਕਲ ,ਨੂੰ ਇਸ ਟੂਣੇ ਦੇ ਸਾਈਡ ਤੋਂ ਕਰਕੇ ਲੰਘਾ ਰਹੇ ਸਨ।, ਹੋ ਸਕਦਾ ਉਨਾਂ ਦੀ ਸੋਚ ਵੀ ਇਸ ਕਰਮਕਾਂਡੀ ਅੰਧਵਿਸ਼ਵਾਸੀ ਦੀ ਤਰ੍ਹਾਂ ਹੋਵੇ ਕਿ ਸਾਡੀ ਗੱਡੀ ਦਾ ਟਾਇਰ ਵੀ ਕਿਤੇ ਇਸ ਟੂਣੇ ਦੇ ਉਪਰ ਦੀ ਨਾ ਲੰਘ ਜਾਵੇ ਪਤਾ ਨਹੀਂ ਇਹ ਟੂਣਾ ਕਿਸੇ ਸ਼ਖਸ਼ ਵੱਲੋਂ ਆਪਣੇ ਗਲੋਂ ਬਲਾ ਲਾ ਕੇ ਕਿਸੇ ਦੇ ਗੱਲ ਚਬੜਾਉਣ ਦੀ ਖਾਤਰ ਕੀਤਾ ਹੋਵੇ ਜਾਂ ਕਿਸੇ ਦੇ ਬੁਰੇ ਲਈ ਕੀਤਾ ਹੋਵੇ ਇਹ ਤਾਂ ਰੱਬ ਹੀ ਜਾਣਦਾ ਹੈ।, ਪਰ ਜੇਕਰ ਇੱਥੇ ਹੀ ਜ਼ਿਕਰ ਕੀਤਾ ਜਾਵੇ ਤਾਂ ਇੰਨੇ ਉੱਚੇ ਮਹਾਨ ਸ਼ਹਿਰ ਸ੍ਰੀ ਤਰਨ ਤਾਰਨ ਸਾਹਿਬ ਜੋ ਕਿ ਸਿੱਖਾਂ ਦੇ ਪੰਜਵੇਂ ਗੁਰੂ ਸ੍ਰੀ ਗੁਰੂ ਅਰਜਨ ਦੇਵ ਸਾਹਿਬ ਜੀ ਵੱਲੋਂ ਵਸਾਈ ਗਈ ਨਗਰੀ ਹੈ, ਅਤੇ ਇੱਥੇ ਹੀ ਸ੍ਰੀ ਗੁਰੂ ਅਰਜਨ ਦੇਵ ਜੀ ਦੀ ਚਰਨ ਛੋਹ ਪ੍ਰਾਪਤ ਧਰਤੀ ਤੇ ਸ੍ਰੀ ਦਰਬਾਰ ਸਾਹਿਬ ਗੁਰਦੁਆਰਾ ਸਾਹਿਬ ਵੀ ਸੁਸ਼ੋਭਿਤ ਹੈ, ਅਤੇ ਇਸੇ ਹੀ ਅਸਥਾਨ ਤੇ ਹਰ ਮਹੀਨੇ ਮੱਸਿਆ ਦੇ ਦਿਹਾੜੇ ਮੌਕੇ ਭਾਰੀ ਗਿਣਤੀ ਵਿੱਚ ਸੰਗਤਾਂ ਪਵਿੱਤਰ ਸਰੋਵਰ ਵਿੱਚ ਇਸ਼ਨਾਨ ਕਰਕੇ ਆਪਣੇ ਦੁੱਖ ਦੂਰ ਕਰਦੇ ਹਨ ।, ਅਤੇ ਇਸੇ ਹੀ ਸਰੋਵਰ ਵਿੱਚ ਇਸ਼ਨਾਨ ਕਰਨ ਨਾਲ ਦੁਖੀਆਂ ਦੇ ਦੁੱਖ ਦੂਰ ਹੁੰਦੇ ਹਨ ਮਨੋਕਾਮਨਾ ਪੂਰੀਆਂ ਹੁੰਦੀਆਂ ਹਨ।, ਅਤੇ ਮਨੋਕਾਮਨਾ ਪੂਰੀਆਂ ਹੋਣ ਉਪਰੰਤ ਇੱਕ ਝਾੜੂ ਅਤੇ ਨਮਕ ਚੜਾ ਕੇ ਸੇਵਾ ਕਰਕੇ ਆਪਣਾ ਜੀਵਨ ਸਫਲਾ ਕਰਦੀਆਂ ਹਨ। ਪਰ ਹੈਰਾਨੀ ਉਦੋਂ ਹੁੰਦੀ ਹੈ ਕਿ ਇੰਨੇ ਵੱਡੇ ਪਵਿੱਤਰ ਸ਼ਹਿਰ ਵਿੱਚ ਗੁਰੂਆਂ ਦੀ ਵਸਾਈ ਨਗਰੀ ਵਿੱਚ ਵੀ ਲੋਕ ਆਪਣੇ ਜ਼ਿੰਦਗੀ ਨੂੰ ਸੁਖਾਲਾ ਬਣਾਉਣ ਲਈ ਜੇਕਰ ਇਹੋ ਜਿਹਾ ਟੂਣਾ ਤਵੀਤ ਕਰਦੇ ਹਨ ਤਾਂ ਉਹ ਬਹੁਤ ਵੱਡੀ ਮਨਮਤ ਹੈ, ਅਤੇ ਆਪਣੇ ਗੁਰੂ ਤੋਂ ਮਨਮੁਖ ਹੋਣ ਵਾਲੀ ਗੱਲ। ਹੁਣ ਤਾਂ ਸਮੇਂ ਦੀ ਰਫਤਾਰ ਵੱਲ ਵੇਖੀਏ ਤਾ ਜਮਾਨਾ ਬਹੁਤ ਐਡਵਾਂਸ ਚੱਲ ਰਿਹਾ ਹੈ ਪਰ ਅਜੇ ਵੀ ਕੁਝ ਲੋਕ ਇਸ ਅੰਧ ਵਿਸ਼ਵਾਸ ਦੀ ਪਕੜ ਵਿੱਚ ਜਕੜੇ ਹੋਏ ਹਨ। ਆਓ ਪ੍ਰਣ ਕਰੀਏ ਕਿ ਇਸ ਅੰਧ ਵਿਸ਼ਵਾਸ਼ ਵਿੱਚੋਂ ਨਿਕਲ ਕੇ ਪਰਮਾਤਮਾ ਦੇ ਲੜ੍ਹ ਲੱਗੀਏ ਅਤੇ ਪਰਮਾਤਮਾ ਦੇ ਲੜ੍ਹ ਲੱਗ ਕੇ ਆਪਣਾ ਜੀਵਨ ਸਫਲਾ ਬਣਾਈਏ।



**ਚੌਂਕਾਂ ਚੌਰਸਤਿਆਂ ਚ ਜਾਦੂਟੂਣਾ ਕਰਕੇ ਮਾਨਸਿਕਤਾ ਦਾ ਕਰਦੇ ਪ੍ਰਦਰਸ਼ਨ ਅੰਧਵਿਸ਼ਵਾਸ 'ਚ ਫਸੇ ਲੋਕਾਂ ਨੂੰ ਜਾਗਰੂਕ ਹੋਣ ਦੀ ਲੋੜ**

ਆਵਾਜ਼ਿ ਕੌਮ AWAZE QAUM International Newspaper & WEB TV

# ਭਾਰਤ ਚੋਣ ਕਮਿਸ਼ਨ ਵੱਲੋਂ ਵੋਟਰ ਸਰਵਿਸ ਪੋਰਟਲ ਤੇ ਨਵੇਂ ਮਡਿਊਲ "ਬੁੱਕ ਏ ਕਾਲ ਵਿੱਦ ਬੀ ਐੱਲ ਓ" ਦੀ ਸ਼ੁਰੂਆਤ



**ਜੰਡਿਆਲਾ ਗੁਰੂ, 20 ਫਰਵਰੀ( ਕੁਲਵੰਤ ਸਿੰਘ ਵਿਰਦੀ )**-ਜਿਲ੍ਹਾ ਚੋਣ ਅਫ਼ਸਰ-ਕਮ-ਡਿਪਟੀ ਕਮਿਸ਼ਨਰ, ਸ਼੍ਰੀ ਦਲਵਿੰਦਰਜੀਤ ਸਿੰਘ ਨੇ ਦੱਸਿਆ ਕਿ ਭਾਰਤ ਚੋਣ ਕਮਿਸ਼ਨ ਨਵੀਂ ਦਿੱਲੀ ਵੱਲੋਂ ਵੋਟਰ ਸਰਵਿਸ ਪੋਰਟਲ ਤੇ ਨਵੇਂ ਮਡਿਊਲ "ਬੁੱਕ ਏ ਕਾਲ ਵਿੱਦ ਬੀਐਲਓ" ਦੀ ਸ਼ੁਰੂਆਤ ਕੀਤੀ ਹੈ।ਇਸ ਰਾਹੀਂ ਆਮ ਨਾਗਰਿਕ ਵੋਟਰ ਸੂਚੀ ਸਬੰਧੀ ਆਪਣੇ ਮਸਲਿਆਂ ਦਾ ਹੱਲ ਬੂਥ ਲੈਵਲ ਅਫ਼ਸਰ ਪਾਸੋਂ ਪ੍ਰਾਪਤ ਕਰ ਸਕਦੇ ਹਨ।ਉਹਨਾ ਦੱਸਿਆ ਕਿ ਜਦੋਂ ਕੋਈ ਨਾਗਰਿਕ ਵੋਟਰ ਸਰਵਿਸ ਪੋਰਟਲ ਤੇ "ਬੁੱਕ ਏ ਕਾਲ ਵਿੱਦ ਬੀਐਲਓ" ਆਪਸ਼ਨ ਰਾਹੀਂ ਕਾਲ ਬੁੱਕ ਕਰੇਗਾ ਤਾਂ ਬੀਐਲਓ ਅਤੇ ਪ੍ਰਾਰਥੀ ਦੋਵਾਂ ਨੂੰ ਇੱਕ ਟੈਕਸਟ ਮੈਸਿਜ ਰਸੀਵ ਹੋਵੇਗਾ, ਜਿਸ ਉਪਰੰਤ ਬੀਐਲਓ ਪ੍ਰਾਰਥੀ ਨੂੰ ਫੋਨ ਕਰਕੇ ਉਸ ਦੀਆਂ ਸਮੱਸਿਆਵਾਂ ਦਾ ਹੱਲ ਕਰੇਗਾ।ਇਸ ਤੋਂ ਬਾਅਦ ਬੀਐਲਓ ਐਪ ਦੇ ਕਾਲ ਰਿਕਵੈਸਟ ਅਪਸ਼ਨ ਵਿੱਚ ਜਾ ਕੇ ਕੰਨਟੈਕਟਿਡ ਬਟਨ ਤੇ ਕਲਿੱਕ ਕਰਕੇ ਸਟੇਟਸ ਅਪਡੇਟ ਕਰੇਗਾ। ਜੇਕਰ ਪ੍ਰਾਰਥੀ ਨੇ ਕਾਲ ਰਸੀਵ ਨਹੀਂ ਕੀਤੀ ਤਾਂ ਉਹ ਅਨਅਵੈਲੇਬਲ ਬਟਨ ਤੇ ਕਲਿੱਕ ਕਰੇਗਾ। ਉਹਨਾ ਦੱਸਿਆ ਕਿ ਬੀਐਲਓ8 ਵੱਲੋਂ ਰਿਸਪਾਂਸ ਕਰਨ ਮਗਰੋ ਈਸੀਆਈ ਨੈਟ ਤੇ ਰਿਪੋਰਟ ਅਪਡੇਟ ਹੋ ਜਾਵੇਗੀ ਅਤੇ ਉਸ ਦਾ ਇੱਕ ਮੈਸਿਜ ਸਬੰਧਤ ਪ੍ਰਾਰਥੀ ਨੂੰ ਵੀ ਜਾਵੇਗਾ। ਉਹਨਾ ਜਿਲ੍ਹਾ ਵਾਸੀਆਂ ਨੂੰ ਭਾਰਤ ਚੋਣ ਕਮਿਸ਼ਨ ਵੱਲੋਂ ਚਲਾਏ ਗਏ ਇਸ ਨਵੇਂ ਮਡਿਊਲ ਦੀ ਵੱਧ ਤੋਂ ਵੱਧ ਵਰਤੋਂ ਕਰਨ ਦੀ ਅਪੀਲ ਕੀਤੀ। ਇਸ ਤੋਂ ਇਲਾਵਾ ਉਹਨਾ ਵੱਲੋਂ ਭਾਰਤ ਚੋਣ ਕਮਿਸ਼ਨ ਵੱਲੋਂ ਜਾਰੀ ਸ਼ੋਸ਼ਲ ਮੀਡੀਆ ਪਲੇਟਫਾਰਮਾ ਨੂੰ ਫਾਲੋ ਕਰਨ ਦੀ ਅਪੀਲ ਕੀਤੀ ਤਾਂ ਜੋ ਉਹਨਾ ਨੂੰ ਚੋਣ ਕਮਿਸ਼ਨ ਵੱਲੋਂ ਜਾਰੀ ਹਦਾਇਤਾਂ ਅਤੇ ਗਤੀਵਿਧੀਆਂ ਦੀ ਜਾਣਕਾਰੀ ਮਿਲਦੀ ਰਹੇ।

ਆਵਾਜ਼ਿ ਕੌਮ AWAZE QAUM International Newspaper & WEB TV

# ਧੰਨ ਧੰਨ ਭਗਵਾਨ ਸ੍ਰੀ ਚੰਦ ਜੀ ਮਹਾਰਾਜ ਉਦਾਸੀਨ ਆਸ਼ਰਮ ਡੇਰਾ ਤਪਿਆਣਾ ਸਾਹਿਬ ਟਾਂਗਰਾ ਵਿਖੇ 74ਵਾਂ ਹੋਲਾ ਮਹੱਲਾ 4 ਮਾਰਚ ਨੂੰ ਮਨਾਇਆ ਜਾਵੇਗਾ ਬਾਬਾ ਦਰਸ਼ਨ ਦਾਸ ਜੀ



**ਜੰਡਿਆਲਾ ਗੁਰੂ, 20 ਫਰਵਰੀ ( ਕੁਲਵੰਤ ਸਿੰਘ ਵਿਰਦੀ )**-ਜੀ, ਟੀ, ਰੋਡ ਉੱਤੇ ਵਸੇ ਕਸਬਾ ਟਾਂਗਰਾ ਵਿਖੇ ਸ੍ਰੀ 108 ਸੰਤ ਬਾਬਾ ਗੁਰਮੁਖ ਦਾਸ ਜੀ ਉਦਾਸੀਨ ਸੰਪਰਦਾਏ ਬਾਬਾ ਗੁਲਾਬ , ਦਾਸ ਜੀ ਗੱਦੀ ਲਹੂਕਿਆਂ ਵਾਲੀ ਪਿੰਡ ਟਾਂਗਰਾ ਜਿਲਾ ਅੰਮ੍ਰਿਤਸਰ ਵਿਖੇ 74 ਵਾਂ ਸਲਾਨਾ ਹੋਲਾ ਮੁਹੱਲਾ ਬੜੀ ਧੂਮ ਧਾਮ ਨਾਲ ਮਨਾਇਆ ਜਾਵੇਗਾ। ਇਸ ਮੌਕੇ ਤੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਡੇਰੇ ਦੇ ਮੌਜੂਦਾ ਮੁਖੀ ਸ੍ਰੀਮਾਨ ਸੰਤ ਬਾਬਾ ਦਰਸ਼ਨ ਦਾਸ ਜੀ ਨੇ ਦੱਸਿਆ ਕਿ ਇਹ ਹੋਲਾ ਮਹੱਲਾ ਹਰ ਸਾਲ ਦੀ ਤਰ੍ਹਾਂ ਸੰਗਤਾਂ ਅਤੇ ਆਸ ਪਾਸ ਦੇ ਇਲਾਕੇ ਦੀਆਂ ਸੰਗਤਾਂ ਅਤੇ ਐਨਆਰਆਈ ਵੀਰਾਂ ਦੇ ਸਹਿਯੋਗ ਨਾਲ ਤੇ 74 ਵਾਂ ਲਗਾਤਾਰ ਹੋਲਾ ਮਹੱਲਾ ਮਨਾਇਆ ਜਾਵੇਗਾ ਜਿਸ ਵਿੱਚ ਸ੍ਰੀਮਾਨ ਸੰਤ ਭਗਵੰਤ ਭਜਨ ਸਿੰਘ ਜੀ ਨਿਰਮਲ ਤਲਾਬ ਬਾਬਾ ਬੁੱਢਾ ਸਾਹਿਬ ਜੀ ਰਮਦਾਸ ।ਪਦਮ ਸ੍ਰੀ ਸੰਤ ਬਲਬੀਰ ਸਿੰਘ ਜੀ ਸੀਚੇਵਾਲ ਵਾਲੇ, ਸੰਤ ਦਵਿੰਦਰ ਸਿੰਘ ਨਿਰਮਲ ਕੁਟੀਆ ਸਹਾਬਪੁਰ, ਸ੍ਰੀਮਾਨ ਸੰਤ ਗੁਰਚਰਨ ਸਿੰਘ ਜੀ ਨਿਰਮਲ ਕੁਟੀਆ ਸੰਤ ਸੱਜਣ ਸਿੰਘ ਜੀ ਗੁਰੂ ਕੇ ਬੇਰ ਸਾਹਿਬ ਵਾਲੇ, ਸੰਤ ਨਰਾਇਣਗਿਰੀ ਜੀ ਮੁਛਲਾ ਵਾਲੇ, ਸੰਤ ਬਾਬਾ ਲੀਡਰ ਸਿੰਘ ਜੀ ਸੈਫਲਾਬਾਦ ਵਾਲੇ, ਸੰਤ ਗੁਰਦੀਪ ਸਿੰਘ ਜੀ ਟਾਹਲਾ ਸਾਹਿਬ ਤਰਸਿੱਕਾ ਵਾਲੇ, ਸੰਤ ਗੁਰਭੇਜ ਸਿੰਘ ਜੀ ਖਜਾਲੇ ਵਾਲੇ, ਮਹੰਤਰ ਰਜਿੰਦਰ ਦਾਸ ਉਪਲਾਂ ਵਾਲੇ, ਸ੍ਰੀ ਮਾਨ ਸੰਤ ਵਰਿੰਦਰ ਮੁਨੀ ਜੀ ਉਦਾਸੀਨ ਆਸ਼ਰਮ ਫੇਰੂਮਾਨ, ਸੰਤ ਮਲਕੀਤ ਨਾਥ ਬਾਲਮੀਕ ਤੀਰਥ ਧੂਣਾ ਸਾਹਿਬ, ਸੰਤ ਗਿਰਦਾਰੀ ਨਾਥ ਡੇਰਾ ਗਿਆਨ ਆਸ਼ਰਮ, ਬਾਲ ਜੋਗੀ ਸੰਤ ਪ੍ਰਗਟ ਨਾਥ ਹਰੀਮਪੁਰ ਵਾਲੇ, ਸੰਤ ਗੁਰਸੇਵਕ ਨਾਥ ਕਲਾਰਾਂ ਵਾਲੇ, ਸੰਤ ਨਿਰਮਲ ਦਾਸ ਜੋੜੇ ਵਾਲੇ, ਸੰਤ ਛੋਟੂ ਨਾਥ ਜੀ ਮੀਆਂ ਵਿੰਡ ਕੁਟੀਆ, ਸੰਤ ਰ ਕੇਸ਼ ਨਾਥ ਜੀ ,ਸਾਈ ਜਿੰਦੇ ਸਾਹ ਕਾਦਰੀ ਜੀ, ਸੰਤ ਸੀਤਲ ਦਾਸ ਕਾਦਰਬਾਦ, ਸ੍ਰੀ ਕੁਲਵੰਤ ਦੇਵਾ ਫਤਿਹਾਬਾਦ, ਸੰਤ ਕਾਲੇ ਸ਼ਾਹ ਮੀਰਾਂਕੋਟ ਵਾਲੇ, ਸੰਤ ਭੁਪਿੰਦਰ ਗਿਰੀ ਡੇਰੀਵਾਲ ਵਾਲੇ, ਸ੍ਰੀਮਾਨ ਸੰਤ ਜੋਗੀ ਰਾਮ ਨਾਥ ਜੀ ਖਰੜ ਵਾਲੇ, ਸੰਤ ਸੁੱਚਾ ਦਾਸ ਜੀ ਛੱਜਲਵੱਡੀ ਵਾਲੇ, ਬਾਬਾ ਹਰਪਾਲ ਸਿੰਘ ਜੀ ਬਾਬਾ ਘੋੜੇ ਸ਼ਾਹ ਵਾਲੇ, ਸੰਤ ਹਰਜੀਤ ਦਾਸ ਜੀ ਮੱਤੇਵਾਲ ਠਰੂ ਵਾਲੇ, ਬਾਬਾ ਅਜੈਬ ਸਿੰਘ ਜੀ ਤਰਸਿੱਕੇ ਵਾਲੇ, ਸੰਤ ਜਗੀਰ ਸਿੰਘ ਚੁਗਾਵੇ ਵਾਲੇ, ਸੰਤ ਸ਼ੇਰ ਦਾਸ ਜੀ ਡੇਰਾ ਲਹੂਕਿਆ ਵਾਲੇ, ਸੰਤ ਜਗੀਰ ਦਾਸ ਜੀ ਬਾਬਾ ਬਕਾਲੇ ਵਾਲੇ, ਸੰਤ ਤੁਲਸੀ ਦਾਸ ਜੀ ਡੇਰਾ ਸੁਲਤਾਨਵਿੰਡ, ਅਤੇ ਇਸ ਤੋਂ ਇਲਾਵਾ ਸਿੱਖ ਪੰਥ ਦੇ ਮਹਾਨ ਕੀਰਤਨੀਏ ਅਤੇ ਕਥਾਵਾਚਕ, ਸੰਤ ਗੁਰਦੀਪ ਸਿੰਘ ਜੀ ਖਜਾਲੇ ਵਾਲੇ ਬਾਬਾ ਜੀਵਨ ਸਿੰਘ ਜੀ ਬਗੀਚੀ ਵਾਲੇ, ਬਾਬਾ ਅੰਗਰੇਜ਼ ਸਿੰਘ ਜੀ ਦਮਦਮੀ ਟਕਸਾਲ ਵਾਲੇ ਕਥਾ ਅਤੇ ਕੀਰਤਨ ਨਾਲ ਸੰਗਤਾਂ ਨੂੰ ਨਿਹਾਲ ਕਰਨਗੇ,, ਹੈਡ ਗ੍ਰੰਥੀ ਸਾਹਿਬ ਭਾਈ ਪ੍ਰਤਾਪ ਸਿੰਘ, ਇਸ ਤੋਂ ਇਲਾਵਾ ਧਾਰਮਿਕ ਅਤੇ ਰਾਜਨੀਤਿਕ ਸ਼ਖਸ਼ੀਅਤਾਂ ਵੀ ਸੰਤਾਂ ਦੇ ਦਰਸ਼ਨ ਕਰਨ ਪਹੁੰਚਣਗੀਆਂ, ਇਸ ਮੌਕੇ ਤੇ ਸ੍ਰੀਮਾਨ ਸੰਤ ਬਾਬਾ ਦਰਸ਼ਨ ਸਿੰਘ ਜੀ ਨੇ ਪੱਤਰਕਾਰਾਂ ਨੂੰ ਦੱਸਿਆ ਕਿ ਇਹ ਹੋਲਾ ਮਹੱਲਾ 1 ਮਾਰਚ ਨੂੰ ਸ਼ੁਰੂ ਹੋਵੇਗਾ ਅਤੇ ਇੱਕ ਮਾਰਚ ਨੂੰ ਸ੍ਰੀ ਅਖੰਡ ਪਾਠ ਸਾਹਿਬ ਆਰੰਭ ਕੀਤੇ ਜਾਣਗੇ ਅਤੇ 3 ਮਾਰਚ ਨੂੰ ਪੂਰਨਮਾਸ਼ੀ ਵਾਲੇ ਦਿਨ ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ ਪੈਣਗੇ ਅਤੇ ਇਸ ਤੋਂ ਉਪਰੰਤ ਗੁਰੂ ਕਾ ਅਤੁੱਟ ਲੰਗਰ ਵਰਤਾਇਆ ਜਾਏਗਾ ਅਤੇ ਦੀਵਾਨ ਸੱਜਣਗੇ ਅਤੇ 4 ਮਾਰਚ ਨੂੰ ਹੋਲਾ ਮਹੱਲਾ ਮਨਾਇਆ ਜਾਵੇਗਾ, ਇਸ ਮੌਕੇ ਤੇ ਬਾਬਾ ਜੀ ਨੇ ਬੇਨਤੀ ਕੀਤੀ ਕਿ ਕੋਈ ਵੀ ਸੱਜਣ ਮੇਲੇ ਵਿੱਚ ਸ਼ਰਾਬ ਪੀ ਕੇ ਜਾਂ ਕੋਈ ਵੀ ਨਸ਼ਾ ਕਰਕੇ ਮੇਲੇ ਵਿੱਚ ਨਾ ਆਵੇ, ਇਸ ਮੌਕੇ ਤੇ ਮੌਜੂਦਾ ਮੁਖੀ ਸ੍ਰੀਮਾਨ ਸੰਤ ਬਾਬਾ ਦਰਸ਼ਨ ਦਾਸ ਜੀ ਆਦਿ ਹਾਜ਼ਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

ਆਵਾਜ਼ਿ ਕੌਮ AWAZE QAUM Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

ਭਾਰਤ-ਅਮਰੀਕਾ ਵਪਾਰ ਸਮਝੌਤਾ

# ਕਿਸਾਨੀ ਸੁਰੱਖਿਆ ਤੋਂ ਗਲੋਬਲ ਰਣਨੀਤੀ ਤੱਕ ਇੱਕ ਸੰਤੁਲਿਤ, ਦ੍ਰਿੜ੍ਹ ਅਤੇ ਦੂਰਅੰਦੇਸ਼ੀ ਕਦਮ : ਪ੍ਰੋ. ਸਰਚਾਂਦ ਸਿੰਘ ਖਿਆਲਾ



**ਭਾਰਤ-ਅਮਰੀਕਾ ਵਪਾਰ** ਸਮਝੌਤੇ ਨੂੰ ਲੈ ਕੇ ਦੇਸ਼ ਵਿੱਚ ਇੱਕ ਸੋਚੀ-ਸਮਝੀ ਰਾਜਨੀਤਿਕ ਗ਼ਲਤਫ਼ਹਿਮੀ ਪੈਦਾ ਕਰਨ ਦੀ ਕੋਸ਼ਿਸ਼ ਹੋ ਰਹੀ ਹੈ। ਵਿਰੋਧੀ ਧਿਰ ਅਤੇ ਕੁਝ ਤਾਕਤਾਂ ਇਹ ਪ੍ਰਚਾਰ ਰਹੀਆਂ ਹਨ ਕਿ ਭਾਰਤ ਨੇ ਅਮਰੀਕੀ ਦਬਾਅ ਅੱਗੇ ਝੁੱਕ ਕੇ ਦੇਸ਼ ਅਤੇ ਕਿਸਾਨਾਂ ਦੇ ਹਿਤਾਂ ਨਾਲ ਸਮਝੌਤਾ ਕਰ ਲਿਆ ਹੈ।ਸੱਚ ਇਹ ਹੈ ਕਿ ਜਿਹੜੇ ਲੋਕ ਸਾਲਾਂ ਤੱਕ ਕਿਸਾਨਾਂ ਨੂੰ ਠੱਗ ਦੇ ਰਹੇ, ਉਹੀ ਅੱਜ ਮਗਰਮੱਛ ਦੇ ਅੱਥਰੂ ਵਗਾ ਰਹੇ ਹਨ। ਕਿਸਾਨ ਜਥੇਬੰਦੀਆਂ ਦੇ ਆਗੂਆਂ ਨੂੰ ਸਰਕਾਰ ਖ਼ਿਲਾਫ਼ ਅੰਦੋਲਨ ਲਈ ਵੀ ਉਕਸਾ ਰਹੇ ਹਨ। ਜਦ ਕਿ ਸਚਾਈ ਇਸ ਤੋਂ ਬਿਲਕੁਲ ਉਲਟ ਹੈ।ਇਹ ਸਮਝੌਤਾ ਝੁਕਣ ਦਾ ਨਹੀਂ, ਸਗੋਂ ਅੱਖਾਂ ਵਿੱਚ ਅੱਖਾਂ ਪਾ ਕੇ ਗੱਲ ਕਰਨ ਦਾ ਪ੍ਰਤੀਕ ਹੈ।

ਇੱਕ ਸਮਾਂ ਸੀ ਜਦੋਂ ਵਿਸ਼ਵ ਮੰਚ 'ਤੇ ਭਾਰਤ ਨੂੰ ਕਮਜ਼ੋਰ ਅਰਥਵਿਵਸਥਾ ਵਜੋਂ ਦੇਖਿਆ ਜਾਂਦਾ ਸੀ। 1990 ਦੇ ਦਹਾਕੇ ਦਾ ਆਰਥਿਕ ਸੰਕਟ ਅੱਜ ਵੀ ਸਾਡੀ ਯਾਦ ਵਿੱਚ ਹੈ, ਜਦੋਂ ਦੇਸ਼ ਨੂੰ ਆਪਣੇ ਸੋਨੇ ਦੇ ਭੰਡਾਰ ਤੱਕ ਵਿਦੇਸ਼ੀ ਬੈਂਕਾਂ ਕੋਲ ਗਿਰਵੀ ਰੱਖਣੇ ਪਏ।

ਪਰ 2014 ਤੋਂ ਬਾਅਦ ਪ੍ਰਧਾਨ ਮੰਤਰੀ ਸ੍ਰੀ ਨਰਿੰਦਰ ਮੋਦੀ ਦੀ ਕਮਾਨ ਹੇਠ ਅਪਣਾਈ ਗਈ ਕੂਟਨੀਤਿਕ ਅਤੇ ਆਰਥਿਕ ਰਣਨੀਤੀ ਨਾਲ ਭਾਰਤ ਦੀ ਅੰਤਰਰਾਸ਼ਟਰੀ ਛਵੀ ਵਿੱਚ ਵੱਡਾ ਬਦਲਾਅ ਆਇਆ। ਅੱਜ ਭਾਰਤ ਕਿਸੇ ਦੇ ਪਿੱਛੇ ਨਹੀਂ, ਸਗੋਂ ਵਿਸ਼ਵ ਅਰਥਵਿਵਸਥਾ ਦੇ ਕੇਂਦਰ ਵਿੱਚ ਖੜ੍ਹਾ ਹੈ ਅਤੇ ਅਨੇਕਾਂ ਵਿਕਾਸਸ਼ੀਲ ਅਤੇ ਵਿਕਸਤ ਦੇਸ਼ ਭਾਰਤ ਨਾਲ ਤਰਜੀਹੀ ਸਹਿਯੋਗ ਅਤੇ ਵਪਾਰਕ ਭਾਈਚਾਰੇ ਲਈ ਉਤਸੁਕ ਹਨ।

2025 ਦੀ ਸ਼ੁਰੂਆਤ ਵਿੱਚ ਅਮਰੀਕਾ ਵੱਲੋਂ ਭਾਰਤੀ ਨਿਰਯਾਤ 'ਤੇ 50% ਟੈਰਿਫ਼ ਲਗਾਈ ਗਈ। ਸੋਚਿਆ ਹੋਵੇਗਾ, ਕਿ ਭਾਰਤ ਡਰ ਜਾਵੇਗਾ। ਪਰ ਇਹ ਨਵਾਂ ਭਾਰਤ ਹੈ—ਇਹ ਡਰਦਾ ਨਹੀਂ, ਇਹ ਰਣਨੀਤੀ ਬਣਾਉਂਦਾ ਹੈ। ਭਾਰਤ ਨੇ ਨਾ ਤਾਂ ਹੜਬੜਾਹਟ ਵਿੱਚ ਫ਼ੈਸਲਾ ਕੀਤਾ ਅਤੇ ਨਾ ਹੀ ਝੁਕਿਆ। ਇਸ ਦੀ ਥਾਂ ਭਾਰਤ ਨੇ ਯੂਰਪ, ਜਾਪਾਨ, ਅਫ਼ਰੀਕਾ, ਵੀਅਤਨਾਮ ਅਤੇ ਮੱਧ-ਪੂਰਬ ਨਾਲ ਵਪਾਰਕ ਸਬੰਧ ਹੋਰ ਮਜ਼ਬੂਤ ਕੀਤੇ। ਦੁਨੀਆ ਨੂੰ ਇਹ ਸੰਦੇਸ਼ ਦਿੱਤਾ ਗਿਆ ਕਿ ਭਾਰਤ ਕਿਸੇ ਇੱਕ ਧੁਰੇ 'ਤੇ ਨਿਰਭਰ ਨਹੀਂ।

ਹਾਲ ਹੀ ਵਿੱਚ ਭਾਰਤ ਨੇ ਯੂਏਈ ਨਾਲ ਊਰਜਾ, ਪੁਲਾੜ ਅਤੇ ਸਿਵਲ ਪਰਮਾਣੂ ਖੇਤਰ ਵਿੱਚ ਰਣਨੀਤਕ ਸਮਝੌਤੇ ਕੀਤੇ ਅਤੇ 2032 ਤੱਕ ਸਲਾਨਾ ਵਪਾਰ 200 ਅਰਬ ਡਾਲਰ ਤੱਕ ਲਿਜਾਣ ਦਾ ਟੀਚਾ ਨਿਰਧਾਰਿਤ ਕੀਤਾ। ਇਸੇ ਤਰ੍ਹਾਂ ਭਾਰਤ ਨੇ 27 ਦੇਸ਼ਾਂ ਦੇ ਗਰੁੱਪ ਵਾਲੇ ਯੂਰਪੀਅਨ ਯੂਨੀਅਨ ਨਾਲ ਡੇਅਰੀ, ਅਨਾਜ, ਪੋਲਟਰੀ ਅਤੇ ਫਲ਼ਾਂ ਦੀ ਸੁਰੱਖਿਆ ਯਕੀਨੀ ਬਣਾਉਂਦਿਆਂ ਇਤਿਹਾਸਿਕ "ਮੁਕਤ ਵਪਾਰ ਸਮਝੌਤੇ" 'ਤੇ ਦਸਤਖ਼ਤ ਕੀਤੇ। ਆਸਟ੍ਰੇਲੀਆ ਵਰਗੇ ਕੁਦਰਤੀ ਭੰਡਾਰਾਂ ਨਾਲ ਭਰਪੂਰ ਦੇਸ਼ ਨੇ ਵੀ ਭਾਰਤ ਨਾਲ ਵਪਾਰਕ ਸਮਝੌਤਾ ਕਰਨ ਨੂੰ ਤਰਜੀਹ ਦਿੱਤੀ। ਬਰਤਾਨੀਆ ਵੀ ਲੰਬੇ ਸਮੇਂ ਤੋਂ ਭਾਰਤ ਦਾ ਮਹੱਤਵਪੂਰਨ ਵਪਾਰਕ ਭਾਈਵਾਲ ਰਿਹਾ ਹੈ। ਰੂਸ ਤੋਂ ਕੱਚਾ ਤੇਲ ਖ਼ਰੀਦਣ ਦੇ ਮਾਮਲੇ ਵਿੱਚ ਭਾਰਤ ਨੇ ਆਪਣੇ ਰਾਸ਼ਟਰੀ ਹਿਤਾਂ ਨੂੰ ਪ੍ਰਾਥਮਿਕਤਾ ਦਿੱਤੀ ।

ਇਸੇ ਸੰਦਰਭ 'ਚ 2 ਫ਼ਰਵਰੀ 2026 ਨੂੰ ਅਮਰੀਕਾ ਵੱਲੋਂ ਭਾਰਤ ਨਾਲ ਮਹੱਤਵਪੂਰਨ ਵਪਾਰ ਸਮਝੌਤਾ ਕਰਦਿਆਂ 50% ਟੈਰਿਫ਼ 'ਚ 32% ਦੀ ਕਟੌਤੀ ਕਰਕੇ 18% ਕਰ ਦੇਣਾ ਸਿਰਫ਼ ਕੋਈ ਆਮ ਕਾਗ਼ਜ਼ੀ ਦਸਤਾਵੇਜ਼ ਜਾਂ ਅੰਕੜਿਆਂ ਦੀ ਖੇਡ ਅਤੇ ਸਿਰਫ਼ ਟੈਰਿਫ਼ ਘਟਾਉਣ ਦੀ ਕਵਾਇਦ ਨਹੀਂ ਸਗੋਂ ਭਾਰਤ ਦੀ ਆਰਥਿਕ ਤਾਕਤ ਨੂੰ ਨਵੇਂ ਮੋੜ 'ਤੇ ਲੈ ਜਾਣ ਅਤੇ ਵਿਸ਼ਵ ਪੱਧਰ 'ਤੇ ਮਜ਼ਬੂਤ ਹੋ ਰਹੀ ਭੂਮਿਕਾ ਦਾ ਪ੍ਰਤੀਕ ਹੈ। ਜੋ ਇਹ ਸਾਬਤ ਕਰਦਾ ਹੈ ਕਿ ਜੇ ਨੀਅਤ ਸਾਫ਼ ਅਤੇ ਲੀਡਰਸ਼ਿਪ ਮਜ਼ਬੂਤ ਹੋਵੇ, ਤਾਂ ਦੁਨੀਆ ਦੀ ਸਭ ਤੋਂ ਵੱਡੀ ਤਾਕਤ ਵੀ ਭਾਰਤ ਦੀ ਗੱਲ ਸੁਣਦੀ ਹੈ।

ਇਸ ਸਮਝੌਤੇ ਨਾਲ ਭਾਰਤੀ ਨਿਰਯਾਤਕਾਰਾਂ ਲਈ ਅਮਰੀਕੀ ਬਾਜ਼ਾਰ ਹੋਰ ਪਹੁੰਚ ਵਿਚ ਆਗਿਆ , ਉੱਥੇ ਹੀ ਮੌਜੂਦਾ 191 ਬਿਲੀਅਨ ਡਾਲਰ ਦਾ ਦੋ-ਪੱਖੀ ਵਪਾਰ ਅਗਲੇ ਪੰਜ ਸਾਲਾਂ ਵਿੱਚ 500 ਅਰਬ ਡਾਲਰ ਤੱਕ ਪਹੁੰਚ ਜਾਵੇਗਾ ।

ਇਸ ਸਮਝੌਤੇ ਵਿੱਚ ਖੇਤੀਬਾੜੀ ਖੇਤਰ ਵਿੱਚ 1.36 ਅਰਬ ਡਾਲਰ ਦੇ ਭਾਰਤੀ ਨਿਰਯਾਤ 'ਤੇ 0% ਡਿਊਟੀ ਲਾਗੂ ਹੋਵੇਗੀ। ਲਾਲ ਹੀ ਭਾਰਤ ਨੇ ਆਪਣੇ ਜ਼ਰੂਰੀ ਖੇਤਰਾਂ ਜਿਵੇਂ ਕਿ ਕਿਸਾਨ, ਮਛੇਰੇ ਅਤੇ ਡੇਅਰੀ ਉਤਪਾਦਕ ਦੇ ਹਿਤਾਂ ਦੀ ਪੂਰੀ ਸੁਰੱਖਿਆ ਕੀਤੀ ਹੈ। ਅਮਰੀਕਾ ਵੱਲੋਂ ਦਾਲਾਂ, ਚੀਨੀ ਅਤੇ ਡੇਅਰੀ ਖੇਤਰ ਵਿੱਚ ਪੂਰੀ ਛੂਟ ਦੀ ਮੰਗ ਦੇ ਬਾਵਜੂਦ ਭਾਰਤ ਨੇ ਕੋਟਾ ਪ੍ਰਣਾਲੀ ਲਾਗੂ ਕਰਕੇ ਆਪਣੇ ਕਿਸਾਨਾਂ ਦੇ ਹਿਤਾਂ ਨੂੰ ਪਹਿਲ ਦਿੱਤੀ। ਚੌਲ, ਕਣਕ, ਮੱਕੀ, ਡੇਅਰੀ ਅਤੇ ਪੋਲਟਰੀ ਵਰਗੇ ਉਤਪਾਦਾਂ ਨੂੰ ਆਯਾਤ ਤੋਂ ਸੁਰੱਖਿਅਤ ਰੱਖਿਆ ਗਿਆ। ਇਸ ਕਰਕੇ ਕਣਕ ਅਤੇ ਚੌਲ ਉਤਪਾਦਕ ਸੂਬਿਆਂ, ਖ਼ਾਸਕਰ ਪੰਜਾਬ, ਲਈ ਕੋਈ ਖ਼ਤਰਾ ਨਹੀਂ ਹੈ। ਨਾ ਤਾਂ ਫ੍ਰੋਜ਼ਨ ਸਬਜ਼ੀਆਂ 'ਤੇ ਕੋਈ ਅਣਚਾਹੇ ਛੂਟ ਦਿੱਤੀ ਗਈ ਹੈ, ਨਾ ਹੀ ਡੱਬਾਬੰਦ ਸਬਜ਼ੀਆਂ ਜਾਂ ਖੀਰਾ, ਮਸ਼ਰੂਮ ਵਰਗੀਆਂ ਚੀਜ਼ਾਂ ਲਈ ਬੇਤਕੱਲਫ਼ ਦਰਵਾਜ਼ੇ ਖੋਲ੍ਹੇ ਗਏ ਹਨ। ਦਾਲਾਂ ਅਤੇ ਹੋਰ ਖੇਤੀਬਾੜੀ ਉਤਪਾਦਾਂ ਦੇ ਮਾਮਲੇ ਵਿੱਚ ਵੀ ਭਾਰਤੀ ਹਿੱਤਾਂ ਨੂੰ ਪਹਿਲ ਦਿੱਤੀ ਗਈ ਹੈ। ਇਹ ਸਾਫ਼ ਸੁਨੇਹਾ ਹੈ ਕਿ ਦੇਸ਼ ਦਾ ਅੰਨਦਾਤਾ ਕਿਸੇ ਵੀ ਸੌਦੇ ਦੀ ਕੁਰਬਾਨੀ ਨਹੀਂ ਬਣੇਗਾ।

ਇਹ ਧਾਰਨਾ ਵੀ ਗ਼ਲਤ ਹੈ ਕਿ ਸਬਸਿਡੀ ਵਾਲੇ ਅਮਰੀਕੀ ਸਮਾਨ ਨਾਲ ਸਾਡੀਆਂ ਵਸਤਾਂ ਦੀਆਂ ਕੀਮਤਾਂ ਡਿੱਗ ਜਾਣਗੀਆਂ। ਦਰਅਸਲ, ਸੀਮਿਤ ਆਯਾਤ ਉਹ ਘਾਟ ਪੂਰੀ ਕਰਨ ਲਈ ਹਨ, ਜੋ ਘਰੇਲੂ ਉਤਪਾਦਨ ਨਾਲ ਸੰਭਵ ਨਹੀਂ। ਉਦਾਹਰਨ ਵਜੋਂ, ਖਾਣ ਵਾਲੇ ਤੇਲ ਦੀ ਸਾਲਾਨਾ 96 ਲੱਖ ਟਨ ਪੈਦਾਵਾਰ ਮੰਗ ਦਾ ਕੇਵਲ 40% ਪੂਰਾ ਕਰਦੀ ਹੈ, ਜਦਕਿ 1.67 ਕਰੋੜ ਟਨ ਆਯਾਤ ਕੀਤਾ ਜਾਂਦਾ ਹੈ। ਸੋਇਆਬੀਨ ਤੇਲ ਪਹਿਲਾਂ ਹੀ ਅਰਜਨਟੀਨਾ ਅਤੇ ਬ੍ਰਾਜ਼ੀਲ ਤੋਂ ਆ ਰਿਹਾ ਹੈ।

ਜਾਨਵਰਾਂ ਦੀ ਖ਼ੁਰਾਕ ਦੇ ਮਾਮਲੇ ਵਿੱਚ ਸੁੱਕੇ ਡਿਸਟਿਲਡ ਅਨਾਜ ਅਤੇ ਡੀ-ਆਇਲਡ ਕੇਕ ਵਰਗੇ ਉਤਪਾਦਾਂ ਦੇ ਸੀਮਿਤ ਆਯਾਤ ਦੀ ਇਜਾਜ਼ਤ ਦਿੱਤੀ ਗਈ ਹੈ। ਜਿਸ ਦੀ ਆਯਾਤ 5 ਲੱਖ ਟਨ ਤੱਕ ਸੀਮਿਤ ਹੈ, ਜੋ ਸਾਲਾਨਾ 5 ਕਰੋੜ ਟਨ ਫੀਡ ਖਪਤ ਦਾ ਕੇਵਲ 1% ਹੈ। ਦਾਲਾਂ ਦੇ ਮਾਮਲੇ ਵਿੱਚ ਭਾਰਤ 2.6-2.7 ਕਰੋੜ ਟਨ ਉਤਪਾਦਨ ਦੇ ਬਾਵਜੂਦ 20-25% ਘਾਟ ਦਾ ਸਾਹਮਣਾ ਕਰਦਾ ਹੈ, ਜਿਸ ਕਰਕੇ 2024-25 ਵਿੱਚ 72 ਲੱਖ ਟਨ ਦਾਲਾਂ ਆਯਾਤ ਕੀਤੀਆਂ ਗਈਆਂ।

ਸੇਬਾਂ ਬਾਰੇ ਵੀ ਬੇਵਜ੍ਹਾ ਚਿੰਤਾ ਜਤਾਈ ਜਾਂਦੀ ਹੈ।2025 ਵਿੱਚ 25.5 ਲੱਖ ਟਨ ਘਰੇਲੂ ਉਤਪਾਦਨ ਦੇ ਮੁਕਾਬਲੇ 6 ਲੱਖ ਟਨ ਆਯਾਤ ਸਿਰਫ਼ ਮੰਗ ਪੂਰੀ ਕਰਨ ਲਈ ਕੀਤੀ ਗਈ । 95% ਖੇਤਰ ਵਿੱਚ ਜੀ.ਐਮ. ਕਪਾਹ ਦੀ ਖੇਤੀ ਦੀ ਇਜਾਜ਼ਤ ਹੈ, ਜਦਕਿ ਮੱਕੀ ਅਤੇ ਸੋਇਆਬੀਨ ਵਿੱਚ ਉੱਚ ਉਪਜ ਸੰਭਾਵਨਾਵਾਂ ਮੌਜੂਦ ਹਨ। ਬਿਹਤਰ ਸਿੰਚਾਈ ਅਤੇ ਉਤਪਾਦਕ ਤਕਨੀਕਾਂ ਨਾਲ ਮੱਕੀ ਦੀ ਉਪਜ 3.4 ਟਨ ਪ੍ਰਤੀ ਹੈਕਟੇਅਰ ਤੋਂ 11 ਟਨ ਤੱਕ ਵਧ ਸਕਦੀ ਹੈ, ਜਿਸ ਨਾਲ ਕਿਸਾਨਾਂ ਦੀ ਆਮਦਨ ਵਿੱਚ ਵੱਡਾ ਵਾਧਾ ਸੰਭਵ ਹੈ।

ਕੁੱਲ ਮਿਲਾ ਕੇ, ਇਹ ਵਪਾਰ ਸਮਝੌਤਾ ਕਿਸਾਨੀ ਹਿਤਾਂ ਦੀ ਸੁਰੱਖਿਆ ਕਰਦਿਆਂ ਭਾਰਤ ਦੀ ਗਲੋਬਲ ਆਰਥਿਕ ਰਣਨੀਤੀ ਨੂੰ ਮਜ਼ਬੂਤ ਕਰਨ ਵੱਲ ਇੱਕ ਸੰਤੁਲਿਤ ਅਤੇ ਦੂਰਅੰਦੇਸ਼ੀ ਕਦਮ ਹੈ। ਅੱਜ ਦਾ ਭਾਰਤ 2014 ਤੋਂ ਪਹਿਲਾਂ ਵਾਲਾ ਭਾਰਤ ਨਹੀਂ। ਅੱਜ ਦੇਸ਼ ਸਮਝੌਤੇ ਦਬਾਅ ਹੇਠ ਨਹੀਂ ਕਰਦਾ, ਸਗੋਂ ਸਮਾਨ ਅਧਿਕਾਰ ਅਤੇ ਰਾਸ਼ਟਰੀ ਮਾਣ ਦੇ ਆਧਾਰ 'ਤੇ ਕਰਦਾ ਹੈ। ਬੇਸ਼ੱਕ, ਕੋਈ ਵੀ ਸਮਝੌਤਾ ਇੱਕ ਦਿਨ ਵਿੱਚ ਸੁਨਹਿਰੀ ਭਵਿੱਖ ਨਹੀਂ ਬਣਾਉਂਦਾ। ਪਰ ਜੇ ਨੀਂਹ ਮਜ਼ਬੂਤ ਹੋਵੇ, ਦਿਸ਼ਾ ਸਪਸ਼ਟ ਹੋਵੇ ਅਤੇ ਲੀਡਰਸ਼ਿਪ ਇਮਾਨਦਾਰ ਹੋਵੇ, ਤਾਂ ਮੰਜ਼ਿਲ ਦੂਰ ਨਹੀਂ ਰਹਿੰਦੀ। ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੀ ਅਗਵਾਈ ਹੇਠ ਭਾਰਤ ਨੇ ਸਾਬਤ ਕੀਤਾ ਹੈ ਕਿ ਰਾਸ਼ਟਰੀ ਹਿਤ ਸਭ ਤੋਂ ਉੱਪਰ ਹਨ। ਰਾਸ਼ਟਰ-ਹਿਤ 'ਚ ਲਿਆ ਗਿਆ ਹਰ ਕਦਮ ਕਦੇ-ਕਦੇ ਕਠਿਨ ਲੱਗ ਸਕਦਾ ਹੈ, ਪਰ ਇਤਿਹਾਸ ਗਵਾਹ ਹੈ—ਜੋ ਰਾਸ਼ਟਰ ਦੂਰਅੰਦੇਸ਼ੀ ਨਾਲ ਫ਼ੈਸਲੇ ਕਰਦੇ ਹਨ, ਉਹੀ ਵਿਸ਼ਵ ਮੰਚ 'ਤੇ ਅਗਵਾਈ ਕਰਦੇ ਹਨ। ਭਾਰਤ ਉਸੀ ਰਾਹ 'ਤੇ ਤੁਰ ਪਿਆ ਹੈ। ਅੱਜ ਲੋੜ ਹੈ ਕਿ ਦੇਸ਼ ਦੀ ਜਨਤਾ ਭਰਮ ਅਤੇ ਅਫ਼ਵਾਹਾਂ ਤੋਂ ਉੱਪਰ ਉੱਠ ਕੇ ਵੱਡੀ ਤਸਵੀਰ ਵੇਖੇ। ਇਹ ਸਮਝੌਤਾ ਕਿਸੇ ਇਕ ਪਾਰਟੀ ਦੀ ਜਿੱਤ ਨਹੀਂ, ਸਗੋਂ 140 ਕਰੋੜ ਭਾਰਤੀਆਂ ਦੇ ਭਵਿੱਖ ਦੀ ਦਿਸ਼ਾ ਹੈ।

ਇਹ ਵੀ ਯਾਦ ਰੱਖਣਾ ਚਾਹੀਦਾ ਹੈ ਕਿ ਵਿਸ਼ਵ ਪੱਧਰ 'ਤੇ ਭਾਰਤ ਦੀ ਰਣਨੀਤਿਕ ਸਾਂਝ ਮਜ਼ਬੂਤ ਹੋਣ ਨਾਲ ਸਿਰਫ਼ ਵਪਾਰ ਨਹੀਂ, ਸੁਰੱਖਿਆ ਅਤੇ ਰਾਜਨੀਤਿਕ ਪ੍ਰਭਾਵ ਵੀ ਵਧਦਾ ਹੈ। ਅਮਰੀਕਾ ਨਾਲ ਸਾਂਝ ਭਾਰਤ ਨੂੰ ਚੀਨ ਵਰਗੀਆਂ ਵਿਸਤਾਰਵਾਦੀ ਤਾਕਤਾਂ ਦੇ ਮੁਕਾਬਲੇ ਵਿੱਚ ਵਧੀਕ ਮਜ਼ਬੂਤੀ ਦਿੰਦੀ ਹੈ। ਇਸ ਤਰ੍ਹਾਂ, ਭਾਰਤ-ਅਮਰੀਕਾ ਵਪਾਰ ਸਮਝੌਤਾ ਕਿਸਾਨੀ ਸੁਰੱਖਿਆ ਅਤੇ ਗਲੋਬਲ ਮੌਕਿਆਂ ਦਰਮਿਆਨ ਇੱਕ ਸੰਤੁਲਿਤ ਅਤੇ ਰਣਨੀਤਿਕ ਕਦਮ ਹੈ। ਇਹ ਸਿਰਫ਼ ਟੈਰਿਫ਼ ਘਟਾਉਣ ਦੀ ਕਾਰਵਾਈ ਨਹੀਂ, ਸਗੋਂ ਭਾਰਤ ਦੀ ਅਰਥਵਿਵਸਥਾ ਨੂੰ ਵਿਸ਼ਵ ਪੱਧਰ 'ਤੇ ਮਜ਼ਬੂਤ ਕਰਨ ਵੱਲ ਇੱਕ ਮਹੱਤਵਪੂਰਨ ਮੀਲ ਪੱਥਰ ਸਾਬਤ ਹੋਵੇਗਾ।

ਰੱਖਿਆ ਸੌਦਿਆਂ ਜਾਂ ਊਰਜਾ ਖ਼ਰੀਦ ਵਰਗੀਆਂ ਵੱਡੀਆਂ ਘੋਸ਼ਣਾਵਾਂ ਤੁਰੰਤ ਨਤੀਜੇ ਨਹੀਂ ਦੇਣਗੀਆਂ, ਅਤੇ ਨਾ ਹੀ ਭਾਰਤ ਇਕਦਮ ਆਯਾਤ ਵਿੱਚ ਵੱਡਾ ਵਾਧਾ ਕਰ ਸਕਦਾ ਹੈ। ਪਰ ਇਹ ਸੰਕੇਤ ਦਿੰਦੀਆਂ ਹਨ ਕਿ ਦੋਵੇਂ ਦੇਸ਼ ਲੰਬੇ ਸਮੇਂ ਲਈ ਮਿਲ ਕੇ ਕੰਮ ਕਰਨ ਦੇ ਇੱਛੁਕ ਹਨ।

ਭਾਰਤ ਨੇ ਟਕਰਾਅ ਦੀ ਬਜਾਏ ਸੰਵਾਦ, ਇਕਪੱਖੀ ਨਿਰਭਰਤਾ ਦੀ ਥਾਂ ਵਿਕਲਪ ਅਤੇ ਤੁਰੰਤ ਲਾਭਾਂ ਦੀ ਥਾਂ ਲੰਬੇ ਸਮੇਂ ਦੀ ਮਜ਼ਬੂਤੀ ਦਾ ਰਾਹ ਚੁਣਿਆ ਹੈ। ਇਹ ਸਮਝੌਤਾ ਟਕਰਾਅ ਦੀ ਬਜਾਏ ਗੱਲਬਾਤ ਰਾਹੀਂ ਤਿਆਰ ਕੀਤਾ ਗਿਆ ਹੈ, ਜੋ ਦਰਸਾਉਂਦਾ ਹੈ ਕਿ ਭਾਰਤ ਇੱਕ ਜ਼ਿੰਮੇਵਾਰ ਅਤੇ ਸੰਤੁਲਿਤ ਸਾਥੀ ਹੈ। ਟੈਰਿਫ਼ਾਂ ਵਿੱਚ ਰਾਹਤ ਨਾਲ ਛੋਟੇ ਨਿਰਯਾਤਕਾਰਾਂ ਨੂੰ ਲਾਭ ਹੋਵੇਗਾ, ਪਰ ਇਸ ਤੋਂ ਵੱਡੀ ਗੱਲ ਇਹ ਹੈ ਕਿ ਉੱਚ ਤਕਨਾਲੋਜੀ, ਰੱਖਿਆ ਉਤਪਾਦਨ, ਨਿਊਕਲੀਅਰ ਊਰਜਾ ਅਤੇ ਮਹੱਤਵਪੂਰਨ ਖਣਿਜ ਖੇਤਰਾਂ ਵਿੱਚ ਸਹਿਯੋਗ ਦੇ ਰਸਤੇ ਖੁੱਲ੍ਹਣਗੇ, ਜਿੱਥੇ ਪਹਿਲਾਂ ਵਪਾਰਕ ਝਗੜੇ ਰੁਕਾਵਟ ਬਣੇ ਹੋਏ ਸਨ।

ਪਿਛਲੇ ਸਮੇਂ ਦੌਰਾਨ ਭਾਰਤ ਅਤੇ ਅਮਰੀਕਾ ਵਿਚਕਾਰ ਟੈਰਿਫ਼ਾਂ ਨੂੰ ਲੈ ਕੇ ਤਣਾਅ ਬਣਿਆ, ਜਿਸ ਨਾਲ ਦੋਹਾਂ ਦੇ ਰਿਸ਼ਤਿਆਂ ਵਿੱਚ ਖੜੋਤ ਆਈ ਅਤੇ ਹੋਰ ਦੇਸ਼ਾਂ ਨੂੰ ਮੌਕਾ ਮਿਲਿਆ। ਇਹ ਸਮਝੌਤਾ ਸਾਰੇ ਵਿਵਾਦ ਤੁਰੰਤ ਖ਼ਤਮ ਨਹੀਂ ਕਰਦਾ, ਪਰ ਸੰਵਾਦ ਅਤੇ ਸਹਿਯੋਗ ਦਾ ਰਾਹ ਮੁੜ ਖੋਲ੍ਹਦਾ ਹੈ। ਇਹ ਭਰੋਸੇ ਦੀ ਪੁਨਰ-ਸਥਾਪਨਾ ਵੱਲ ਇੱਕ ਕਦਮ ਹੈ।

ਭਾਰਤ ਸਿਰਫ਼ ਅਮਰੀਕਾ ਨਾਲ ਹੀ ਨਹੀਂ, ਸਗੋਂ ਯੂਰਪੀ ਸੰਘ ਅਤੇ ਹੋਰ ਦੇਸ਼ਾਂ ਨਾਲ ਵੀ ਵਪਾਰਕ ਸਬੰਧ ਮਜ਼ਬੂਤ ਕਰ ਰਿਹਾ ਹੈ। ਇਹ ਦਰਸਾਉਂਦਾ ਹੈ ਕਿ ਭਾਰਤ ਕਿਸੇ ਇੱਕ ਧੁਰੇ 'ਤੇ ਨਿਰਭਰ ਨਹੀਂ ਰਹਿਣਾ ਚਾਹੁੰਦਾ, ਸਗੋਂ ਬਹੁਪੱਖੀ ਸਾਂਝਾਂ ਰਾਹੀਂ ਆਪਣੀ ਆਜ਼ਾਦੀ ਅਤੇ ਰਣਨੀਤਿਕ ਤਾਕਤ ਵਧਾ ਰਿਹਾ ਹੈ। ਇਹ ਪੂਰਾ ਮੁਕਤ ਵਪਾਰ ਸਮਝੌਤਾ ਨਹੀਂ, ਬਲਕਿ ਹਾਲਾਤਾਂ ਅਨੁਸਾਰ ਤਿਆਰ ਕੀਤਾ ਗਿਆ ਇੱਕ ਲਚਕੀਲਾ ਅਤੇ ਸੋਚ-ਵਿਚਾਰਿਆ ਕਦਮ ਹੈ।

ਅੱਜ ਦੇ ਦੌਰ ਵਿੱਚ ਜਿਸ ਦੇਸ਼ ਨਾਲ ਤੁਸੀਂ ਵਪਾਰ ਕਰਦੇ ਹੋ, ਉਹੀ ਤੁਹਾਡੀ ਸਪਲਾਈ ਚੇਨ ਅਤੇ ਭਵਿੱਖੀ ਰਣਨੀਤੀ ਨੂੰ ਪ੍ਰਭਾਵਿਤ ਕਰਦਾ ਹੈ। ਭਾਰਤ ਇਸ ਹਕੀਕਤ ਨੂੰ ਸਮਝਦਿਆਂ ਆਪਣੇ ਰਾਸ਼ਟਰੀ ਹਿੱਤਾਂ ਦੀ ਰੱਖਿਆ ਕਰਦੇ ਹੋਏ ਲੰਬੇ ਸਮੇਂ ਲਈ ਮੌਕੇ ਤਿਆਰ ਕਰ ਰਿਹਾ ਹੈ। ਤੁਰੰਤ ਵੱਡੇ ਲਾਭ ਸ਼ਾਇਦ ਨਾ ਦਿਸਣ, ਪਰ ਨਿਵੇਸ਼, ਤਕਨਾਲੋਜੀ ਅਤੇ ਉਦਯੋਗਿਕ ਵਿਕਾਸ ਲਈ ਮਜ਼ਬੂਤ ਬੁਨਿਆਦ ਪੈਦਾ ਹੋਵੇਗੀ।

ਅਮਰੀਕਾ ਲਈ ਭਾਰਤ ਇੰਡੋ-ਪੈਸੀਫਿਕ ਰਣਨੀਤੀ ਵਿੱਚ ਇੱਕ ਮਹੱਤਵਪੂਰਨ ਸਾਥੀ ਹੈ, ਜਦਕਿ ਭਾਰਤ ਲਈ ਅਮਰੀਕਾ ਵੱਡਾ ਬਾਜ਼ਾਰ ਅਤੇ ਤਕਨੀਕੀ ਸਹਿਯੋਗ ਦਾ ਕੇਂਦਰ ਹੈ। ਇਸ ਲਈ ਇਹ ਸਮਝੌਤਾ ਦੋਹਾਂ ਦੀ ਲੋੜ ਦਾ ਨਤੀਜਾ ਹੈ। ਇਹ ਸਿਰਫ਼ ਵਪਾਰਕ ਸੌਦਾ ਨਹੀਂ, ਸਗੋਂ ਭਾਰਤ ਵੱਲੋਂ ਆਪਣੀ ਰਣਨੀਤਿਕ ਸਥਿਤੀ ਮਜ਼ਬੂਤ ਕਰਨ ਅਤੇ ਭਵਿੱਖ ਲਈ ਮੌਕੇ ਸਿਰਜਣ ਦਾ ਸੋਚ-ਸਮਝ ਕੇ ਚੁੱਕਿਆ ਕਦਮ ਹੈ।

**-ਪ੍ਰੋ. ਸਰਚਾਂਦ ਸਿੰਘ ਖਿਆਲਾ**
**ਬੁਲਾਰਾ ਪੰਜਾਬ ਭਾਜਪਾ, 9781355522**

# ਬਾਦਲ ਵੱਲੋਂ ਅਕਾਲ ਤਖ਼ਤ ਦੇ ਫ਼ੈਸਲੇ ਬੀਜੇਪੀ ਸਿਰ ਮੜ੍ਹਨ ਦੀ ਸਾਜ਼ਿਸ਼ ਨੈਤਿਕ ਪਤਨ ਦੀ ਨਿਸ਼ਾਨੀ : ਪ੍ਰੋ. ਸਰਚਾਂਦ ਸਿੰਘ ਖਿਆਲਾ



**ਅੰਮ੍ਰਿਤਸਰ 20 ਫਰਵਰੀ (ਆਵਾਜ਼ਿ ਕੌਮ ਬਿਊਰੋ)**-ਪੰਜਾਬ ਭਾਜਪਾ ਦੇ ਬੁਲਾਰੇ ਪ੍ਰੋਫੈਸਰ ਸਰਚਾਂਦ ਸਿੰਘ ਖਿਆਲਾ ਨੇ ਸੱਚਖੰਡ ਸ੍ਰੀ ਦਰਬਾਰ ਸਾਹਿਬ ਦੇ ਹੈੱਡ ਗ੍ਰੰਥੀ ਅਤੇ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਸਾਬਕਾ ਜਥੇਦਾਰ ਸਿੰਘ ਸਾਹਿਬ ਗਿਆਨੀ ਰਘਬੀਰ ਸਿੰਘ ਵੱਲੋਂ ਕੀਤੇ ਗਏ ਤਾਜ਼ਾ ਖ਼ੁਲਾਸਿਆਂ ਉੱਤੇ ਗਹਿਰੀ ਹੈਰਾਨੀ ਜਤਾਉਂਦਿਆਂ ਇਸ ਸਾਰੇ ਮਾਮਲੇ ਨੂੰ ਬਹੁਤ ਹੀ ਮੰਦਭਾਗਾ ਅਤੇ ਪੰਥਕ ਮਰਿਆਦਾ ਲਈ ਚਿੰਤਾਜਨਕ ਕਰਾਰ ਦਿੱਤਾ ਹੈ।

## ਵਿਚਾਰ ਆਪੋ-ਆਪਣਾ

ਉਨ੍ਹਾਂ ਕਿਹਾ ਕਿ ਜੇਕਰ 2 ਦਸੰਬਰ 2024 ਨੂੰ ਅਕਾਲੀ ਦਲ ਦੇ ਪ੍ਰਧਾਨ ਸੁਖਬੀਰ ਸਿੰਘ ਬਾਦਲ ਅਤੇ ਉਹਨਾਂ ਦੇ ਸਾਥੀਆਂ ਵਿਰੁੱਧ ਸ੍ਰੀ ਅਕਾਲ ਤਖ਼ਤ ਸਾਹਿਬ ਤੋਂ ਕੀਤੀ ਗਈ ਕਾਰਵਾਈ ਨੂੰ "ਬੀਜੇਪੀ ਵੱਲੋਂ ਡਿਜ਼ਾਈਨ ਕੀਤਾ ਗਿਆ" ਕਹਿ ਕੇ ਸਿੱਖ ਪੰਥ ਨੂੰ ਗੁਮਰਾਹ ਕਰਨ ਲਈ ਸਿੰਘ ਸਾਹਿਬਾਨਾਂ ਉੱਤੇ ਕਿਸੇ ਵੀ ਪ੍ਰਕਾਰ ਦਾ ਦਬਾਅ ਬਣਾਇਆ ਗਿਆ ਹੈ, ਤਾਂ ਇਹ ਨਿੰਦਣਯੋਗ ਹੀ ਨਹੀਂ, ਸਗੋਂ ਪੰਥਕ ਸੰਸਥਾਵਾਂ ਦੀ ਖ਼ੁਦਮੁਖ਼ਤਿਆਰੀ 'ਤੇ ਸਿੱਧਾ ਹਮਲਾ ਹੈ। ਕੋਈ ਵੀ ਸੋਚ ਨਹੀਂ ਸਕਦਾ ਕਿ ਕੋਈ ਵਿਅਕਤੀ ਇਸ ਹੱਦ ਤੱਕ ਵੀ ਗਿਰ ਸਕਦਾ ਹੈ।

ਪ੍ਰੋ. ਖਿਆਲਾ ਨੇ ਗਿਆਨੀ ਰਘਬੀਰ ਸਿੰਘ ਦੇ ਇਸ ਬਿਆਨ ਦਾ ਹਵਾਲਾ ਦਿੰਦਿਆਂ ਕਿਹਾ ਕਿ ਜੇਕਰ ਉਨ੍ਹਾਂ ਨੂੰ ਇਹ ਕਹਿਣ ਲਈ ਦਬਾਅ ਪਾਇਆ ਗਿਆ ਕਿ "2 ਦਸੰਬਰ ਵਾਲਾ ਸਾਰਾ ਇਲਜ਼ਾਮ ਤੁਸੀਂ ਬੀਜੇਪੀ ਉੱਤੇ ਲਾ ਦਿਓ, ਆਰਐਸਐਸ 'ਤੇ ਲਾ ਕੇ ਕਹਿ ਦਿਓ ਕਿ ਮੇਰੇ ਤੋਂ ਬਹੁਤ ਵੱਡੀ ਗ਼ਲਤੀ ਹੋਈ ਕਿ ਦੋ ਦਸੰਬਰ ਨੂੰ ਜੋ ਫ਼ੈਸਲਾ ਕੀਤਾ ਗਿਆ, ਮੈਨੂੰ ਗੁਮਰਾਹ ਕੀਤਾ ਗਿਆ," ਤਾਂ ਇਹ ਸਿਰਫ਼ ਰਾਜਨੀਤਿਕ ਬੇਈਮਾਨੀ ਹੀ ਨਹੀਂ, ਸਗੋਂ ਨੈਤਿਕਤਾ ਦੇ ਪੂਰਨ ਪਤਨ ਦਾ ਸਬੂਤ ਹੈ।

ਉਨ੍ਹਾਂ ਸਪਸ਼ਟ ਕੀਤਾ ਕਿ 2 ਦਸੰਬਰ ਨੂੰ ਅਕਾਲ ਤਖ਼ਤ ਸਾਹਿਬ ਦੀ ਫ਼ਸੀਲ ਤੋਂ ਸਿੰਘ ਸਾਹਿਬਾਨਾਂ ਨੇ ਖ਼ੁਦ ਕਿਹਾ ਸੀ ਕਿ ਇਹ ਫ਼ੈਸਲੇ ਕਿਸੇ ਰਾਜਨੀਤਿਕ ਦਬਾਅ ਹੇਠ ਨਹੀਂ, ਸਗੋਂ ਗੁਰਮਤ ਦੀ ਰੌਸ਼ਨੀ ਵਿੱਚ ਸਰਬਸੰਮਤੀ ਨਾਲ ਲਏ ਗਏ ਹਨ। ਅਜਿਹੇ ਵਿੱਚ ਉਨ੍ਹਾਂ ਫ਼ੈਸਲਿਆਂ ਨੂੰ ਬਾਅਦ ਵਿੱਚ ਬੀਜੇਪੀ ਜਾਂ ਆਰਐਸਐਸ ਦੇ ਸਿਰ ਮੜ੍ਹਨ ਦੀ ਸਾਜ਼ਿਸ਼ੀ ਰਚਣਾ ਸ੍ਰੀ ਅਕਾਲ ਤਖ਼ਤ ਸਾਹਿਬ ਦੀ ਸਰਵਉੱਚਤਾ ਅਤੇ ਸੰਸਥਾਗਤ ਖ਼ੁਦਮੁਖ਼ਤਿਆਰੀ 'ਤੇ ਸਿੱਧਾ ਹਮਲਾ ਹੈ ਅਤੇ ਘਟੀਆ ਰਾਜਨੀਤਿਕ ਵਿਵਾਦ ਵਿੱਚ ਘਸੀਟਣ ਦੇ ਬਰਾਬਰ ਹੈ।

ਪ੍ਰੋ. ਸਰਚਾਂਦ ਸਿੰਘ ਖਿਆਲਾ ਨੇ ਕਿਹਾ ਕਿ ਆਪਣੇ ਪੁਰਾਣੇ ਸਾਥੀ ਭਾਜਪਾ ਉੱਤੇ ਬਿਨਾਂ ਆਧਾਰ ਇਲਜ਼ਾਮ ਥੋਪਣ ਦੀ ਸਾਜ਼ਿਸ਼ੀ ਰਚ ਕੇ ਸੁਖਬੀਰ ਸਿੰਘ ਬਾਦਲ ਨੇ ਪੁਰਾਣੇ ਸਾਥੀ ਦੇ 'ਭਰੋਸੇ' ਦਾ ਹੀ ਕਤਲ ਕੀਤਾ ਹੈ। ਉਹਨਾਂ ਨੂੰ ਬੀਜੇਪੀ ਨੂੰ ਬਦਨਾਮ ਕਰਨ ਦੀ ਸਾਜ਼ਿਸ਼ ਲਈ ਖੁੱਲ੍ਹੇਆਮ ਮਾਫ਼ੀ ਮੰਗਣੀ ਚਾਹੀਦੀ ਹੈ ਅਤੇ ਆਪਣੀ ਸਥਿਤੀ ਸਪਸ਼ਟ ਕਰਨੀ ਚਾਹੀਦੀ ਹੈ।

ਉਨ੍ਹਾਂ ਤਿੱਖੇ ਸ਼ਬਦਾਂ ਵਿੱਚ ਕਿਹਾ ਕਿ ਬਾਦਲ ਪਰਿਵਾਰ ਨੇ ਪੰਥਕ ਪਦਵੀਆਂ ਦਾ ਸਭ ਤੋਂ ਵੱਧ ਨਿਰਾਦਰ ਕੀਤਾ ਹੈ। ਜਿਨ੍ਹਾਂ ਉੱਤੇ ਪੰਥਕ ਮਰਿਆਦਾ, ਪਰੰਪਰਾਵਾਂ ਅਤੇ ਰਿਵਾਇਤਾਂ ਨੂੰ ਕਾਇਮ ਰੱਖਣ ਦੀ ਜ਼ਿੰਮੇਵਾਰੀ ਸੀ, ਉਹਨਾਂ ਨੇ ਹੀ ਸਿੱਖੀ ਸਿਧਾਂਤਾਂ ਦਾ ਘਾਣ ਕੀਤਾ ਅਤੇ ਮਰਿਆਦਾ ਦੀਆਂ ਧੱਜੀਆਂ ਉਡਾਈਆਂ। ਸੱਚ ਨੂੰ ਕੁਝ ਸਮੇਂ ਲਈ ਦਬਾਇਆ ਜਾ ਸਕਦਾ ਹੈ, ਪਰ ਮਿਟਾਇਆ ਨਹੀਂ ਜਾ ਸਕਦਾ। ਅਕਾਲੀ ਲੀਡਰਸ਼ਿਪ ਦੀਆਂ ਸਿਆਸੀ ਖ਼ਾਹਿਸ਼ਾਂ ਦੀ ਪੂਰਤੀ ਕਰਨੀ ਕਿਸੇ ਵੀ ਜਥੇਦਾਰ ਲਈ ਮਜਬੂਰੀ ਬਣੀ ਹੋਵੇ, ਪਰ ਸਮੇਂ ਦੇ ਨਾਲ ਉਹਨਾਂ ਨੇ ਬਾਦਲ ਪਰਿਵਾਰ ਦੀਆਂ ਖ਼ਾਮੀਆਂ ਅਤੇ ਗ਼ਲਤੀਆਂ ਨੂੰ ਉਜਾਗਰ ਕਰਕੇ ਸੱਚ ਸਾਹਮਣੇ ਰੱਖਿਆ ਹੈ।

ਉਨ੍ਹਾਂ ਕਿਹਾ ਕਿ 2 ਦਸੰਬਰ ਦੇ ਫ਼ੈਸਲਿਆਂ ਨੇ ਜਥੇਦਾਰ ਦੀ ਪਦਵੀ ਦੀ ਗਰਿਮਾ ਨੂੰ ਬਹਾਲ ਕਰਨ ਅਤੇ ਸਿੱਖਾਂ ਵਿੱਚ ਜਥੇਦਾਰਾਂ ਪ੍ਰਤੀ ਵਿਸ਼ਵਾਸ ਨੂੰ ਮੁੜ ਸੁਰਜੀਤ ਕਰਨ ਦਾ ਕੰਮ ਕੀਤਾ ਹੈ। ਅਜਿਹੇ ਵਿੱਚ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਹੈੱਡ ਗ੍ਰੰਥੀ ਵਜੋਂ ਸੇਵਾ ਨਿਭਾ ਰਹੇ ਸਿੰਘ ਸਾਹਿਬ ਨੂੰ ਨੋਟਿਸ ਭੇਜਣਾ ਉਨ੍ਹਾਂ ਦੇ ਰੁਤਬੇ ਦੀ ਤੌਹੀਨ ਹੈ। ਜੇਕਰ ਕੋਈ ਗ਼ਲਤਫ਼ਹਿਮੀ ਸੀ ਤਾਂ ਸ਼੍ਰੋਮਣੀ ਕਮੇਟੀ ਨੂੰ ਚਾਹੀਦਾ ਸੀ ਕਿ ਸਿੰਘ ਸਾਹਿਬ ਨਾਲ ਬੈਠ ਕੇ ਗੱਲਬਾਤ ਰਾਹੀਂ ਮਾਮਲਾ ਸੁਲਝਾਇਆ ਜਾਂਦਾ, ਨਾ ਕਿ ਨੋਟਿਸ ਜਾਰੀ ਕਰਕੇ ਸੰਸਥਾਵਾਂ ਦੀ ਗਰਿਮਾ 'ਤੇ ਸਵਾਲ ਖੜ੍ਹੇ ਕੀਤੇ ਜਾਂਦੇ।

ਪ੍ਰੋ. ਸਰਚਾਂਦ ਸਿੰਘ ਖਿਆਲਾ ਨੇ ਅੰਤ ਵਿੱਚ ਕਿਹਾ ਕਿ ਅਕਾਲ ਤਖ਼ਤ ਸਾਹਿਬ ਦੀ ਖ਼ੁਦਮੁਖ਼ਤਿਆਰੀ, ਜਥੇਦਾਰਾਂ ਦੀ ਇੱਜ਼ਤ ਅਤੇ ਪੰਥਕ ਮਰਿਆਦਾ ਕਿਸੇ ਵੀ ਰਾਜਨੀਤਿਕ ਅਹੰਕਾਰ ਤੋਂ ਉੱਪਰ ਹੈ। ਜੋ ਵੀ ਤਾਕਤਾਂ ਇਨ੍ਹਾਂ ਸੰਸਥਾਵਾਂ ਨੂੰ ਰਾਜਨੀਤਿਕ ਢਾਲ ਵਜੋਂ ਵਰਤਣਾ ਚਾਹੁੰਦੀਆਂ ਹਨ, ਉਹਨਾਂ ਨੂੰ ਸੰਗਤ ਕਦੇ ਮਾਫ਼ ਨਹੀਂ ਕਰੇਗੀ। ਪੰਥ ਅਤੇ ਇਤਿਹਾਸ ਦੇ ਦਰਬਾਰ ਵਿੱਚ ਸੱਚ ਦੀ ਹੀ ਜਿੱਤ ਹੁੰਦੀ ਹੈ।

# ਨਵੇਂ ਸੈਸ਼ਨ ਦੀ ਸ਼ੁਰੂਆਤ ਤੇ ਕਰਵਾਏ ਸੁਖਮਨੀ ਸਾਹਿਬ ਜੀ ਦੇ ਪਾਠ



ਫ਼ਿਰੋਜ਼ਪੁਰ, 20 ਫਰਵਰੀ (ਮਨੋਹਰ ਲਾਲ) :— ਮੋਗਾ ਰੋਡ ਸਥਿਤ ਜੈਨੇਸਿਸ ਡੈਂਟਲ ਕਾਲਜ ਤੇ ਹਸਪਤਾਲ ਅਤੇ ਜੈਨੇਸਿਸ ਨਰਸਿੰਗ ਕਾਲਜ ਵਿੱਚ ਨਵੇਂ ਸਿਖਿਆ ਸੈਸ਼ਨ ਦੀ ਸ਼ੁਰੂਆਤ ਸ਼ਰਧਾ ਭਾਵਨਾ ਨਾਲ ਸ਼੍ਰੀ ਸੁਖਮਨੀ ਸਾਹਿਬ ਜੀ ਦਾ ਪਾਠ ਕਰਵਾ ਕੇ ਕੀਤੀ ਗਈ। ਕਾਲਜ ਵਿੱਚ ਗੁਰਬਾਣੀ ਦੀ ਮਿੱਠੀ ਧੁੰਨ ਗੂੰਜਦੀ ਰਹੀ ਅਤੇ ਵਿਦਿਆਰਥੀਆਂ, ਅਧਿਆਪਕਾਂ ਤੇ ਕਰਮਚਾਰੀਆਂ ਨੇ ਇਕਾਗਰ ਮਨ ਨਾਲ ਅਰਦਾਸ ਕਰਦਿਆਂ ਸਫਲ ਤੇ ਚੜ੍ਹਦੀ ਕਲਾ ਵਾਲੇ ਸਾਲ ਦੀ ਕਾਮਨਾ ਕੀਤੀ। ਇਸ ਮੌਕੇ ਸੰਸਥਾ ਦੇ ਚੈਅਰਮੈਨ ਸੀਏ ਵਰਿੰਦਰ ਮੋਹਨ ਸਿੰਘਲ ਨੇ ਕਿਹਾ ਕਿ ਚਿਕਿਤਸਾ ਸਿੱਖਿਆ ਸਿਰਫ਼ ਪੇਸ਼ਾ ਨਹੀਂ, ਸਗੋਂ ਮਨੁੱਖਤਾ ਦੀ ਸੇਵਾ ਦਾ ਸੰਕਲਪ ਹੈ। ਉਨ੍ਹਾਂ ਵਿਦਿਆਰਥੀਆਂ ਨੂੰ ਗਿਆਨ ਦੇ ਨਾਲ ਨਿਮਰਤਾ, ਅਨੁਸ਼ਾਸਨ ਅਤੇ ਦਇਆ ਦੇ ਗੁਣ ਅਪਣਾਉਣ ਲਈ ਪ੍ਰੇਰਿਤ ਕੀਤਾ।

ਸੰਸਥਾ ਦੀ ਚੈਅਰਪਰਸਨ ਮੀਨਾਕਸ਼ੀ ਸਿੰਘਲ ਨੇ ਨਵੇਂ ਦਾਖ਼ਲਾ ਲੈਣ ਵਾਲੇ ਵਿਦਿਆਰਥੀਆਂ ਦਾ ਸਵਾਗਤ ਕਰਦਿਆਂ ਕਿਹਾ ਕਿ ਇੱਥੇ ਉੱਚ ਸਿੱਖਿਆ ਦੇ ਨਾਲ ਸੰਸਕਾਰਾਂ ਨੂੰ ਵੀ ਬਰਾਬਰ ਮਹੱਤਵ ਦਿੱਤਾ ਜਾਂਦਾ ਹੈ। ਜਵਾਇੰਟ ਚੇਅਰਮੈਨ ਸੀਏ ਗਗਨਦੀਪ ਸਿੰਘਲ ਨੇ ਸਮੇਂ ਦੀ ਕਦਰ ਕਰਨ, ਅਨੁਸ਼ਾਸਨ ਬਣਾਈ ਰੱਖਣ ਅਤੇ ਸੇਵਾ ਭਾਵਨਾ ਨਾਲ ਕੰਮ ਕਰਨ ਦੀ ਅਪੀਲ ਕੀਤੀ, ਜਦਕਿ ਜਵਾਇੰਟ ਚੈਅਰਪਰਸਨ ਨਵਿਤਾ ਸਿੰਘਲ ਨੇ ਕਿਹਾ ਕਿ ਚਿਕਿਤਸਾ ਖੇਤਰ ਵਿੱਚ ਅਸਲੀ ਕਾਮਯਾਬੀ ਮਨੁੱਖਤਾ ਭਰੀ ਸੋਚ ਅਤੇ ਨਿਰੰਤਰ ਸਿੱਖਣ ਨਾਲ ਮਿਲਦੀ ਹੈ। ਅੰਤ ਵਿੱਚ ਅਰਦਾਸ ਉਪਰੰਤ ਪ੍ਰਸਾਦ ਵੰਡਿਆ ਗਿਆ ਅਤੇ ਲੰਗਰ ਛਕਾਇਆ ਗਿਆ ਅਤੇ ਸਾਰੇ ਹਾਜ਼ਰੀਨਾਂ ਨੇ ਨਵੇਂ ਸੈਸ਼ਨ ਨੂੰ ਸੇਵਾ, ਸਮਰਪਣ ਅਤੇ ਉਤਕ੍ਰਿਸ਼ਟਤਾ ਦੇ ਸੰਕਲਪ ਨਾਲ ਸ਼ੁਰੂ ਕਰਨ ਦਾ ਵਚਨ ਲਿਆ।

### ਕੈਨੇਡੀਅਨ ਵਿਗਿਆਨੀਆਂ ਦੇ ਵਫ਼ਦ ਵੱਲੋਂ

# ਗੁਰੂ ਕਾਸ਼ੀ ਯੂਨੀਵਰਸਿਟੀ ਦਾ ਦੌਰਾ



**ਤਲਵੰਡੀ ਸਾਬੋ, 20 ਫਰਵਰੀ (ਗੁਰਜੰਟ ਸਿੰਘ ਨਥੇਹਾ)**- ਮੈਕਗਿਲ ਯੂਨੀਵਰਸਿਟੀ, ਮੌਂਟਰੀਅਲ ਦੇ ਨਾਮੀ ਖੇਤੀ ਵਿਗਿਆਨੀ ਪ੍ਰੋ. (ਡਾ.) ਸ਼ਿਵ.ਓ ਪਰਾਸ਼ਰ ਅਤੇ ਗੁਇਲਫ਼ ਯੂਨੀਵਰਸਿਟੀ ਗੁਇਲਫ਼, ਕੈਨੇਡਾ ਦੇ ਪ੍ਰੋ. (ਡਾ.) ਰਮੇਸ਼ ਪੀ. ਰੁਦਰਾ ਅਤੇ ਕਰਨਲ ਸੁਨੀਲ ਸ਼ਰਮਾ ਵੱਲੋਂ ਗੁਰੂ ਕਾਸ਼ੀ ਯੂਨੀਵਰਸਿਟੀ ਦਾ ਦੌਰਾ ਕੀਤਾ ਗਿਆ। ਜਿਸ ਦੌਰਾਨ ਧਰਤੀ ਹੇਠਲੇ ਪਾਣੀ, ਜਲਵਾਯੂ ਪਰਿਵਰਤਣ ਅਤੇ ਗੰਧਲੇ ਹੁੰਦੇ ਆਲੇ-ਦੁਆਲੇ ਬਾਰੇ ਵਰਸਿਟੀ ਅਧਿਕਾਰੀਆਂ ਨਾਲ ਵਿਚਾਰ ਚਰਚਾ ਕੀਤੀ ਗਈ। ਇਸ ਮੌਕੇ ਵਾਈਸ ਚਾਂਸਲਰ ਪ੍ਰੋ. (ਡਾ.) ਰਾਮੇਸ਼ਵਰ ਸਿੰਘ, ਪਰੋ. ਵਾਈਸ ਚਾਂਸਲਰ ਪ੍ਰੋ. (ਡਾ.) ਜਗਤਾਰ ਸਿੰਘ ਧੀਮਾਨ, ਵੱਖ-ਵੱਖ ਵਿਭਾਗਾਂ ਦੇ ਡਾਇਰੈਕਟਰ, ਡੀਨ ਅਤੇ ਅਧਿਆਪਕ ਹਾਜ਼ਰ ਸਨ। ਇਸ ਮੌਕੇ ਡਾ. ਪਰਾਸ਼ਰ ਨੇ ਜਲਵਾਯੂ ਪਰਿਵਰਤਨ ਕਾਰਨ ਵਿਸ਼ਵੀ ਪੱਧਰ ਤੇ ਆ ਰਹੇ ਬਦਲਾਵਾਂ ਦੀ ਗੱਲ ਕਰਦਿਆਂ ਕਿਹਾ ਕਿ ਧਰਤੀ ਦਾ ਵੱਧ ਰਿਹਾ ਤਾਪਮਾਨ ਭਵਿੱਖ ਵਿੱਚ ਫਸਲਾਂ ਲਈ ਕਾਫੀ ਨੁਕਸਾਨਦਾਇਕ ਹੋਣ ਵਾਲਾ ਹੈ। ਇਸ ਲਈ ਖੇਤੀ ਵਿਗਿਆਨੀਆਂ ਨੂੰ ਬਦਲਦੀ ਜਲਵਾਯੂ ਅਨੁਸਾਰ ਨਵੇਂ ਸੁਧਰੀਆਂ ਤਕਨੀਕਾਂ 'ਤੇ ਕੰਮ ਕਰਨਾ ਪਵੇਗਾ ਜੋ ਇਸ ਵੱਧ ਰਹੇ ਤਾਪਮਾਨ ਨੂੰ ਸਹਿਣ ਕਰ ਸਕਣ। ਉਨ੍ਹਾਂ ਭਾਰਤ ਵਿੱਚ ਕਿਸਾਨਾਂ ਵੱਲੋਂ ਵੱਧ ਮਾਤਰਾ ਵਿੱਚ ਕੀਤੀ ਜਾ ਰਹੀ ਜ਼ਿਹਰਾਂ ਦੀ ਵਰਤੋਂ ਤੇ ਚਿੰਤਾ ਦਾ ਪ੍ਰਗਟਾਵਾ ਕਰਦਿਆਂ ਕਿਹਾ ਕਿ ਇਸ ਨਾਲ ਧਰਤੀ ਦੀ ਸਿਹਤ ਅਤੇ ਪਾਣੀ ਮਾੜਾ ਅਸਰ ਪੈਂਦਾ ਹੈ। ਇਸ ਲਈ ਸਾਨੂੰ ਅਜਿਹੀਆਂ ਫਸਲਾਂ ਅਤੇ ਅਜਿਹੇ ਤਰੀਕੇ ਨਾਲ ਖੇਤੀ ਕਰਨੀ ਚਾਹੀਦੀ ਹੈ, ਜਿਸ ਨਾਲ ਧਰਤੀ ਅਤੇ ਪਾਣੀ ਦੀ ਗੁਣਵੱਤਾ ਬਣੀ ਰਹੇ। ਡਾ. ਰੁਦਰਾ ਨੇ ਧਰਤੀ ਹੇਠਲੇ ਪਾਣੀ ਵਿੱਚ ਵੱਧ ਰਹੀ ਨਾਇਟ੍ਰੇਟ ਦੀ ਮਾਤਰਾ ਦੀ ਗੱਲ ਕਰਦਿਆਂ ਕਹਾ ਕਿ ਸਾਨੂੰ ਅਜਿਹੀਆਂ ਫਸਲਾਂ ਬੀਜਣੀਆਂ ਚਾਹੀਦੀਆਂ ਹਨ ਜੋ ਘੱਟ ਪਾਣੀ ਅਤੇ ਬਿਨਾਂ ਜ਼ਿਹਰਾਂ ਦੀ ਵਰਤੋਂ ਤੇ ਵੱਧ ਝਾੜ ਦੇ ਸਕਣ। ਉਨ੍ਹਾਂ ਵਿਸ਼ਵ ਵਿਚ ਵਰਤੇ ਜਾ ਰਹੇ ਬੋਤਲ ਬੰਦ ਪਾਣੀ ਤੇ ਆਪਣੀ ਰਾਏ ਦਿੰਦਿਆਂ ਕਿਹਾ ਕਿ ਵਿਗਿਆਨੀਆਂ ਦੀ ਖੋਜ ਅਨੁਸਾਰ ਇਸ ਵਿੱਚ ਮਾਇਕਰੋ ਅਤੇ ਨੈਨੋ ਪਲਾਸਟਿਕ ਦੀ ਮਾਤਰਾ ਪਾਈ ਜਾ ਰਹੀ ਹੈ। ਜੋ ਮਨੁੱਖੀ ਜੀਵਨ ਲਈ ਹਾਨੀਕਾਰਕ ਹੈ। ਉਨ੍ਹਾਂ ਧਰਤੀ ਨੂੰ ਪਲਾਸਟਿਕ ਮੁਕਤ ਕਰਨ ਲਈ ਸਭਨਾਂ ਨੂੰ ਪ੍ਰੇਰਿਤ ਕੀਤਾ। ਉਨ੍ਹਾਂ ਵਿਸ਼ੇਸ਼ ਤੌਰ 'ਤੇ ਇੱਕ ਦਮ ਤਾਪਮਾਨ ਵੱਧਣ ਅਤੇ ਘੱਟਣ ਤੇ ਵੀ ਚਿੰਤਾ ਦਾ ਪ੍ਰਗਟਾਵਾ ਕੀਤਾ ਤੇ ਇਸ ਦਿਸ਼ਾ ਵਿੱਚ ਵਿਗਿਆਨੀਆਂ ਨੂੰ ਖੋਜ ਕਾਰਜ ਕਰਨ ਲਈ ਕਿਹਾ। ਵਫ਼ਦ ਦੇ ਦੌਰੇ ਮੌਕੇ ਵਾਈਸ ਚਾਂਸਲਰ ਡਾ. ਸਿੰਘ ਨੇ ਵਾਤਾਵਰਣ ਦੀ ਸਾਂਭ ਸੰਭਾਲ ਲਈ ਸਾਂਝੇ ਤੌਰ 'ਤੇ ਕੰਮ ਕਰਨ ਦੀ ਗੱਲ ਕਹੀ। ਉਨ੍ਹਾਂ ਵਫ਼ਦ ਦਾ ਸਵਾਗਤ ਕਰਦਿਆਂ ਕਿਹਾ ਕਿ ਸਾਨੂੰ ਯੋਜਨਾਬੱਧ ਤਰੀਕੇ ਨਾਲ ਇਸ ਦਿਸ਼ਾ ਵਿੱਚ ਕੰਮ ਕਰਨਾ ਪਵੇਗਾ ਤੇ ਭਵਿੱਖ ਵਿੱਚ ਮਾਹਿਰਾਂ ਦੀ ਰਾਏ ਅਨੁਸਾਰ ਅਕਾਦਮਿਕ ਖੇਤਰ ਵਿੱਚ ਸੁਧਾਰਾਂ ਬਾਰੇ ਰਾਏ ਪ੍ਰਗਟ ਕੀਤੀ ਗਈ। ਉਨ੍ਹਾਂ ਆਏ ਮਹਿਮਾਨਾਂ ਨਾਲ ਮਿਲਕੇ ਖੋਜ ਪ੍ਰੋਜੈਕਟ ਤਿਆਰ ਕਰਨ ਦੀ ਗੱਲ ਕੀਤੀ। ਉਨ੍ਹਾਂ ਨੇ ਕਰਨਲ (ਰਿਟਾ.) ਸੁਨੀਲ ਸ਼ਰਮਾ ਵੱਲੋਂ ਦੇਸ਼ ਅਤੇ ਸਮਾਜ ਸੇਵਾ ਵਿੱਚ ਦਿੱਤੀਆਂ ਮਹੱਤਵਪੂਰਨ ਸੇਵਾਵਾਂ ਦੀ ਭਰਪੂਰ ਪ੍ਰਸ਼ੰਸਾ ਕਰਦੇ ਹੋਏ ਕਿਹਾ ਕਿ ਉਨ੍ਹਾਂ ਦਾ ਯੋਗਦਾਨ ਨੌਜਵਾਨਾਂ ਲਈ ਪ੍ਰੇਰਣਾ ਦਾ ਸਰੋਤ ਹੈ। ਵਫਦ ਦੇ ਪ੍ਰਤੀਨਿਧੀਆਂ ਦੀ ਜਾਣ-ਪਹਿਚਾਣ ਕਰਵਾਉਂਦੇ ਹੋਏ ਪਰੋ. ਵਾਈਸ ਚਾਂਸਲਰ ਡਾ. ਧੀਮਾਨ ਨੇ ਮਹਿਮਾਨ ਵਿਗਿਆਨੀਆਂ ਵੱਲੋਂ ਕੀਤੀਆਂ ਗਈਆਂ ਪ੍ਰਾਪਤੀਆਂ ਅਤੇ ਹਾਸਿਲ ਕੀਤੇ ਸਨਮਾਨਾਂ ਬਾਰੇ ਜਾਣਕਾਰੀ ਦਿੱਤੀ ਅਤੇ ਉਨ੍ਹਾਂ ਵੱਲੋਂ ਵਿਗਿਆਨਿਕ ਯੋਗਦਾਨ ਦੀ ਸ਼ਲੇਘਾ ਕੀਤੀ। ਉਨ੍ਹਾਂ ਕਿਹਾ ਕਿ ਵਾਤਾਵਰਣ ਅਤੇ ਕੁਦਰਤੀ ਸਰੋਤਾਂ ਦੀ ਸਾਂਭ-ਸੰਭਾਲ ਸਮੇਂ ਦੀ ਲੋੜ ਹੈ। ਉਨ੍ਹਾਂ ਮਹਿਮਾਨ ਵਫ਼ਦ ਦੇ ਵਿਗਿਆਨੀਆਂ ਵੱਲੋਂ ਖੇਤੀ ਵਿੱਚ ਪਾਣੀ ਦੀ ਸੁਚੱਜੀ ਵਰਤੋਂ ਅਤੇ ਮਿੱਟੀ ਦੀ ਜੈਵਿਕ ਸਮਰੱਥਾ ਨੂੰ ਵਧਾਉਣ ਲਈ ਕੀਤੇ ਕਾਰਜਾਂ ਦੀ ਪ੍ਰਸ਼ੰਸਾ ਕੀਤੀ ਅਤੇ ਭਵਿੱਖ ਮੁਖੀ ਯੋਜਨਾਵਾਂ ਰਾਹੀਂ ਉੱਭਰ ਰਹੀ ਸਮੱਸਿਆਵਾਂ ਦੇ ਹੱਲ ਲਈ ਯਤਨਸ਼ੀਲ ਹੋਣ ਦੀ ਚਰਚਾ ਕੀਤੀ। ਵਿਗਿਆਨੀਆਂ ਦੇ ਵਫ਼ਦ ਵੱਲੋਂ ਹਾਜ਼ਰੀਨ ਦੀਆਂ ਸ਼ੰਕਾਵਾਂ ਦਾ ਨਿਵਾਰਨ ਕੀਤਾ ਤੇ ਪੁੱਛੇ ਗਏ ਸਵਾਲਾਂ ਦਾ ਜਵਾਬ ਦਿੱਤੇ ਗਏ। ਵਿਗਿਆਨੀਆਂ ਨੇ ਯੂਨੀਵਰਸਿਟੀ ਦੌਰੇ ਸਮੇਂ ਵਰਸਿਟੀ ਕਮਿਉਨਿਟੀ ਰੇਡੀਓ ਸਟੇਸ਼ਨ, ਪ੍ਰਯੋਗਸ਼ਾਲਾਵਾਂ ਅਤੇ ਖੇਤਾਂ ਦਾ ਦੌਰਾ ਵੀ ਕੀਤਾ। 'ਵਰਸਿਟੀ ਵੱਲੋਂ ਮਹਿਮਾਨਾਂ ਨੂੰ ਦੁਸ਼ਾਲੇ ਅਤੇ ਯਾਦ ਚਿੰਨ੍ਹ ਨਾਲ ਸਨਮਾਨਿਤ ਕੀਤਾ ਗਿਆ।




### ਧਰਮ ਪ੍ਰਚਾਰ ਲਹਿਰ ਨੂੰ ਤੇਜ਼ ਕਰਣ ਲਈ ਐਡਵੋਕੇਟ ਧਾਮੀ ਨੇ ਧਰਮ ਪ੍ਰਚਾਰ ਕਮੇਟੀ ਦੇ ਪ੍ਰਚਾਰਕਾਂ, ਢਾਡੀ ਤੇ ਕਵੀਸ਼ਰ ਸਿੰਘਾਂ ਨਾਲ ਕੀਤੀ ਇਕੱਤਰਤਾ

# ਪਿੰਡਾਂ ਅੰਦਰ ਗੁਰਮਤਿ ਸਮਾਗਮ ਅਤੇ ਕਰਵਾਏ ਜਾਣਗੇ ਅੰਮ੍ਰਿਤ ਸੰਚਾਰ - ਐਡਵੋਕੇਟ ਧਾਮੀ

ਨਵੀਂ ਦਿੱਲੀ, 20 ਫ਼ਰਵਰੀ (ਮਨਪ੍ਰੀਤ ਸਿੰਘ ਖਾਲਸਾ):- ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਬੀਤੇ ਕੱਲ੍ਹ ਧਰਮ ਪ੍ਰਚਾਰ ਕਮੇਟੀ ਦੇ ਪ੍ਰਚਾਰਕਾਂ, ਢਾਡੀ ਤੇ ਕਵੀਸ਼ਰ ਸਿੰਘਾਂ ਨਾਲ ਇਕੱਤਰਤਾ ਕਰਕੇ ਧਰਮ ਪ੍ਰਚਾਰ ਲਹਿਰ ਨੂੰ ਹੋਰ ਤੇਜ਼ ਕਰਨ, ਨੌਜੁਆਨ ਪੀੜ੍ਹੀ ਨੂੰ ਸਿੱਖ ਇਤਿਹਾਸ ਤੇ ਮਰਯਾਦਾ ਨਾਲ ਜੋੜਨ, ਹਲਕਾ ਪੱਧਰ 'ਤੇ ਪਿੰਡਾਂ ਅੰਦਰ ਗੁਰਮਤਿ ਸਮਾਗਮ ਕਰਨ ਸਬੰਧੀ ਵਿਚਾਰਾਂ ਕਰਨ ਦੇ ਨਾਲ-ਨਾਲ ਸ਼ਹੀਦ ਭਾਈ ਤਾਰਾ ਸਿੰਘ ਜੀ ਵਾਂ ਦੀ 300 ਸਾਲਾ ਸ਼ਹੀਦੀ ਸ਼ਤਾਬਦੀ ਦੇ ਸਮਾਗਮਾਂ ਸਬੰਧੀ ਵੀ ਚਰਚਾ ਕੀਤੀ। ਐਡਵੋਕੇਟ ਧਾਮੀ ਨੇ ਕਿਹਾ ਕਿ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੀ 350 ਸਾਲਾ ਸ਼ਹੀਦੀ ਸ਼ਤਾਬਦੀ ਨੂੰ ਸਮਰਪਿਤ ਸਮਾਗਮਾਂ ਸਮੇਂ ਜਿਥੇ ਸੰਗਤਾਂ ਦਾ ਵੱਡਾ ਸਹਿਯੋਗ ਰਿਹਾ, ਉਥੇ ਹੀ ਸਮੂਹ ਮੁਲਾਜ਼ਮਾਂ ਨੇ ਵੀ ਤਨਦੇਹੀ ਨਾਲ ਆਪਣੀ ਡਿਊਟੀ ਨਿਭਾਈ। ਉਨ੍ਹਾਂ ਕਿਹਾ ਕਿ ਹੁਣ ਜਿਥੇ 14 ਮਾਰਚ 2026 ਨੂੰ ਕੌਮ ਦੇ ਮਹਾਨ ਸ਼ਹੀਦ ਭਾਈ ਤਾਰਾ ਸਿੰਘ ਜੀ ਵਾਂ ਦੀ ਸ਼ਹੀਦੀ ਸ਼ਤਾਬਦੀ ਵੱਡੇ ਪੱਧਰ 'ਤੇ ਮਨਾਈ ਜਾ ਰਹੀ ਹੈ, ਉਥੇ ਹੀ ਮਈ ਮਹੀਨੇ ਸ੍ਰੀ ਕੀਰਤਪੁਰ ਸਾਹਿਬ ਦਾ ਸਥਾਪਨਾ ਦਿਵਸ ਮਨਾਇਆ ਜਾਣਾ ਹੈ। ਉਨ੍ਹਾਂ ਕਿਹਾ ਕਿ ਧਰਮ ਪ੍ਰਚਾਰ ਲਹਿਰ ਨੂੰ ਹੋਰ ਤੇਜ਼ ਕਰਦਿਆਂ ਹਰ ਹਲਕੇ ਦੇ ਪਿੰਡਾਂ ਅੰਦਰ ਗੁਰਮਤਿ ਸਮਾਗਮ ਅਤੇ ਅੰਮ੍ਰਿਤ ਸੰਚਾਰ ਸਮਾਗਮ ਕਰਵਾਉਣ ਦੀ ਰੂਪ ਰੇਖਾ ਉਲੀਕੀ ਗਈ ਹੈ। ਉਨ੍ਹਾਂ ਕਿਹਾ ਕਿ ਸਕੂਲਾਂ/ਕਾਲਜਾਂ ਅੰਦਰ ਵਿਦਿਆਰਥੀਆਂ ਦੇ ਪੇਪਰਾਂ ਉਪਰੰਤ ਵਿਸ਼ੇਸ਼ ਤੌਰ 'ਤੇ ਕੈਂਪ ਲਗਾ ਕੇ ਬੱਚਿਆਂ ਨੂੰ ਗੁਰਮਤਿ, ਸਿੱਖ ਇਤਿਹਾਸ ਅਤੇ ਰਹਿਤ ਮਰਯਾਦਾ ਦੀ ਜਾਣਕਾਰੀ ਦਿੱਤੀ ਜਾਵੇਗੀ। ਇਸ ਦੇ ਨਾਲ ਹੀ ਪਿੰਡਾਂ ਅੰਦਰ ਗੁਰਦੁਆਰਾ ਸਾਹਿਬ ਦੇ ਗ੍ਰੰਥੀਆਂ ਨੂੰ ਗੁਰਬਾਣੀ ਸੰਥਿਆਂ ਦੇਣ ਮਰਯਾਦਾ ਅਨੁਸਾਰ ਕਾਰਜ ਕਰਨ ਲਈ ਵਿਸ਼ੇਸ਼ ਤੌਰ 'ਤੇ ਕੈਂਪ ਲਗਾਏ ਜਾਣਗੇ। ਉਨ੍ਹਾਂ ਦੱਸਿਆ ਕਿ ਇਸ ਦੇ ਨਾਲ ਹੀ ਧਰਮ ਪ੍ਰਚਾਰ ਲਹਿਰ ਤਹਿਤ ਸ੍ਰੀ ਅੰਮ੍ਰਿਤਸਰ, ਸ੍ਰੀ ਅਨੰਦਪੁਰ ਸਾਹਿਬ, ਤਖ਼ਤ ਸ੍ਰੀ ਦਮਦਮਾ ਸਾਹਿਬ ਤਲਵੰਡੀ ਸਾਬੋ ਅਤੇ ਪਟਿਆਲਾ ਵਿਖੇ ਚਾਰ ਵੱਡੇ ਗੁਰਮਤਿ ਵੀ ਆਯੋਜਤ ਕੀਤੇ ਜਾਣਗੇ। ਸ਼੍ਰੋਮਣੀ ਕਮੇਟੀ ਪ੍ਰਧਾਨ ਨੇ ਸਮੂਹ ਪ੍ਰਚਾਰਕ, ਢਾਡੀ ਤੇ ਕਵੀਸ਼ਰ ਸਿੰਘਾਂ ਨੂੰ ਪਹਿਲਾਂ ਦੀ ਤਰ੍ਹਾਂ ਸਮਰਮਣ ਭਾਵਨਾ ਨਾਲ ਗੁਰਮਤਿ ਦੇ ਪ੍ਰਚਾਰ ਪ੍ਰਸਾਰ ਲਈ ਕਾਰਜਸ਼ੀਲ ਹੋਣ ਲਈ ਆਖਿਆ। ਇਸ ਮੌਕੇ ਸ਼੍ਰੋਮਣੀ ਕਮੇਟੀ ਦੇ ਮੁੱਖ ਸਕੱਤਰ ਸ. ਕੁਲਵੰਤ ਸਿੰਘ ਮੰਨਣ, ਅੰਤ੍ਰਿੰਗ ਮੈਂਬਰ ਸ. ਜੰਗ ਬਹਾਦਰ ਸਿੰਘ, ਮੈਂਬਰ ਸ. ਫੁੰਮਣ ਸਿੰਘ, ਓਐਸਡੀ ਸ. ਸਤਬੀਰ ਸਿੰਘ, ਧਰਮ ਪ੍ਰਚਾਰ ਕਮੇਟੀ ਦੇ ਸਕੱਤਰ ਸ. ਬਲਵਿੰਦਰ ਸਿੰਘ ਕਾਹਲਵਾਂ, ਵਧੀਕ ਸਕੱਤਰ ਸ. ਬਿਜੈ ਸਿੰਘ, ਮੀਤ ਸਕੱਤਰ ਸ. ਜਸਵਿੰਦਰ ਸਿੰਘ ਜੱਸੀ, ਸ. ਸੁਖਬੀਰ ਸਿੰਘ, ਸੁਪ੍ਰਿੰਟੈਂਡੈਂਟ ਸ. ਮਲਕੀਤ ਸਿੰਘ ਬਹਿੜਵਾਲ, ਹੈੱਡ ਪ੍ਰਚਾਰਕ ਸ. ਸਰਬਜੀਤ ਸਿੰਘ ਢੋਟੀਆਂ, ਭਾਈ ਬਲਵੰਤ ਸਿੰਘ ਐਨੋਕੋਟ ਸਮੇਤ ਪ੍ਰਚਾਰਕ, ਢਾਡੀ ਤੇ ਕਵੀਸ਼ਰ ਜਥੇ ਮੌਜੂਦ ਸਨ।



# ਵਿਸ਼ਵ ਭਾਈ ਮਰਦਾਨਾ ਯਾਦਗਾਰੀ ਕੀਰਤਨ ਦਰਬਾਰ ਦੀਆਂ ਤਿਆਰੀਆਂ ਮੁਕੰਮਲ

ਫ਼ਿਰੋਜ਼ਪੁਰ, 20 ਫਰਵਰੀ (ਮਨੋਹਰ ਲਾਲ) :— 34ਵਾਂ ਵਿਸ਼ਵ ਭਾਈ ਮਰਦਾਨਾ ਯਾਦਗਾਰੀ ਕੀਰਤਨ ਦਰਬਾਰ ਹਰ ਸਾਲ ਦੀ ਤਰ੍ਹਾਂ ਇਸ ਸਾਲ ਵੀ 21 ਫਰਵਰੀ ਅਤੇ 22 ਫਰਵਰੀ ਨੂੰ ਭਾਈ ਮਰਦਾਨਾ ਜੀ ਹਾਲ ਨੇੜੇ ਸਿਵਲ ਹਸਪਤਾਲ ਗੁਰੂ ਰਾਮਦਾਸ ਨਗਰ ਵਿਖੇ ਕਰਵਾਇਆ ਜਾ ਰਿਹਾ ਹੈ। ਇਸ ਸਬੰਧੀ ਜਾਣਕਾਰੀ ਸਾਂਝੀ ਕਰਦਿਆਂ ਸੋਸਾਇਟੀ ਦੇ ਪ੍ਰਧਾਨ ਜਗਜੀਤ ਸਿੰਘ ਭੁੱਲਰ ਨੇ ਆਖਿਆ ਕਿ ਅੱਜ ਕੀਰਤਨ ਦਰਬਾਰ ਤਕਰੀਬਨ 1 ਵਜੇ ਦੁਪਹਿਰ ਸ਼ੁਰੂ ਹੋਵੇਗਾ ਅਤੇ ਰਾਤ 10 ਵਜੇ ਤੱਕ ਚੱਲੇਗਾ। ਇਸ ਪ੍ਰੋਗਰਾਮ ਵਿੱਚ ਸੂਫੀ ਸੰਤ ਗੁਲਾਮ ਹੈਦਰ ਕਾਦਰੀ ਜੀ ਸੰਤ ਬਾਬਾ ਲੱਖਾ ਸਿੰਘ ਜੀ ਨਾਨਕਸਰ ਵਾਲੇ ਸ੍ਰੀ ਮਹੰਤ ਰੇਸ਼ਮ ਜੀ ਸੇਖਵਾਂ ਵਾਲੇ ਬਾਬਾ ਗੁਰਦੀਪ ਸਿੰਘ ਜੀ ਚੰਦ ਪੁਰਾਣਾ ਵਾਲੇ ਬਾਬਾ ਬੋਹੜ ਸਿੰਘ ਜੀ ਤੂਤਾਂ ਵਾਲੇ ਬਾਬਾ ਜਸਵੰਤ ਸਿੰਘ ਜੀ ਸੋਢੀ ਬਾਬਾ ਦਰਸ਼ਨ ਸਿੰਘ ਜੀ ਬੋਰੀ ਵਾਲੇ ਅਤੇ ਕੀਰਤਨੀ ਜਥੇ ਭਾਈ ਗੁਰਮੇਲ ਸਿੰਘ ਜੀ ਹਜ਼ੂਰੀ ਰਾਗੀ ਦਰਬਾਰ ਸਾਹਿਬ ਭਾਈ ਜਤਿੰਦਰ ਸਿੰਘ ਜੀ ਬੋਪਾ ਰਾਏ ਰਬਾਬੀ ਭਾਈ ਰਜੀਵ ਜੀ ਲੋਪੋ ਵਾਲੇ ਭਾਈ ਗੁਰੂ ਸ਼ਰਨਜੀਤ ਸਿੰਘ ਜੀ ਖਾਲਸਾ ਬਾਬਾ ਸੁਖਜੀਤ ਸਿੰਘ ਜੀ ਗੁਰਦੁਆਰਾ ਬਾਬਾ ਰਾਮ ਲਾਲ ਜੀ ਬਾਬਾ ਬਲਵਿੰਦਰ ਸਿੰਘ ਜੀ ਬੀਬੀ ਤਨਪ੍ਰੀਤ ਕੌਰ ਚੋਲਾ ਸਾਹਿਬ ਵਾਲੇ ਭਾਈ ਕਵਲਜੀਤ ਸਿੰਘ ਜੀ ਭਾਈ ਸੰਦੀਪ ਸਿੰਘ ਜੀ ਆਦੀ ਜਥੇ ਕੀਰਤਨ ਦੀ ਹਾਜ਼ਰੀ ਭਰਨਗੇ। ਉਨ੍ਹਾਂ ਦੱਸਿਆ ਕਿ 22 ਤਰੀਕ ਦੁਪਹਿਰ 12 ਵਜੇ ਲੋੜਵੰਦ ਲੜਕੀਆਂ ਦੇ ਆਨੰਦ ਕਾਰਜ ਕੀਤੇ ਜਾਣਗੇ ਉਪਰੰਤ ਸਮਾਪਤੀ ਹੋਵੇਗੀ ਗੁਰੂ ਕਾ ਲੰਗਰ ਨਿਰੰਤਰ ਜਾਰੀ ਰਹੇਗਾ। ਸੰਗਤਾਂ ਨੂੰ ਬੇਨਤੀ ਕੀਤੀ ਜਾਂਦੀ ਹੈ ਕਿ ਵੱਧ ਤੋਂ ਵੱਧ ਇਸ ਪ੍ਰੋਗਰਾਮ ਵਿੱਚ ਇਸ ਕੀਰਤਨ ਦਰਬਾਰ ਵਿੱਚ ਹਾਜ਼ਰੀ ਭਰ ਕੇ ਗੁਰੂ ਘਰ ਦੀਆਂ ਖੁਸ਼ੀਆਂ ਪ੍ਰਾਪਤ ਕਰਨ। ਇਸ ਮੌਕੇ ਹਰਜੀਤ ਸਿੰਘ ਧਾਲੀਵਾਲ ਇੰਦਰ ਪਾਲ ਸਿੰਘ ਪ੍ਰਿੰਸ ਪਰਮਜੀਤ ਸਿੰਘ ਔਲਖ ਰਣਬੀਰ ਸਿੰਘ ਰਾਣਾ ਮਨੋਹਰ ਲਾਲ ਦਰਸ਼ਨ ਲਾਲ ਹੀਰਾ ਨਿਰਮਲ ਸਿੰਘ ਆਦਿ ਹਾਜ਼ਰ ਸਨ। ਸਟੇਜ ਸਕੱਤਰ ਦੀ ਸੇਵਾ ਗੁਰਦਿਆਲ ਸਿੰਘ ਵਿਰਕ ਕਰਣਗੇ।




# ਜੀਰਾ ਤੇ ਮੁੱਦਕੀ ਚ ਹੋਣਗੇ ਖਾਲਸਾ ਵਹੀਰ ਦੇ ਮੁੱਖ ਪੜਾਅ, ਖਾਲਸਾ ਵਹੀਰ ਦੇ ਪ੍ਰਬੰਧਾਂ ਲਈ ਸੇਵਾਦਾਰਾਂ ਦੀਆਂ ਡਿਊਟੀਆਂ ਲਾਈਆਂ



ਫ਼ਿਰੋਜ਼ਪੁਰ, 20 ਫਰਵਰੀ (ਮਨੋਹਰ ਲਾਲ) :— ਭਾਈ ਅੰਮ੍ਰਿਤਪਾਲ ਸਿੰਘ ਖਾਲਸਾ ਐਮ.ਪੀ ਲੋਕ ਸਭਾ ਹਲਕਾ ਖਡੂਰ ਸਾਹਿਬ ਵੱਲੋਂ ਸ਼ੁਰੂ ਕੀਤੀ ਗਈ ਖਾਲਸਾ ਵਹੀਰ ਨੂੰ ਅਕਾਲੀ ਦਲ ਵਾਰਿਸ ਪੰਜਾਬ ਦੇ ਵੱਲੋਂ ਮੁੜ ਤੋਂ ਚਲਾਇਆ ਜਾ ਰਿਹਾ ਹੈ। ਇਹ ਵਹੀਰ 25 ਫਰਵਰੀ 2026 ਨੂੰ ਸ਼੍ਰੀ ਅਕਾਲ ਤਖਤ ਸਾਹਿਬ, ਸ਼੍ਰੀ ਅੰਮ੍ਰਿਤਸਰ ਸਾਹਿਬ ਤੋਂ ਆਰੰਭ ਹੋ ਕੇ ਇਸੇ ਦਿਨ ਸ਼ਾਮ ਨੂੰ ਗੁਰਦੁਆਰਾ ਸ਼ਹੀਦ ਗੰਜ ਸਾਹਿਬ ਮੁੱਦਕੀ ਪਹੁੰਚੇਗੀ, ਜਿਥੇ ਰਾਤ ਦਾ ਪੜਾਅ ਹੋਵੇਗਾ। ਇਸ ਤੋਂ ਇਲਾਵਾ ਤਰਨਤਾਰਨ ਵਿੱਚ ਪਹਿਲਾ ਪੜਾਅ ਤੇ ਜੀਰਾ ਚ ਦੂਜਾ ਪੜਾਅ ਹੋਵੇਗਾ। ਗੁਰਦੁਆਰਾ ਸ਼ਹੀਦ ਗੰਜ ਸਾਹਿਬ ਮੁੱਦਕੀ ਵਿਖੇ ਅਕਾਲੀ ਦਲ ਵਾਰਿਸ ਪੰਜਾਬ ਦੇ ਜਿਲ੍ਹਾ ਮੋਗਾ ਤੇ ਫਿਰੋਜ਼ਪੁਰ ਦੇ ਸੇਵਾਦਾਰਾਂ ਦੀ ਮੀਟਿੰਗ ਦੌਰਾਨ ਜਾਣਕਾਰੀ ਦਿੰਦਿਆਂ ਪਾਰਟੀ ਦੀ ਕਾਰਜਕਾਰਨੀ ਦੇ ਮੈਂਬਰ ਬਾਬੂ ਸਿੰਘ ਬਰਾੜ ਤੇ ਕਾਬਲ ਸਿੰਘ ਨੇ ਦੱਸਿਆ ਕਿ 25 ਫਰਵਰੀ ਨੂੰ ਸ਼ਾਮ ਦੇ ਦੀਵਾਨ ਗੁਰਦੁਆਰਾ ਸ਼ਹੀਦ ਗੰਜ ਸਾਹਿਬ ਮੁੱਦਕੀ ਵਿਖੇ ਹੋਣਗੇ ਜਦਕਿ ਬਾਅਦ ਦੁਪਹਿਰ 4 ਵਜੇ ਦੇ ਦੀਵਾਨ ਜੀਰਾ ਵਿਖੇ ਹੋਣਗੇ। ਅਗਲੇ ਦਿਨ ਸਵੇਰ ਦੇ ਦੀਵਾਨਾਂ ਉਪਰੰਤ ਖਾਲਸਾ ਵਹੀਰ ਮੁੱਦਕੀ ਤੋਂ ਫਰੀਦਕੋਟ ਨੂੰ ਰਵਾਨਾ ਹੋਵੇਗੀ ਤੇ ਅਗਲਾ ਪੜਾਅ ਪਿੰਡ ਪੱਕਾ ਤੇ ਭਾਣਾ ਰੋਡ ਦੇ ਚੌਕ ਕੋਲ ਹੋਵੇਗਾ। ਇਸ ਤੋਂ ਬਾਅਦ ਵਹੀਰ ਤਖਤ ਸ਼੍ਰੀ ਦਮਦਮਾ ਸਾਹਿਬ ਤਲਵੰਡੀ ਸਾਬੋ ਲਈ ਰਵਾਨਾ ਹੋਵੇਗੀ ਤੇ ਰਸਤੇ ਵਿੱਚ ਕੋਟ ਸ਼ਮੀਰ ਵਿਖੇ ਵੀ ਪੜਾਅ ਹੋਵੇਗਾ। 27 ਫਰਵਰੀ ਨੂੰ ਤਖਤ ਸ਼੍ਰੀ ਦਮਦਮਾ ਸਾਹਿਬ ਵਿਖੇ ਖੰਡੇ ਬਾਟੇ ਦੀ ਪਾਹੁਲ ਤਿਆਰ ਹੋਵੇਗੀ ਤੇ ਅਭਿਲਾਖੀ ਸੰਗਤ ਨੂੰ ਅੰਮ੍ਰਿਤਪਾਨ ਕਰਵਾਇਆ ਜਾਵੇਗਾ।

ਇਸ ਮੌਕੇ ਵਹੀਰ ਦੇ ਪ੍ਰਬੰਧ ਲਈ ਸੇਵਾਦਾਰਾਂ ਦੀਆਂ ਡਿਊਟੀਆਂ ਲਾਈਆਂ ਗਈਆਂ ਤੇ ਸੰਗਤ ਦੇ ਠਹਿਰਨ ਤੇ ਲੰਗਰ ਲਈ ਪ੍ਰਬੰਧਾਂ ਦਾ ਜਾਇਜਾ ਲਿਆ ਗਿਆ। ਇਸ ਮੌਕੇ ਖਾਲਸਾ ਵਹੀਰ ਕੋਆਰਡੀਨੇਟਰ ਜਤਿਨ ਸਿੰਘ ਖਾਲਸਾ, ਜ਼ਿਲ੍ਹਾ ਫਿਰੋਜ਼ਪੁਰ ਕਾਰਜਕਾਰੀ ਕਮੇਟੀ ਮੈਂਬਰ ਕਰਨਵੀਰ ਸਿੰਘ ਖ਼ਾਲਸਾ, ਜਿਲ੍ਹਾ ਮੋਗਾ ਦੇ ਪ੍ਰਧਾਨ ਨਿਰਵੈਰ ਸਿੰਘ ਖਾਲਸਾ, ਹਲਕਾ ਮੋਗਾ ਦੇ ਸੇਵਾਦਾਰ ਰਛਪਾਲ ਸਿੰਘ ਸੋਸਣ, ਹਲਕਾ ਬਾਘਾਪੁਰਾਣਾ ਦੇ ਸੇਵਾਦਾਰ ਗੁਰਮੀਤ ਸਿੰਘ ਮਾਹਲਾ, ਹਲਕਾ ਜੀਰਾ ਦੇ ਸੇਵਾਦਾਰ ਹਰਜਿੰਦਰ ਸਿੰਘ, ਦਾਰਾ ਸਿੰਘ, ਕਾਬਲ ਸਿੰਘ ਸੰਧੂ, ਹਲਕਾ ਫਿਰੋਜ਼ਪੁਰ ਦਿਹਾਤੀ ਦੇ ਸੇਵਾਦਾਰ, ਡਾ ਅਵਤਾਰ ਸਿੰਘ, ਅਮਰੀਕ ਸਿੰਘ ਫਰੀਦਕੋਟ ਤੋ ਗੁਰਚਰਨ ਸਿੰਘ ਸੰਘਾ, ਗੁਰਚਰਨ ਸਾਦਿਕ ਸਮੇਤ ਹੋਰ ਵੀ ਕਈ ਅਹੁਦੇਦਾਰ ਵੀ ਹਾਜਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

### ਪੰਜਾਬ ਸਰਕਾਰ ਵਪਾਰੀਆਂ ਦੀਆਂ

# ਸਮੱਸਿਆਵਾਂ ਦੇ ਹੱਲ ਲਈ ਵਚਨਬੱਧ : ਸ਼ੀਤਲ ਜਨੈਜਾ, ਚੈਅਰਮੈਨ ਰੰਧਾਵਾ, ਅਭਿਸ਼ੇਕ ਬਾਂਸਲ








ਚੌਕ ਮਹਿਤਾ, 20 ਫਰਵਰੀ (ਬਾਬਾ ਸੁਖਵੰਤ ਸਿੰਘ ਚੰਨਣਕੇ)-ਟਾਊਨ ਹਾਲ ਅੰਮ੍ਰਿਤਸਰ ਵਿੱਚ ਟਰੇਡਰ ਕਮਿਸ਼ਨ ਦੇ ਸਮਾਗਮ ਦੌਰਾਨ ਵਪਾਰੀਆਂ ਦੀਆਂ ਸਮੱਸਿਆਵਾਂ ਸੁਣੀਆਂ ਪੰਜਾਬ ਸਰਕਾਰ ਵਲੋਂ ਬਣਾਏ ਗਏ ਪੰਜਾਬ ਸਟੇਟ ਟਰੇਡਰ ਕਮਿਸ਼ਨ ਵਲੋਂ ਵਪਾਰੀਆਂ ਦੀਆਂ ਸਮੱਸਿਆਵਾਂ ਦੇ ਹਲ ਲਈ ਸਥਾਨਕ ਅੰਮ੍ਰਿਤਸਰ ਹਾਲ ਗੇਟ ਹਾਲ ਬਜ਼ਾਰ ਦੀ ਮਾਰਕੀਟ ਵਿੱਚ ਵਪਾਰੀਆਂ ਨਾਲ ਮੀਟਿੰਗ ਕੀਤੀ ਗਈ ।ਆਮ ਆਦਮੀ ਪਾਰਟੀ ਦੇ ਟਰੇਡ ਵਿੰਗ ਦੇ ਸਟੇਟ ਟ੍ਰੇਡਰਜ ਕਮਿਸ਼ਨ ਦੇ ਮੈਂਬਰ ਪੰਜਾਬ ਸਰਕਾਰ ਸ਼ੀਤਲ ਜੁਨੈਜਾ ਜੀ ਅਤੇ ਨਾਲ ਜ਼ਿਲਾ ਅੰਮ੍ਰਿਤਸਰ ਟ੍ਰੇਡਰਜ ਕਮਿਸ਼ਨ ਦੇ ਚੇਅਰਮੈਨ ਗੁਰਪ੍ਰੀਤ ਕਟਾਰੀਆ ਅਤ ਚੈਅਰਮੈਨ ਹਰਜਿੰਦਰ ਰੰਧਾਵਾ ਅਤੇ ਜਿਲ੍ਹਾ ਅੰਮ੍ਰਿਤਸਰ ਰੂਲਰ ਦੇ ਪ੍ਰਧਾਨ ਅਭਿਸ਼ੇਕ ਬਾਂਸਲ ਜੀ ਦੀ ਪ੍ਰਧਾਨਗੀ ਹੇਠ ਹੋਈ ਇਸ ਮੀਟਿੰਗ ਦੌਰਾਨ ਹਲਕਾ ਅਜਨਾਲਾ ਦੇ ਵਿਧਾਇਕ ਸ੍ਰ ਕੁਲਦੀਪ ਸਿੰਘ ਧਾਲੀਵਾਲ ਵਿਸ਼ੇਸ਼ ਤੌਰ ਤੇ ਪ੍ਰੂਜੇ ਅਤੇ ਜ਼ਿਲਾ ਅੰਮ੍ਰਿਤਸਰ ਦੇ ਸਾਰੇ ਸਰਕਾਰੀ ਅਫ਼ਸਰ ਵੀ ਸ਼ਾਮਿਲ ਹੋਏ ਅਤੇ ਵਪਾਰੀਆਂ ਨਾਲ ਗੱਲ ਕੀਤੀ। ਇਸ ਮੌਕੇ ਟਰੇਡਰਜ਼ ਕਮਿਸ਼ਨ ਮੈਂਬਰ ਸ਼ੀਤਲ ਜਨੈਜਾ ਅਤੇ ਚੈਅਰਮੈਨ ਹਰਜਿੰਦਰ ਰੰਧਾਵਾ ਜਿਲ੍ਹਾ ਅੰਮ੍ਰਿਤਸਰ ਦੇ ਪ੍ਰਧਾਨ ਅਭਿਸ਼ੇਕ ਬੰਸਲ ਜੀ ਅਤੇ ਜ਼ਿਲਾ ਅੰਮ੍ਰਿਤਸਰ ਦੇ ਸਾਰੇ ਚੇਅਰਪਰਸਨ ਟਰੇਡਰਜ਼ ਕਮਿਸ਼ਨ ਦੇ ਹਾਜ਼ਰ ਸਨ ਅਤੇ ਲੋਕ ਸਭਾ ਮੈਂਬਰ ਜਸਕਰਨ ਬਦੇਸ਼ਾ ਅਤੇ ਅਰਵਿੰਦਰ ਭੱਟੀ ਅਤੇ ਕਮਿਸ਼ਨ ਦੇ ਮੈਂਬਰ, ਨਗਰ ਨਿਗਮ, ਉਦਯੋਗ ਵਿਭਾਗ, ਐਕਸਾਈਜ, ਜੀ ਐਸ ਟੀ ਅਤੇ ਫੂਡ ਸੇਫਟੀ ਮਹਿਕਮੇ ਦੇ ਅਫਸਰ ਵੀ ਹਾਜ਼ਰ ਸਨ। ਇਸ ਮੌਕੇ ਸ੍ਰੀ ਸ਼ੀਤਲ ਜਨੈਜਾ ਨੇ ਕਿਹਾ ਕਿ ਪੰਜਾਬ ਸਰਕਾਰ ਵਪਾਰੀਆਂ ਦੀਆਂ ਸਮੱਸਿਆਵਾਂ ਦੇ ਹਲ ਲਈ ਵਚਨਬੱਧ ਹੈ ਅਤੇ ਪੰਜਾਬ ਭਰ ਵਿੱਚ ਵਪਾਰੀਆਂ ਨਾਲ ਗੱਲ ਕਰਕੇ ਉਹਨਾਂ ਦੀਆਂ ਸਮੱਸਿਆਵਾਂ ਦਾ ਸਮਾਂਬੱਧ ਹਲ ਕੀਤਾ ਜਾ ਰਿਹਾ ਟਰੇਡਰ ਕਮਿਸ਼ਨ ਦੇ ਮੈਂਬਰਾ ਨੇ ਦੱਸਿਆ ਕਿ ਮੀਟਿੰਗ ਦੌਰਾਨ 250 ਦੇ ਕਰੀਬ ਦੁਕਾਨਦਾਰਾਂ ਨੇ ਆਪਣੀਆਂ ਸਮੱਸਿਆਵਾਂ ਲਿਖਤੀ ਰੂਪ ਵਿੱਚ ਦਿੱਤੀਆਂ। ਇਹਨਾਂ ਵਿੱਚ ਜਿਆਦਾ ਤਰ ਸਮੱਸਿਆਵਾਂ ਮਾਰਕੀਟਾਂ ਵਿੱਚ ਸੀਵਰੇਜ ਦੀ ਨਿਕਾਸੀ ਦੇ ਮਾੜੇ ਪ੍ਰਬੰਧਾਂ, ਪਾਰਕਿੰਗ ਦੀ ਸਮੱਸਿਆ, ਰੇਹੜੀਆਂ ਫੜੀਆਂ ਬਾਰੇ ਹਨ। ਉਹਨਾਂ ਕਿਹਾ ਕਿ ਇਹਨਾਂ ਸ਼ਿਕਾਇਤਾਂ ਨੂੰ ਛੇਤੀ ਹੱਲ ਕੀਤਾ ਜਾਵੇਗਾ।

ਆਵਾਜ਼ਿ ਕੌਮ AWAZE QAUM International Newspaper & WEB TV

### ਗੁਰਦੁਆਰਾ ਅਮਰ ਸ਼ਹੀਦ ਬਾਬਾ ਜੀਵਨ ਸਿੰਘ ਨਵਾਂ ਪਿੰਡ ਵਿਖੇ

# ਦੁੱਖ ਨਿਵਾਰਨ ਗੁਰਮਤਿ ਕੈਂਪ ਲਗਾਇਆ ਗਿਆ : ਬਾਬਾ ਬਿਬੇਕ ਸਿੰਘ

**ਜੰਡਿਆਲਾ ਗੁਰੂ, 20 ਫਰਵਰੀ ( ਕੁਲਵੰਤ ਸਿੰਘ ਵਿਰਦੀ )**-ਬੀਤੇ ਦਿਨ ਗੁਰਦੁਆਰਾ ਨਾਨਕਸਰ ਸਾਹਿਬ ਨਾਨਕਸਰ ਨਗਰ ਜੰਡਿਆਲਾ ਗੁਰੂ ਦੇ ਮੁੱਖ ਸੇਵਾਦਾਰ ਅਤੇ ਅਕਾਲੀ ਦਲ ਵਾਰਿਸ ਪੰਜਾਬ ਦੇ ਜਥੇਬੰਦੀ ਦੇ ਹਲਕਾ ਜੰਡਿਆਲਾ ਗੁਰੂ ਦੇ ਸੇਵਾਦਾਰ ਬਾਬਾ ਬਿਬੇਕ ਸਿੰਘ ਜੀ ਵੱਲੋਂ ਨਵਾਂ ਪਿੰਡ ਵਿਖੇ ਸਥਿਤ ਗੁਰਦੁਆਰਾ ਅਮਰ ਸ਼ਹੀਦ ਬਾਬਾ ਜੀਵਨ ਸਿੰਘ ਜੀ ਵਿਖੇ ਸਮੂਹ ਨਗਰ ਨਿਵਾਸੀ ਸੰਗਤਾਂ ਦੇ ਸਹਿਯੋਗ ਸਦਕਾ 3 ਰੋਜ਼ਾ ਦੂਖ ਨਿਵਾਰਨ ਗੁਰਮਤਿ ਕੈਂਪ ਲਗਾਇਆ ਗਿਆ, ਅਤੇ 25 ਫਰਵਰੀ ਨੂੰ ਸ੍ਰੀ ਅਕਾਲ ਤਖ਼ਤ ਸਾਹਿਬ ਜੀ ਤੋਂ ਆਰੰਭ ਹੋ ਰਹੀ ਖਾਲਸਾ ਵਹੀਰ ਬਾਰੇ ਸੰਗਤਾਂ ਨੂੰ ਸੂਚਿਤ ਕੀਤਾ ਗਿਆ ਇਨਾਂ ਗੁਰਮਤਿ ਕੈਂਪਾ ਦੇ ਪਹਿਲੇ 2 ਦਿਨ ਅੰਮ੍ਰਿਤ ਵੇਲੇ ਸੱਜੇ ਦੀਵਾਨਾਂ 'ਚ ਭਾਈ ਬਲਜਿੰਦਰ ਸਿੰਘ ਪਟਿਆਲਾ ਤੇ ਗਿਆਨੀ ਹਰਪ੍ਰੀਤ ਸਿੰਘ ਨਾਨਕਸਰ ਜੰਡਿਆਲਾ ਗੁਰੂ ਦੇ ਜਥੇ ਵਲੋਂ ਧੁਰ ਕੀ ਬਾਣੀ ਇਲਾਹੀ ਗੁਰਬਾਣੀ ਦਾ ਜਾਪ ਕਰਕੇ ਤੇ ਕਥਾ ਕੀਰਤਨ ਕਰਕੇ ਸੰਗਤਾਂ ਨੂੰ ਨਿਹਾਲ ਕੀਤਾ ਗਿਆ। ਕੈਂਪ ਦੇ ਤੀਸਰੇ ਤੇ ਆਖਰੀ ਦਿਨ ਬਾਬਾ ਬਿਬੇਕ ਸਿੰਘ ਵਲੋਂ ਗੁਰੂ ਸਾਹਿਬ ਜੀ ਦੀ ਨਿਘੀ ਗੋਦ ਦਾ ਆਨੰਦ ਮਾਣਦਿਆਂ ਹੋਇਆ ਧੁਰ ਕੀ ਬਾਣੀ ਇਲਾਹੀ ਬਾਣੀ ਦੇ ਹਰਜੱਸ ਕੀਰਤਨ ਕੀਤਾ ਗਿਆ ਅਤੇ ਸੰਗਤਾਂ ਨਾਲ ਗੁਰਮਤਿ ਵਿਚਾਰਾਂ ਰਾਹੀਂ ਸਾਂਝ ਪਾਈ ਅਤੇ ਸੰਗਤਾਂ ਨੂੰ ਸ੍ਰੀ ਗੁਰੂ ਗ੍ਰੰਥ ਸਾਹਿਬ ਦੇ ਲੜ੍ਹ ਲੱਗਣ ਲਈ ਪ੍ਰੇਰਿਤ ਕੀਤਾ। ਅਤੇ ਇਸ ਮੌਕੇ ਉਨ੍ਹਾਂ ਵੱਲੋਂ ਆਖਰ ਵਿੱਚ ਅਕਾਲੀ ਦਲ ਵਾਰਿਸ ਪੰਜਾਬ ਦੇ ਵਲੋਂ ਸਿੱਖੀ ਦੇ ਪ੍ਰਚਾਰ ਪਸਾਰ ਤੇ ਸਿਆਸੀ ਗਤੀਵਿਧੀਆਂ ਨੂੰ ਤੇਜ ਕਰਨ ਦੇ ਲਈ 25 ਫਰਵਰੀ ਨੂੰ ਸ੍ਰੀ ਅਕਾਲ ਤਖ਼ਤ ਸਾਹਿਬ ਤੋਂ ਆਰੰਭ ਹੋ ਰਹੀ ਖ਼ਾਲਸਾ ਵਹੀਰ 'ਚ ਸੰਗਤਾਂ ਨੂੰ ਵੱਡੀ ਗਿਣਤੀ ਵਿੱਚ ਵਹੀਰਾਂ ਘੱਤ ਕੇ ਸ਼ਾਮਿਲ ਹੋਣ ਦੀ ਅਪੀਲ ਕੀਤੀ ਗਈ। ਗ੍ਰੰਥੀ ਭਾਈ ਕੁਲਵੰਤ ਸਿੰਘ ਵਲੋਂ ਬਾਬਾ ਬਿਬੇਕ ਸਿੰਘ ਤੇ ਰਾਗੀ ਜਥੇ ਨੂੰ ਸਨਮਾਨਿਤ ਕੀਤਾ ਗਿਆ। ਇਸ ਮੌਕੇ ਸੁੱਖਵਿੰਦਰ ਸਿੰਘ ਖਾਲਸਾ ਨਿਜ਼ਾਮਪੁਰ, ਹਰਦੀਪ ਸਿੰਘ ਸਹੋਤਾ ਤੇ ਮੁੱਖਵਿੰਦਰ ਸਿੰਘ ਬਾਊ ਆਦਿ ਵੱਡੀ ਗਿਣਤੀ 'ਚ ਸੰਗਤਾਂ ਨੇ ਭਰੀ ਹਾਜ਼ਰੀ ! ਇਸ ਸਮਾਗਮ ਸੰਬੰਧੀ ਗੱਲਬਾਤ ਕਰਦਿਆ ਹੋਇਆ ਬਾਬਾ ਬਿਬੇਕ ਸਿੰਘ ਜੀ ਨੇ ਕਿਹਾ ਦੂਖ ਨਿਵਾਰਨ ਕੈਂਪ ਦਾ ਮੇਨ ਮਨੋਰਥ ਸੰਗਤਾਂ ਨੂੰ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਹੁਕਮ ਨੂੰ ਮੰਨ ਕਿ ਆਪਿ ਜਪਹੁ ਅਵਰਾ ਨਾਮੁ ਜਪਾਵਹੁ ਨੂੰ ਸਮਰਪਿਤ ਹੋ ਕਿ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਲੜ੍ਹ ਲੱਗਣ ਲਈ ਪ੍ਰੇਰਿਤ ਕੀਤਾ ਗਿਆ !





**ਸ੍ਰੀ ਅਕਾਲ ਤਖਤ ਸਾਹਿਬ ਜੀ ਤੋਂ 25 ਫਰਵਰੀ ਨੂੰ ਆਰੰਭ ਹੋ ਰਹੀ ਖਾਲਸਾ ਵਹੀਰ ਚ ਸਾਮਲ ਹੋਣ ਦੀ ਸੰਗਤਾਂ ਨੂੰ ਕੀਤੀ ਅਪੀਲ**

ਆਵਾਜ਼ਿ ਕੌਮ AWAZE QAUM International Newspaper & WEB TV

# 15ਵਾਂ ਰਾਜ-ਪੱਧਰੀ ਸਨਮਾਨ ਸਮਾਰੋਹ 8 ਨੂੰ, ਏਡੀਸੀ ਅਮਨਦੀਪ ਕੌਰ ਨੂੰ ਦਿੱਤਾ ਸੱਦਾ ਪੱਤਰ



**ਚੌਕ ਮਹਿਤਾ, 20 ਫਰਵਰੀ ( ਬਾਬਾ ਸੁਖਵੰਤ ਸਿੰਘ ਚੰਨਣਕੇ )**-ਪਿੱਛਲੇ ਡੇਢ ਦਹਾਕੇ ਤੋਂ "ਬੇਟੀ ਬਚਾਓ, ਬੇਟੀ ਪੜ੍ਹਾਓ" ਦੇ ਹੱਕ ਵਿੱਚ ਅਤੇ ਮਾਦਾ ਭਰੂਣ ਹੱਤਿਆ ਦੇ ਖਿਲਾਫ਼ ਹਾਅ ਦਾ ਨਾਅਰਾ ਮਾਰਨ ਵਾਲੀ ਪੰਜਾਬ ਦੀ ਨਾਮਵਰ ਸਮਾਜ ਸੇਵੀਂ ਸੰਸਥਾ "ਮਾਣ ਧੀਆਂ 'ਤੇ ਸਮਾਜ ਭਲਾਈ ਸੋਸਾਇਟੀ" (ਰਜਿ) ਅੰਮ੍ਰਿਤਸਰ ਦੇ 15 ਸਾਲ ਸਫ਼ਲਤਾਪੂਰਵਕ ਸੰਪਨ ਹੋਣ ਦੀ ਖੁਸ਼ੀ ਵਿੱਚ "ਕੌਮਾਂਤਰੀ ਮਹਿਲਾ ਦਿਵਸ" ਮੌਕੇ ਹੋਣ ਵਾਲੇ 15ਵੇਂ ਰਾਜ-ਪੱਧਰੀ ਸਨਮਾਨ ਸਮਾਰੋਹ-2026 ਦਾ ਸੱਦਾ ਪੱਤਰ ਏਡੀਸੀ ਅੰਮ੍ਰਿਤਸਰ ਅਮਨਦੀਪ ਕੌਰ ਨੂੰ ਸੰਸਥਾ ਦੇ ਪ੍ਰਧਾਨ ਗੁਰਿੰਦਰ ਸਿੰਘ ਮੱਟੂ (ਖੇਡ ਪ੍ਰੋਮੋਟਰ/ਸਮਾਜ ਸੇਵਕ), ਅਮਨਦੀਪ ਸਿੰਘ ਅਤੇ ਦਮਨਪ੍ਰੀਤ ਕੌਰ ਨੇ ਸਾਂਝੇ ਤੌਰ ਤੇ ਜਾਣਕਾਰੀ ਦਿੰਦਿਆਂ ਕਿਹਾ ਕੇ ਮੁੱਖ ਸਰਪ੍ਰਸਤ ਸ਼੍ਰੀ.ਰਾਜੇਸ਼ ਸ਼ਰਮਾ (ਪੀਸੀਐਸ), ਜਿਲ੍ਹਾ ਸਕੂਲ ਖੇਡ ਅਫ਼ਸਰ ਪਠਾਨਕੋਟ ਅਰੁਣ ਕੁਮਾਰ, ਚੇਅਰਮੈਨ ਹਰਦੇਸ਼ ਸ਼ਰਮਾ, ਵਾਇਸ ਚੇਅਰਮੈਨ ਮਖਤੂਲ ਸਿੰਘ ਔਲਖ, ਵਾਇਸ ਪ੍ਰਧਾਨ ਵਰਿੰਦਰ ਚਾਵਲਾ, ਮਨਪ੍ਰੀਤ ਕੌਰ, ਮੰਗਲ ਸਿੰਘ ਕਿਸ਼ਨਪੁਰੀ, ਡਾਇਰੈਕਟਰ ਰਣਜੀਤ ਕੌਰ ਸੰਧੂ, ਪ੍ਰਿੰ. ਅਮਰਜੀਤ ਕੌਰ, ਪ੍ਰਿੰ. ਪਰਮਜੀਤ ਕੌਰ, ਪ੍ਰਿੰ.ਪੂਜਾ ਪ੍ਰਭਾਕਰ, ਪ੍ਰਿੰ.ਅਨੀਤਾ ਬੱਤਰਾ, ਗੁਰਵਿੰਦਰ ਸਿੰਘ ਢਿੱਲੋਂ, ਗੁਰਦੇਵ ਸਿੰਘ ਮਾਹਲ, ਕੰਵਲਜੀਤ ਕੌਰ ਟੀਨਾ, ਨਰਿੰਦਰ ਕੌਰ, ਕਰਮਜੀਤ ਕੌਰ ਜੱਸਲ, ਪਰਮਿੰਦਰ ਕੌਰ, ਵੀਨਾ ਮੱਟੂ ਦੀ ਯੋਗ ਅਗਵਾਈ ਹੇਠ 8 ਮਾਰਚ ਨੂੰ ਵਿਰਸਾ ਵਿਹਾਰ (ਗਾਂਧੀ ਗ੍ਰਾਊਂਡ) ਅੰਮ੍ਰਿਤਸਰ ਦੇ ਕਰਤਾਰ ਸਿੰਘ ਦੁੱਗਲ ਹਾਲ ਵਿਖ਼ੇ ਹੋਣ ਵਾਲੇ 15ਵੇਂ ਰਾਜ- ਪੱਧਰੀ ਸਨਮਾਨ ਸਮਾਰੋਹ ਨੂੰ ਵਿੱਚ 125 ਦੇ ਕਰੀਬ ਸਕੂਲ ਮੁੱਖੀਆਂ, ਸਮਾਜ ਸੇਵਕਾ, ਕੌਮਾਂਤਰੀ ਅਤੇ ਕੌਮੀ ਮਹਿਲਾ ਖ਼ਿਡਾਰਨਾ ਤੋਂ ਇਲਾਵਾ ਵੱਖ-ਵੱਖ ਖ਼ੇਤਰਾਂ ਵਿੱਚ ਬੇਹਤਰੀਨ ਸੇਵਾਵਾਂ ਪ੍ਰਦਾਨ ਕਰਨ ਵਾਲੀਆਂ ਮਹਿਲਾਵਾ ਨੂੰ "ਆਇਰਨ ਲੇਡੀ ਐਵਾਰਡ" ਨਾਲ ਸਨਮਾਨਿਤ ਕੀਤਾ ਜਾਵੇਗਾ 9 ਇਸ ਮੌਕੇ ਏਡੀਸੀ ਅਮਨਦੀਪ ਕੌਰ ਨੇ ਪ੍ਰਧਾਨ ਗੁਰਿੰਦਰ ਸਿੰਘ ਮੱਟੂ ਅਤੇ ਉਹਨਾਂ ਦੀ ਸਾਰੀ ਟੀਮ ਦਾ ਧੰਨਵਾਦ ਕਰਦਿਆਂ ਕਿਹਾ ਕਿ ਸਾਡੀ ਵੱਸੋਂ ਦਾ ਲਗਭਗ ਅੱਧਾ ਭਾਗ ਔਰਤਾਂ ਹਨ। ਅੱਜ ਸਾਡੇ ਸਮਾਜ ਵਿਚ ਔਰਤ ਹਰ ਖੇਤਰ ਵਿਚ ਮਰਦ ਦੀ ਬਰਾਬਰੀ ਕਰ ਰਹੀ ਹੈ। ਪੰਜਾਬ ਦੀ ਪਵਿੱਤਰ ਧਰਤੀ ਹਮੇਸ਼ਾ ਹੀ ਵੀਰਾਂ ਦੀ ਕਰਮ-ਭੂਮੀ ਰਹੀ ਹੈ। ਅੱਜ ਦੀ ਔਰਤ ਨੇ ਘਰ ਦੀ ਚਾਰਦੀਵਾਰੀ ਦੀਆ ਹੱਦਾਂ ਨੂੰ ਪਾਰ ਕਰ ਕੇ ਪੁਲਾੜ, ਖੇਡਾਂ, ਰਾਜਨੀਤੀ ਅਤੇ ਵਿਗਿਆਨ ਦੇ ਖੇਤਰਾਂ ਵਿਚ ਆਪਣੀ ਵੱਖਰੀ ਪਛਾਣ ਬਣਾਈ ਹੈ। ਅੱਜ ਦੀ ਨਾਰੀ ਸਿਰਫ਼ ਪਰਿਵਾਰ ਦੀ ਪਾਲਣ-ਪੋਸ਼ਣ ਕਰਤਾ ਹੀ ਨਹੀਂ, ਸਗੋਂ ਦੇਸ਼ ਦੀ ਆਰਥਿਕਤਾ ਅਤੇ ਸਮਾਜਿਕ ਪਰਿਵਰਤਨ ਦਾ ਮੁੱਖ ਧੁਰਾ ਬਣ ਚੁੱਕੀ ਹੈ।ਨਾਰੀ ਸ਼ਕਤੀ ਦੇ ਇਤਿਹਾਸ ਵਿਚ ਅਜਿਹਾ ਮੀਲ ਪੱਥਰ ਰਿਹਾ ਹੈ ਜਿੱਥੇ ਔਰਤਾਂ ਨੇ ਵਿਸ਼ਵ ਪੱਧਰ 'ਤੇ ਆਪਣੀ ਕਾਬਲੀਅਤ ਦਾ ਲੋਹਾ ਮਨਵਾਇਆ ਹੈ 9 ਅਖੀਰ ਵਿੱਚ ਉਹਨਾਂ ਨੇ ਕਿਹਾ ਕੇ ਮਾਣ ਧੀਆਂ ਤੇ ਸੋਸਾਇਟੀ ਅੰਮ੍ਰਿਤਸਰ ਔਰਤਾਂ ਦੇ ਹੱਕਾਂ ਲਈ ਪਿੱਛਲੇ ਡੇਢ ਦਹਾਕੇ ਤੋਂ ਹਾਅ ਦਾ ਨਾਅਰਾਂ ਮਾਰ ਰਹੀ ਹੈ 9 ਇਹ ਇੱਕ ਸਲਾਘਾਯੋਗ ਕਦਮ ਹੈ 9 ਜੋ ਇਹ ਸੰਸਥਾ ਮਹਿਲਾਵਾਂ ਨੂੰ ਸਨਮਾਨਿਤ ਕਰ ਰਹੀ ਹੈ 9 ਇਸ ਮੌਕੇ ਪ੍ਰਧਾਨ ਗੁਰਿੰਦਰ ਸਿੰਘ ਮੱਟੂ, ਅਮਨਦੀਪ ਸਿੰਘ ਅਤੇ ਦਮਨਪ੍ਰੀਤ ਕੌਰ ਹਾਜ਼ਰ ਸੀ 9

ਆਵਾਜ਼ਿ ਕੌਮ AWAZE QAUM International Newspaper & WEB TV

# ਬਲ ਮਲਕੀਤ ਸਿੰਘ ਨੇ ਵਿਵੇਕ ਭੀਮਨਵਾਰ ਜੀ ਨੂੰ ਕੀਤਾ ਸਨਮਾਨਿਤ



**ਚੌਕ ਮਹਿਤਾ 20 ਫਰਵਰੀ ( ਬਾਬਾ ਸੁਖਵੰਤ ਸਿੰਘ ਚੰਨਣਕੇ )**-ਵਿਵੇਕ ਭੀਮਨਵਾਰ ਆਈ.ਏ.ਐਸ. ਨੂੰ ਮਹਾਰਾਸ਼ਟਰ ਲੋਕ ਸੇਵਾ ਕਮਿਸ਼ਨ ਦੇ ਚੇਅਰਮੈਨ ਵਜੋਂ ਨਿਯੁਕਤੀ ਮਿਲਣ 'ਤੇ ਮਹਾਰਾਸ਼ਟਰ ਰਾਜ ਪੰਜਾਬੀ ਸਾਹਿਤ ਅਕਾਦਮੀ ਦੇ ਚੇਅਰਮੈਨ ਬਲ ਮਲਕੀਤ ਸਿੰਘ ਨੇ ਉਨ੍ਹਾਂ ਨੂੰ ਤਹਿ ਦਿਲੋਂ ਵਧਾਈ ਦਿੱਤੀ ਅਤੇ ਸਨਮਾਨਿਤ ਕੀਤਾ। ਇਸ ਮੌਕੇ ਬਲ ਮਲਕੀਤ ਸਿੰਘ ਨੇ ਕਿਹਾ ਕਿ ਲੋਕ ਸੇਵਾ ਵਿੱਚ ਤੁਹਾਡਾ ਸਮਾਂ ਅਗਾਂਹਵਧੂ ਸੋਚ, ਇਮਾਨਦਾਰੀ ਅਤੇ ਚੰਗੇ ਪ੍ਰਸ਼ਾਸਨ ਲਈ ਦ੍ਰਿੜ ਇਰਾਦੇ ਨਾਲ ਬੀਤਿਆ ਹੈ। ਆਪਣੀ ਸ਼ਾਨਦਾਰ ਪ੍ਰਸ਼ਾਸਕੀ ਸੇਵਾ ਨੂੰ ਸਫਲਤਾਪੂਰਵਕ ਪੂਰਾ ਕਰਨ ਤੋਂ ਬਾਅਦ, ਜਿਵੇਂ ਕਿ ਤੁਸੀਂ ਇਸ ਵੱਡੀ ਜ਼ਿੰਮੇਵਾਰੀ ਨੂੰ ਸੰਭਾਲ ਰਹੇ ਹੋ, ਸਾਨੂੰ ਭਰੋਸਾ ਹੈ ਕਿ ਤੁਹਾਡਾ ਵਿਸ਼ਾਲ ਅਨੁਭਵ ਅਤੇ ਜੋਸ਼ੀਲੀ ਪਹੁੰਚ ਇਸ ਸੰਸਥਾ ਨੂੰ ਹੋਰ ਮਜ਼ਬੂਤ ਕਰੇਗੀ ਅਤੇ ਅਣਗਿਣਤ ਚਾਹਵਾਨਾਂ ਨੂੰ ਪ੍ਰੇਰਿਤ ਕਰੇਗੀ ਦੇਸ਼ ਦੀ ਵੱਡੀ ਲਗਨ ਅਤੇ ਸਮਰਪਣ ਨਾਲ ਸੇਵਾ ਕਰਨ ਤੇ ਲਗਾਤਾਰ ਸਫਲਤਾ ਮਿਲੇਗੀ ਉਨ੍ਹਾਂ ਵਿਵੇਕਭੀਮਨ ਵਾਰ ਜੀ ਨੂੰ ਚੰਗੀ ਸਿਹਤ ਅਤੇ ਹੋਰ ਬਹੁਤ ਸਾਰੇ ਮੀਲ ਪੱਥਰਾਂ ਲਈ ਤੁਹਾਨੂੰ ਸ਼ੁੱਭਕਾਮਨਾਵਾਂ ਦਿੱਤੀਆਂ।

ਆਵਾਜ਼ਿ ਕੌਮ AWAZE QAUM International Newspaper & WEB TV

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

ਸ਼ਹੀਦ ਭਾਈ ਹਰਦੀਪ ਸਿੰਘ ਨਿੱਝਰ ਦੀ ਸ਼ਹਾਦਤ ਨੂੰ

# 960 ਦਿਨ ਪੂਰੇ ਹੋਣ ਤੇ ਭਾਰਤੀ ਐਂਬੈਸੀ ਮੂਹਰੇ ਭਾਰੀ ਵਿਰੋਧ ਪ੍ਰਦਰਸ਼ਨ




**ਨਵੀਂ ਦਿੱਲੀ, 20 ਫਰਵਰੀ (ਮਨਪ੍ਰੀਤ ਸਿੰਘ ਖਾਲਸਾ):-** ਪੰਥ ਦੇ ਗਲੋਂ ਗੁਲਾਮੀ ਦੇ ਸੰਗਲ ਲਾਹੁਣ ਲਈ ਚਲ ਰਹੇ ਸੰਘਰਸ਼ ਵਿਚ ਸ਼ਹੀਦ ਹੋਏ ਭਾਈ ਹਰਦੀਪ ਸਿੰਘ ਨਿੱਝਰ ਅਤੇ ਸ਼ਹੀਦ ਭਾਈ ਦੀਪ ਸਿੱਧੂ ਦੇ ਸ਼ਹੀਦੀ ਦਿਹਾੜੇ ਨੂੰ ਸਮਰਪਿਤ ਕੈਨੇਡਾ ਦੇ ਭਾਰਤੀ ਐਂਬੈਸੀ ਵੈਨਕੂਵਰ ਮੂਹਰੇ ਕੈਨੇਡੀਅਨ ਸਿੰਘਾਂ ਵਲੋਂ ਭਾਰੀ ਰੋਸ ਪ੍ਰਦਰਸ਼ਨ ਕੀਤਾ ਗਿਆ । ਭਾਰਤੀ ਐਂਬੈਸੀ ਵੈਨਕੂਵਰ ਵਿਖੇ ਰੋਸ ਪ੍ਰਦਰਸ਼ਨ ਕਰਦਿਆਂ ਖਾਲਿਸਤਾਨ ਜ਼ਿੰਦਾਬਾਦ ਦੇ ਨਾਅਰੇ ਲਗਾਏ ਗਏ ਅਤੇ ਕੌਂਸਲੇਟ ਨੂੰ ਬੰਦ ਕਰਨ ਦੀ ਮੰਗ ਦੋਹਰਾਈ ਗਈ । ਰੋਸ ਪ੍ਰਦਰਸ਼ਨ ਦੌਰਾਨ ਸੈਂਕੜੇ ਖਾਲਿਸਤਾਨੀ ਸਮਰਥਕਾਂ ਨੇ ਹਾਜ਼ਰੀ ਭਰੀ ਅਤੇ ਜਾਗਦੀ ਜ਼ਮੀਰ ਦਾ ਸਬੂਤ ਦਿੱਤਾ, ਭਾਰਤ ਦੇ ਝੰਡੇ ਦੀ ਬੇਹੁਰਮਤੀ ਕੀਤੀ ਗਈ ।ਮੀਡੀਆ ਨਾਲ ਗੱਲਬਾਤ ਕਰਦਿਆਂ ਭਾਈ ਨਰਿੰਦਰ ਸਿੰਘ ਰੰਧਾਵਾ ਨੇ ਕਿਹਾ ਕਿ ਜਿੱਥੇ ਭਾਰਤ ਵਿੱਚ ਸਿੱਖ ਕੌਮ ਲਈ ਕੋਈ ਇਨਸਾਫ਼ ਨਹੀਂ ਹੈ ਉਥੇ ਹੀ ਅਮਰੀਕਾ ਵਰਗਾ ਦੇਸ਼ ਸਿੱਖਾਂ ਦੇ ਸਮਰਥਨ ਵਿੱਚ ਖੜਾ ਹੈ ਜੋ ਕਿ ਬਹੁਤ ਵੱਡੀ ਅਤੇ ਮਾਣ ਵਾਲੀ ਗੱਲ ਹੈ । ਉਨ੍ਹਾਂ ਦਸਿਆ ਕੈਨੇਡੀਅਨ ਸਿੱਖ ਅਤੇ ਸ਼ਹੀਦ ਭਾਈ ਹਰਦੀਪ ਦੇ ਮੈਂਬਰ ਸਿੰਘ ਨਿੱਝਰ ਟੀਮ 25 ਫਰਵਰੀ ਨੂੰ ਓਟਾਵਾ ਦੇ ਪਾਰਲੀਮੈਂਟ ਹਿੱਲ ’ਤੇ ਇਕੱਠੀ ਹੋਵੇਗੀ, ਗੁਰੂ ਨਾਨਕ ਸਿੱਖ ਗੁਰਦੁਆਰਾ ਸਾਹਿਬ ਦੇ ਸਾਬਕਾ ਪ੍ਰਧਾਨ ਸ਼ਹੀਦ ਭਾਈ ਹਰਦੀਪ ਸਿੰਘ ਨਿੱਝਰ ਦੀ ਹੱਤਿਆ ਵਿੱਚ ਪੂਰੀ ਪਾਰਦਰਸ਼ਤਾ ਅਤੇ ਜਵਾਬਦੇਹੀ ਦੀ ਮੰਗ ਕੀਤੀ ਜਾ ਸਕੇ। ਉਨ੍ਹਾਂ ਦਸਿਆ ਇਹ ਰੈਲੀ ਕੈਨੇਡਾ ਦੇ ਅਟਾਰਨੀ ਜਨਰਲ ਦੀ ਨੁਮਾਇੰਦਗੀ ਕਰਨ ਵਾਲੇ ਵਕੀਲਾਂ ਦੁਆਰਾ ਫੈਡਰਲ ਕੋਰਟ ਵਿੱਚ ਦਾਇਰ ਅਰਜ਼ੀ ਸੰਬੰਧੀ ਚਿੰਤਾਵਾਂ ਦੇ ਵਿਚਕਾਰ ਉਲੀਕੀ ਗਈ ਹੈ। ਅਦਾਲਤ ਅੰਦਰ ਦਾਖਿਲ ਕੀਤੀ ਗਈ ਅਰਜ਼ੀ ਕੁਝ ਰਾਸ਼ਟਰੀ ਸੁਰੱਖਿਆ ਜਾਣਕਾਰੀ ਨੂੰ ਅਪਰਾਧਿਕ ਮੁਕੱਦਮੇ ਦੌਰਾਨ ਪ੍ਰਗਟ ਹੋਣ ਤੋਂ ਰੋਕਣ ਦੀ ਮੰਗ ਕਰਦੀ ਹੈ, ਇਸ ਆਧਾਰ ’ਤੇ ਕਿ ਖੁਲਾਸਾ “ਅੰਤਰਰਾਸ਼ਟਰੀ ਸਬੰਧਾਂ ਅਤੇ ਰਾਸ਼ਟਰੀ ਸੁਰੱਖਿਆ” ਲਈ ਨੁਕਸਾਨਦੇਹ ਹੋ ਸਕਦਾ ਹੈ। ਕਮਿਊਨਿਟੀ ਪ੍ਰਤੀਨਿਧੀਆਂ ਦਾ ਤਰਕ ਹੈ ਕਿ ਨਿਆਂਇਕ ਪ੍ਰਕਿਰਿਆ ਵਿੱਚ ਪਾਰਦਰਸ਼ਤਾ ਕੈਨੇਡਾ ਦੇ ਅਦਾਰਿਆਂ ਵਿੱਚ ਜਨਤਾ ਦਾ ਵਿਸ਼ਵਾਸ ਬਣਾਈ ਰੱਖਣ ਲਈ ਬੁਨਿਆਦੀ ਹੈ। ਉਹ ਚਿੰਤਾ ਪ੍ਰਗਟ ਕਰਦੇ ਹਨ ਕਿ ਸਬੂਤਾਂ ਨੂੰ ਰੋਕਣ ਨਾਲ ਇਹ ਸਵਾਲ ਉੱਠ ਸਕਦੇ ਹਨ ਕਿ ਕੀ ਕੂਟਨੀਤਕ ਵਿਚਾਰਾਂ ਨੂੰ ਪੂਰੀ ਕਾਨੂੰਨੀ ਜਵਾਬਦੇਹੀ ਨਾਲੋਂ ਤਰਜੀਹ ਦਿੱਤੀ ਜਾ ਰਹੀ ਹੈ। ਟੀਮ ਨਿੱਝਰ ਦਾ ਕਹਿਣਾ ਹੈ ਕਿ 25 ਫਰਵਰੀ ਦੀ ਰੈਲੀ ਦਾ ਉਦੇਸ਼ ਸੰਸਦ ਮੈਂਬਰਾਂ ਅਤੇ ਭਾਈਚਾਰਕ ਆਗੂਆਂ ਨੂੰ ਪਾਰਦਰਸ਼ਤਾ ਦਾ ਸਮਰਥਨ ਕਰਨ, ਕਾਨੂੰਨ ਦੇ ਰਾਜ ਨੂੰ ਬਰਕਰਾਰ ਰੱਖਣ ਅਤੇ ਇਹ ਯਕੀਨੀ ਬਣਾਉਣ ਲਈ ਸੱਦਾ ਦੇਣਾ ਹੈ ਕਿ ਬਿਨਾਂ ਕਿਸੇ ਸਮਝੌਤੇ ਦੇ ਨਿਆਂ ਦਿੱਤਾ ਜਾਵੇ। “ਨਿਆਂ ਅਤੇ ਜਵਾਬਦੇਹੀ ਕੈਨੇਡੀਅਨ ਪ੍ਰਭੂਸੱਤਾ ਲਈ ਬੁਨਿਆਦੀ ਹਨ।” ਕਿਸੇ ਵੀ ਕੂਟਨੀਤਕ ਵਿਚਾਰ ਨੂੰ ਇੱਕ ਪੂਰੀ ਅਤੇ ਪਾਰਦਰਸ਼ੀ ਨਿਆਂਇਕ ਪ੍ਰਕਿਰਿਆ ਦੇ ਅਧਿਕਾਰ ਨੂੰ ਅਣਡਿੱਠਾ ਨਹੀਂ ਕਰਨਾ ਚਾਹੀਦਾ। ਕੀਤੇ ਗਏ ਰੋਸ ਪ੍ਰਦਰਸ਼ਨ ਵਿਚ ਭਾਈ ਗੁਰਮੀਤ ਸਿੰਘ ਤੂਰ, ਭਾਈ ਨਰਿੰਦਰ ਸਿੰਘ ਰੰਧਾਵਾ, ਭਾਈ ਅਵਤਾਰ ਸਿੰਘ ਖਹਿਰਾ, ਭਾਈ ਮਨਜਿੰਦਰ ਸਿੰਘ ਖਾਲਸਾ ਭਾਈ ਚਰਨਜੀਤ ਸਿੰਘ ਭਾਈ ਦਲਜੀਤ ਸਿੰਘ ਭਾਈ ਰਜਿੰਦਰ ਸਿੰਘ, ਭਾਈ ਕਰਨੈਲ ਸਿੰਘ ਤੁੱਟ, ਭਾਈ ਜਰਨੈਲ ਸਿੰਘ, ਭਾਈ ਜੈਗ ਸਿੰਘ, ਭਾਈ ਅਜੈਪਾਲ ਸਿੰਘ ਸਮੇਤ ਵਡੀ ਗਿਣਤੀ ਵਿਚ ਸੰਗਤਾਂ ਹਾਜਿਰ ਸਨ।

**25 ਫਰਵਰੀ ਨੂੰ ਓਟਾਵਾ ਦੇ ਪਾਰਲੀਮੈਂਟ ਹਿੱਲ ਵਿਖੇ ਹੋਵੇਗਾ ਭਾਰੀ ਵਿਰੋਧ ਪ੍ਰਦਰਸ਼ਨ**

ਆਵਾਜ਼ਿ ਕੌਮ AWAZE QAUM International Newspaper & WEB TV

ਗਿਆਨੀ ਰਘਬੀਰ ਸਿੰਘ ਵੱਲੋਂ ਲਾਏ ਦੋਸ਼ਾਂ ਦੀ ਪੜਤਾਲ ਕੀਤੇ ਬਗੈਰ ਹੀ 72 ਘੰਟਿਆਂ ਦਾ ਨੋਟਿਸ ਦੇ ਕੇ

# ਧਾਮੀ ਨੇ ਖੁਦ ਨੂੰ ਬਾਦਲ ਪਰਿਵਾਰ ਦਾ ਬੁਲਾਰਾ ਕੀਤਾ ਸਾਬਤ: ਦਿੱਲੀ ਗੁਰਦੁਆਰਾ ਕਮੇਟੀ




**ਨਵੀਂ ਦਿੱਲੀ, 20 ਫਰਵਰੀ (ਮਨਪ੍ਰੀਤ ਸਿੰਘ ਖਾਲਸਾ):-** ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਸਰਦਾਰ ਹਰਮੀਤ ਸਿੰਘ ਕਾਲਕਾ ਤੇ ਜਨਰਲ ਸਕੱਤਰ ਸਰਦਾਰ ਜਗਦੀਪ ਸਿੰਘ ਕਾਹਲੋਂ ਨੇ ਕਿਹਾ ਹੈ ਕਿ ਗਿਆਨੀ ਰਘਬੀਰ ਸਿੰਘ ਵੱਲੋਂ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਖਿਲਾਫ ਲਗਾਏ ਗਏ ਭ੍ਰਿਸ਼ਟਾਚਾਰ ਦੇ ਦੋਸ਼ਾਂ ਦੀ ਜਾਂਚ ਕਰਨ ਤੋਂ ਪਹਿਲਾਂ ਹੀ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਵੱਲੋਂ ਗਿਆਨੀ ਰਘਬੀਰ ਸਿੰਘ ਨੂੰ 72 ਘੰਟਿਆਂ ਦਾ ਨੋਟਿਸ ਜਾਰੀ ਕਰਕੇ ਆਪਣੇ ਆਪ ਨੂੰ ਬਾਦਲ ਪਰਿਵਾਰ ਦਾ ਬੁਲਾਰਾ ਸਾਬਤ ਕਰ ਦਿੱਤਾ ਹੈ। ਇਕ ਪ੍ਰੈਸ ਕਾਨਫਰੰਸ ਨੂੰ ਸੰਬੋਧਨ ਕਰਦਿਆਂ ਸਰਦਾਰ ਕਾਲਕਾ ਤੇ ਸਰਦਾਰ ਕਾਹਲੋਂ ਨੇ ਕਿਹਾ ਕਿ ਬਹੁਤ ਹੀ ਹੈਰਾਨੀ ਵਾਲੀ ਗੱਲ ਹੈ ਕਿ ਐਡਵੋਕੇਟ ਧਾਮੀ ਨੇ ਗਿਆਨੀ ਰਘਬੀਰ ਸਿੰਘ ਵੱਲੋਂ ਲਗਾਏ ਗੰਭੀਰ ਦੋਸ਼ਾਂ ਦੀ ਜਾਂਚ ਦੇ ਹੁਕਮ ਦੇਣ ਦੀ ਥਾਂ ਸਿੱਧੇ ਤੌਰ ’ਤੇ ਬਾਦਲ ਪਰਿਵਾਰ ਦੇ ਬੁਲਾਰੇ ਵਜੋਂ ਕੰਮ ਕੀਤਾ ਹੈ। ਉਹਨਾਂ ਕਿਹਾ ਕਿ ਗੁਰਦੁਆਰਾ ਅੰਬ ਸਾਹਿਬ ਮੁਹਾਲੀ ਅਤੇ ਗੁਰਦੁਆਰਾ ਭੱਠਾ ਸਾਹਿਬ ਰੋਪੜ ਦੀਆਂ ਜ਼ਮੀਨਾਂ ਦੀ ਵੇਚ ਖਰੀਦ ਵਿਚ ਹੋਏ ਵੱਡੇ ਘਪਲੇ ਦਾ ਸੱਚ ਸੰਗਤਾਂ ਸਾਹਮਣੇ ਆਉਣਾ ਚਾਹੀਦਾ ਹੈ। ਉਹਨਾਂ ਕਿਹਾ ਕਿ ਅਸਲੀਅਤ ਇਹ ਹੈ ਕਿ ਜਦੋਂ ਵੀ ਸ਼੍ਰੋਮਣੀ ਕਮੇਟੀ ਨੇ ਕੋਈ ਜ਼ਮੀਨ ਵੇਚਣੀ ਹੋਵੇ ਤਾਂ ਉਸਨੂੰ ਆਪਣੇ ਹੀ ਚਹੇਤਿਆਂ ਨੂੰ ਕੌਡੀਆਂ ਦੇ ਭਾਅ ਵੇਚ ਦਿੱਤਾ ਜਾਂਦਾ ਹੈ। ਜਦੋਂ ਕਮੇਟੀ ਨੇ ਜ਼ਮੀਨ ਖਰੀਦਣੀ ਹੋਵੇ ਤਾਂ ਮਹਿੰਗੇ ਭਾਅ ਜ਼ਮੀਨਾਂ ਖਰੀਦੀਆਂ ਜਾਂਦੀਆਂ ਹਨ। ਉਹਨਾਂ ਕਿਹਾ ਕਿ ਐਡਵੋਕੇਟ ਧਾਮੀ ਨੇ ਗਿਆਨੀ ਰਘਬੀਰ ਸਿੰਘ ਖਿਲਾਫ ਜੋ ਕਾਰਵਾਈ ਕੀਤੀ ਉਸਦੀ ਜਿੰਨੀ ਨਿਖੇਧੀ ਕੀਤੀ ਜਾਵੇ ਥੋੜ੍ਹੀ ਹੈ। ਉਹਨਾਂ ਕਿਹਾ ਕਿ ਖੁਦ ਐਡਵੋਕੇਟ ਧਾਮੀ ਨੇ ਵੀ ਇਹ ਮੰਨਿਆ ਹੈ ਕਿ ਉਹਨਾਂ ਦੇ ਕਾਰਜਕਾਲ ਵਿਚ ਸ਼੍ਰੋਮਣੀ ਕਮੇਟੀ ਵਿਚ ਭ੍ਰਿਸ਼ਟਾਚਾਰ ਹੋਇਆ ਹੈ। ਉਹਨਾਂ ਕਿਹਾ ਕਿ ਐਡਵੋਕੇਟ ਧਾਮੀ ਪਿਛਲੇ ਕੁਝ ਮਹੀਨਿਆਂ ਤੋਂ ਬਾਦਲ ਪਰਿਵਾਰ ਦੇ ਵਕੀਲ ਬਣ ਕੇ ਵਿਚਰ ਰਹੇ ਹਨ ਜਿਸ ਕਾਰਨ ਸੰਗਤਾਂ ਵਿਚ ਰੋਸ ਹੈ। ਉਹਨਾਂ ਕਿਹਾ ਕਿ 49 ਕਰੋੜ ਰੁਪਏ ਤੋਂ ਵੱਧ ਕੀਮਤ ਦੀ ਜਿਹੜੀ ਜਾਇਦਾਦ ਵੇਚੀ ਗਈ, ਉਹ ਪੈਸਾ ਕਿਥੇ ਹੈ, ਇਸਦਾ ਹਿਸਾਬ ਸੰਗਤ ਮੰਗ ਰਹੀ ਹੈ। ਉਹਨਾਂ ਕਿਹਾ ਕਿ ਗਿਆਨੀ ਰਘਬੀਰ ਸਿੰਘ ਦੇ ਖਿਲਾਫ ਜੋ ਵੀ ਕਾਰਵਾਈ ਹੋ ਰਹੀ ਹੈ, ਉਹ 2 ਦਸੰਬਰ 2024 ਦੇ ਹੁਕਮਨਾਮੇ ਦੇ ਮਾਮਲੇ ਵਿਚ ਬਦਲਾਖੋਰੀ ਦੀ ਕਾਰਵਾਈ ਵਜੋਂ ਹੋ ਰਹੀ ਹੈ।

ਸਵਾਲਾਂ ਦੇ ਜਵਾਬ ਦਿੰਦਿਆਂ ਸਰਦਾਰ ਕਾਲਕਾ ਤੇ ਸਰਦਾਰ ਕਾਹਲੋਂ ਨੇ ਕਿਹਾ ਕਿ ਦਿੱਲੀ ਗੁਰਦੁਆਰਾ ਕਮੇਟੀ ਦੇ ਐਕਟ ਵਿਚ ਕੋਈ ਵਿਵਸਥਾ ਨਹੀਂ ਹੈ ਕਿ ਗੁਰੂ ਘਰਾਂ ਦੀਆਂ ਜਾਇਦਾਦਾਂ ਵੇਚੀਆਂ ਜਾਣ। ਉਹਨਾਂ ਕਿਹਾ ਕਿ ਕਿਸੇ ਕੋਲ ਵੀ ਇਹ ਤਾਕਤ ਨਹੀਂ ਹੈ ਕਿ ਗੁਰੂ ਘਰਾਂ ਦੀਆਂ ਜਾਇਦਾਦਾਂ ਵੇਚੀਆਂ ਜਾਣ। ਉਹਨਾਂ ਕਿਹਾ ਕਿ ਪੰਜਾਬ ਵਿਚ ਜਿਹੜੀਆਂ ਸਰਕਾਰਾਂ ਸਮੇਂ ਬੇਅਦਬੀਆਂ ਹੋਈਆਂ, ਸੰਗਤਾਂ ’ਤੇ ਗੋਲੀਆਂ ਚਲਾਈਆਂ ਗਈਆਂ ਤੇ ਸੰਗਤ ਦੇ ਹਿਰਦੇ ਵਲੂੰਧਰੇ ਗਏ, ਉਹਨਾਂ ਖਿਲਾਫ ਅੱਜ ਵੀ ਸੰਗਤ ਵਿਚ ਰੋਸ ਹੈ। ਉਹਨਾਂ ਕਿਹਾ ਕਿ ਸਮੁੱਚੀ ਕੌਮ ਅੱਜ ਵੀ ਗਿਆਨੀ ਰਘਬੀਰ ਸਿੰਘ ਦੇ ਨਾਲ ਹੈ। ਉਹਨਾਂ ਕਿਹਾ ਕਿ ਉਹ ਗਿਆਨੀ ਰਘਬੀਰ ਸਿੰਘ ਨਾਲ ਵੀ ਗੱਲਬਾਤ ਕਰਨਗੇ ਅਤੇ ਜੋ ਵੀ ਸੰਗਤਾਂ ਦਾ ਫੈਸਲਾ ਹੋਇਆ, ਉਸ ਮੁਤਾਬਕ ਅੱਗੇ ਦੀ ਰਣਨੀਤੀ ਤੈਅ ਕਰਨਗੇ। ਉਹਨਾਂ ਇਹ ਵੀ ਕਿਹਾ ਕਿ ਜੇਕਰ ਸਰਬੱਤ ਖਾਲਸਾ ਸੱਦਿਆ ਜਾਂਦਾ ਹੈ ਤਾਂ ਉਹ ਉਸ ਵਿਚ ਜ਼ਰੂਰ ਸ਼ਾਮਲ ਹੋਣਗੇ। ਸਵਾਲਾਂ ਦੇ ਜਵਾਬ ਦਿੰਦਿਆਂ ਸਰਦਾਰ ਕਾਲਕਾ ਤੇ ਸਰਦਾਰ ਕਾਹਲੋਂ ਨੇ ਸਪਸ਼ਟ ਕੀਤਾ ਕਿ ਪਰਮਜੀਤ ਸਿੰਘ ਸਰਨਾ ਗੁਰੂ ਘਰ ਦੇ ਦਰਵਾਜ਼ਿਆਂ ਬਾਰੇ ਕੂੜ ਪ੍ਰਚਾਰ ਕਰ ਰਹੇ ਹਨ ਜਦੋਂ ਕਿ ਗੁਰੂ ਦੇ ਦਰਵਾਜ਼ੇ ਕਦੇ ਵੀ ਬੰਦ ਨਹੀਂ ਹੋ ਸਕਦੇ ਭਾਵੇਂ ਜਿੰਨਾ ਮਰਜ਼ੀ ਵੱਡਾ ਵੀ ਵੀ ਆਈ ਪੀ ਗੁਰੂ ਘਰ ਆ ਜਾਵੇ। ਉਹਨਾਂ ਕਿਹਾ ਕਿ ਸਾਡੀ ਪੁਲਿਸ ਅਧਿਕਾਰੀਆਂ ਨਾਲ ਵੀ ਗੱਲਬਾਤ ਹੋਈ ਹੈ ਤੇ ਜਿਹੜਾ ਵੀ ਕੋਈ ਦੋਸ਼ੀ ਪੁਲਿਸ ਮੁਲਾਜ਼ਮ ਹੈ, ਉਸ ਖਿਲਾਫ ਕਾਰਵਾਈ ਕੀਤੇ ਜਾਣ ਦਾ ਮਾਮਲਾ ਅਸੀਂ ਚੁੱਕ ਰਹੇ ਹਾਂ।

**ਗਿਆਨੀ ਰਘਬੀਰ ਸਿੰਘ ਵੱਲੋਂ ਚੁੱਕੇ ਸਵਾਲ ਗੰਭੀਰ, ਇਹਨਾਂ ਦੀ ਜਾਂਚ ਜ਼ਰੂਰੀ: ਕਾਲਕਾ, ਕਾਹਲੋਂ**

ਆਵਾਜ਼ਿ ਕੌਮ AWAZE QAUM International Newspaper & WEB TV

## ਤਰਨ ਤਾਰਨ ਮਾਲ ਮਹਿਕਮੇ ਦੀ ਤਹਿਸੀਲ ਵਿਚ ਰਜਿਸ਼ਟਰੀਆਂ ਦੀ ਫੀਸ ਕੋਡ ਅਤੇ ਘੱਟ ਰੇਟ ਤੇ ਰਜਿਸ਼ਟਰੀਆ ਕਰਾਉਣ ਦਾ ਮਾਮਲਾ ਹੋਇਆ ਜੱਗ ਜਾਹਿਰ :ਹਰਪਾਲ ਸਿੰਘ ਯੂ.ਕੇ.

### ਦੋ ਮੁਲਜਮਾਂ ਤੇ ਜਾਂਚ ਪੜਤਾਲ ਕਰਕੇ ਪਰਚਾ ਦਰਜ ਕੀਤਾ ਗਿਆ ਪਰ ਬਾਕੀ ਮੁਲਜਮਾਂ ਤੇ ਨਹੀਂ ਹੋਈ ਕੋਈ ਕਾਰਵਾਈ



**ਚੌਂਕ ਮਹਿਤਾ, 20 ਫਰਵਰੀ (ਬਾਬਾ ਸੁਖਵੰਤ ਸਿੰਘ ਚੰਨਣਕੇ)**-ਅਕਸਰ ਹੀ ਮਾਲ ਮਹਿਕਮੇ ਦੀਆਂ ਬੇਨਿਯਮੀਆਂ ਦਾ ਮਸਲਾ ਸਾਹਮਣੇ ਆਉਂਦਾ ਰਹਿੰਦਾ ਹੈ ਜਦੋਂ ਵੀ ਕੋਈ ਸਰਕਾਰ ਪਟਵਾਰੀ ਸਾਹਿਬ ਨੂੰ ਜਾਂ ਤਹਿਸਲੀਦਾਰ ਸਾਹਿਬ ਨੂੰ ਸਸਪੈਂਡ ਕਰਦੀ ਹੈ ਜਾਂ ਰਿਸ਼ਵਤ ਲੈਂਦੇ ਇਹ ਰੰਗੇ ਹੱਥੀ ਫੜੇ ਜਾਂਦੇ ਹਨ ਤਾਂ ਇਹ ਪਟਵਾਰ ਯੂਨੀਅਨ ਦਾ ਆਸਰਾ ਲੈ ਕੇ ਹੜਤਾਲ ਕਰ ਦਿੰਦੇ ਹਨ ਅਤੇ ਲੋਕਾਂ ਨੂੰ ਖਜਲ ਖਰਾਬ ਕਰਦੇ ਹਨ ਅਤੇ ਸਰਕਾਰਾਂ ਇਹਨਾਂ ਅਗੇ ਝੁਕ ਜਾਂਦੀਆ ਹਨ। ਕਿਉਂਕਿ ਜਿਨਾਂ ਰੈਵੀਨਿਊ (ਫੀਸ ਕੋਡ) ਦਾ ਨੁਕਸਾਨ ਤਹਿਸੀਲਾਂ ਵਿਚ ਹੁੰਦਾ ਹੈ ਸ਼ਾਇਦ ਹੀ ਕਿਤੇ ਹੁੰਦਾ ਹੋਵੇਗਾ। ਅਰਬਾਂ ਰੁਪਏ ਦਾ ਚੂਨਾ ਸਰਕਾਰ ਨੂੰ ਲੱਗਦਾ ਹੈ ਇਹਨਾਂ ਸ਼ਬਦਾਂ ਦਾ ਪ੍ਰਗਟਾਵਾ ਹਰਪਾਲ ਸਿੰਘ ਯੂ ਕੇ ਨੇ ਪੱਤਰਕਾਰਾ ਨਾਲ ਗੱਲਬਾਤ ਦੌਰਾਨ ਕੀਤਾ ਉਨ੍ਹਾਂ ਦੱਸਿਆ ਕਿ ਇਹ ਮਾਮਲਾ ਤਰਨ ਤਾਰਨ ਦੇ ਇਕ ਐਨ.ਆਰ.ਆਈ. ਪਰਿਵਾਰ ਨਾਲ ਜੁੜਿਆ ਹੈ ਜਿੱਥੇ ਕਿ ਬਿਆਨਾ 2 ਕਰੋੜ 22 ਲੱਖ ਦਾ ਲਿਖਿਆ ਗਿਆ ਪਰ ਵਸੀਕੇ ਅਤੇ ਤਹਿਸੀਲਦਾਰ ਨੇ ਮਿਲ ਕੇ ਉਹ ਰਜਿਸ਼ਟਰੀ 69,00,000 ਵਿਚ ਭੁਗਤਾਈ। ਉਸ ਵਿਚੋਂ 24,40,500 ਰਜਿਸ਼ਟਰੀ ਵਿਚ ਕੈਸ਼ ਲਿਖਿਆ ਗਿਆ। ਪਰ ਉਸ ਵਿਚ ਵੀ ਮੁਤਾਬਕ ਐਕਟ 269 ਵਿਚ ਸਾਫ-ਸਾਫ ਲਿਖਿਆ ਹੈ ਕਿ ਪ੍ਰਾਪਰਟੀ ਦੇ ਕੈਸ਼ ਲੈਣ ਦੇਣ ਵਿਚ 2,00,000 ਲੱਖ ਰੁਪਏ ਤੋਂ ਵੱਧ ਨਹੀ ਹੋ ਸਕਦਾ। ਇਹ ਸੱਭ ਕੁੱਝ ਵਸੀਕਾ, ਤਹਿਸੀਲਦਾਰ ਸਾਹਿਬ,ਰਜਿਸ਼ਟਰੀ ਕਲਰਕ ਅਤੇ ਹੋਰਨਾ ਦੀ ਮਿਲੀ ਭੁਗਤ ਨਾਲ ਹੋਇਆ ਜਿਸ ਦੇ ਖਿਲਾਫ ਥਾਣਾ ਸਿਟੀ ਤਰਨ ਤਾਰਨ ਵਿਚ ਐਫ.ਆਈ.ਆਰ. ਨੰ. 0012 ਮਿਤੀ 15-01-2026 ਨੂੰ ਹੋ ਚੁੱਕੀ ਹੈ ਅਤੇ ਰਾਜਵਿੰਦਰ ਸਿੰਘ ਦੀ ਬੇਲ ਵੀ ਖਾਰਜ ਹੋ ਚੁੱਕੀ ਹੈ। ਮੈਂ ਇਸ ਮਸਲੇ ਸਬੰਧੀ ਹੋਰ ਵੀ ਸਾਰੇ ਸਬੂਤ ਇਕੱਠੇ ਕੀਤੇ ਹਨ ਰਜਿਸ਼ਟਰੀ ਸਰਕਾਰੀ ਰੇਟ ਤੇ ਹੁੰਦੀਆ ਹਨ ਅਤੇ ਬਿਆਨੇ ਮਾਰਕੀਟ ਰੇਟ ਤੇ ਹੁੰਦੇ ਹਨ ਸਭ ਤੋਂ ਵੱਡਾ ਮਾਫੀਆ ਤਹਿਸੀਲਾਂ ਵਿਚ ਚਲਦਾ ਹੈ। ਇਸ ਨੂੰ ਰੋਕਣ ਦੀ ਸਖਤ ਲੋੜ ਹੈ ਅਤੇ ਭ੍ਰਿਸ਼ਟ ਅਫਸਰ ਜੋ ਅੰਡਰ ਟੇਬਲ ਪੈਸੇ ਲੈ ਕੇ ਕੰਮ ਕਰਦੇ ਹਨ ਇਹਨਾਂ ਦੇ ਖਿਲਾਫ ਸਖਤ ਕਾਨੂੰਨੀ ਕਾਰਵਾਈ ਹੋਣੀ ਚਾਹੀਦੀ ਹੈ ਮਾਨਯੋਗ ਪੰਜਾਬ ਸਰਕਾਰ ਅਤੇ ਮਾਨਯੋਗ ਮਾਲ ਵਿਭਾਗ ਦੇ ਮੰਤਰੀ ਤੋਂ ਮੰਗ ਕਰਦੇ ਹਾਂ ਕਿ ਇਸ ਦੀ ਪੂਰਨ ਤੌਰ ਤੇ ਉਚ ਪੱਧਰ ਤੇ ਜਾਂਚ ਪੜਤਾਲ ਕਰਕੇ ਇਹੋ ਜਿਹੇ ਭ੍ਰਿਸ਼ਟ ਅਧਿਕਾਰੀਆਂ ਉਪਰ ਸਖਤ ਕਾਰਵਾਈ ਕੀਤੀ ਜਾਵੇ ਅਤੇ ਐਨ.ਆਰ.ਆਈ. ਦੇ ਪਰਿਵਾਰਾਂ ਨੂੰ ਖਜਲ ਹੋਣ ਤੋਂ ਬਚਾਇਆ ਜਾਵੇ। ਜੇਕਰ ਇਸ ਤਰਾਂ ਹੀ ਚਲਦਾ ਰਿਹਾ ਤਾਂ ਉਹ ਦਿਨ ਦੂਰ ਨਹੀ ਜਦੋਂ ਐਨ.ਆਰ.ਆਈ ਦੇ ਪਰਿਵਾਰਾਂ ਨੂੰ ਮਜਬੂਰਨ ਆਪਣੇ ਕਾਰੋਬਾਰ ਬੰਦ ਕਰਕੇ ਮੁੜ ਵਿਦੇਸ਼ਾਂ ਵੱਲ ਪਰਤਣਾ ਪਵੇਗਾ।

ਆਵਾਜ਼ਿ ਕੌਮ AWAZE QAUM International Newspaper & WEB TV

### “ਟੈਲੀ-ਮਨਾਸ” ਹੈਲਪਲਾਈਨ ਤੇ ਜਿਲ੍ਹਾ ਅੰਮ੍ਰਿਤਸਰ ਵਿੱਚ 22,200 ਤੋਂ ਵੱਧ ਕਾਲਾਂ ਆਈਆਂ- ਸਿਵਲ ਸਰਜਨ : ਡਾ. ਬਜਾਜ



**ਚੌਂਕ ਮਹਿਤਾ, 20 ਫਰਵਰੀ (ਬਾਬਾ ਸੁਖਵੰਤ ਸਿੰਘ ਚੰਨਣਕੇ)**-ਪੰਜਾਬ ਸਰਕਾਰ ਦੇ ਹੁਕਮਾਂ ਅਨੁਸਾਰ ਸਿਵਲ ਸਰਜਨ ਡਾ ਸਤਿੰਦਰਜੀਤ ਸਿੰਘ ਬਜਾਜ ਦੀ ਅਗਵਾਈ ਹੇਠ ਮਾਨਸਿਕ ਸਿਹਤ ਪ੍ਰੋਗਰਾਮ ਤਹਿਤ ਟੈਲੀ ਮਾਨਸ ਹੈਲਪਲਾਈਨ ਅਹਿਮ ਭੂਮਿਕਾ ਨਿਭਾ ਰਹੀ ਹੈ। ਇਸ ਹੈਲਪ ਲਾਈਨ ’ਤੇ ਪਿਛਲੇ ਇਕ ਸਾਲ ਦੌਰਾਨ ਜ਼ਿਲ੍ਹੇ ਭਰ ਵਿਚ 22,200 ਤੋਂ ਵੱਧ ਕਾਲਾਂ ਪ੍ਰਾਪਤ ਹੋ ਚੁੱਕੀਆਂ ਹਨ, ਜਿੱਥੇ ਲੋਕਾਂ ਨੇ ਮਾਨਸਿਕ ਸਲਾਹ, ਭਾਵਨਾਤਮਕ ਸਹਾਇਤਾ ਅਤੇ ਮਨੋਵਿਗਿਆਨਕ ਮਦਦ ਲਈ ਸੰਪਰਕ ਕੀਤਾ। ਟੈਲੀ-ਮਨਾਸ ਭਾਰਤ ਸਰਕਾਰ - ਦੀ ਨੈਸ਼ਨਲ ਟੈਲੀ ਮੈਂਟਲ ਹੈਲਥ ਪ੍ਰੋਗਰਾਮ ਹੇਠ ਇਕ ਮਹੱਤਵਪੂਰਨ ਪਹਿਲ ਹੈ, ਜਿਸ ਦਾ ਉਦੇਸ਼ ਦੇਸ਼ ਭਰ ਦੇ ਲੋਕਾਂ ਨੂੰ ਮੁਫ਼ਤ, ਗੁਪਤ ਅਤੇ 24 ਘੰਟੇ ਮਾਨਸਿਕ ਸਿਹਤ ਜੋ ਸਹਾਇਤਾ ਪ੍ਰਦਾਨ ਕਰਨਾ ਹੈ। ਇਹ ਸੇਵਾ ਮਾਹਿਰ ਕੌਂਸਲਰਾਂ ਰਾਹੀਂ ਤੁਰੰਤ ਮਦਦ, ਤਣਾਅ ਨੂੰ ਸੰਭਾਲਣ - ਲਈ ਤਰੀਕੇ, ਮਨੋਵਿਗਿਆਨਕ ਪਹਿਲੀ ਸਹਾਇਤਾ ਅਤੇ ਲੋੜ ਪੈਣ ’ਤੇ ਮਾਹਿਰਾਂ ਜਾਂ ਸਿਹਤ ਸੰਸਥਾਵਾਂ - ਨਾਲ ਜੋੜਨ ਦੀ ਸੁਵਿਧਾ ਦਿੰਦੀ ਹੈ। ਹੈਲਪ ਲਾਈਨ ਰਾਹੀਂ ਤਣਾਅ, ਚਿੰਤਾ, ਡਿਪ੍ਰੈਸ਼ਨ, ਪ੍ਰੀਖਿਆ ਦਬਾਅ, ਰਿਸ਼ਤਿਆਂ ਦੀਆਂ ਸਮੱਸਿਆਵਾਂ, ਨਸ਼ੇ ਸੰਬੰਧੀ ਚਿੰਤਾਵਾਂ, ਨੀਂਦ ਦੀਆਂ ਸਮੱਸਿਆਵਾਂ ਅਤੇ ਸੰਕਟ ਸਥਿਤੀਆਂ ਵਰਗੇ ਮਾਮਲਿਆਂ ਵਿਚ ਮਦਦ ਪ੍ਰਦਾਨ ਕੀਤੀ ਜਾਂਦੀ ਹੈ। ਇਹ ਦੋ ਪੱਧਰੀ ਪ੍ਰਣਾਲੀ ਰਾਹੀਂ ਕੰਮ ਕਰਦੀ ਹੈ। ਪਹਿਲੇ ਪੱਧਰ ’ਤੇ ਕੌਂਸਲਰ ਸਹਾਇਤਾ ਦਿੰਦੇ ਹਨ ਅਤੇ ਜ਼ਰੂਰਤ ਪੈਣ ’ਤੇ ਮਾਮਲੇ ਨੂੰ ਮਨੋਵਿਗਿਆਨੀ ਜਾਂ ਮਨੋਰੋਗ ਮਾਹਿਰ ਵੱਲ ਭੇਜਿਆ ਜਾਂਦਾ ਹੈ। ਡਿਪਟੀ ਮੈਡੀਕਲ ਕਮਿਸ਼ਨਰ ਡਾ ਗੁਰਮੀਤ ਕੌਰ ਨੇ ਕਿਹਾ ਕਿ ਵੱਧ ਰਹੀਆਂ ਕਾਲਾਂ ਲੋਕਾਂ ਵਿਚ ਮਾਨਸਿਕ ਸਿਹਤ ਬਾਰੇ ਜਾਗਰੂਕਤਾ ਦਾ ਸੰਕੇਤ ਹਨ। ਉਨ੍ਹਾਂ ਨੇ ਲੋਕਾਂ ਨੂੰ ਅਪੀਲ ਕੀਤੀ ਕਿ ਭਾਵਨਾਤਮਕ ਤਣਾਅ ਮਹਿਸੂਸ ਹੋਵੇ ਤਾਂ ਉਹ ਬਿਨਾਂ ਝਿਜਕ ਸਹਾਇਤਾ ਲੈਣ। ਉਨ੍ਹਾਂ ਨੇ ਸਮਾਜਿਕ ਸੰਸਥਾਵਾਂ, ਸਕੂਲਾਂ ਅਤੇ ਪਰਿਵਾਰਾਂ ਨੂੰ ਵੀ ਇਸ ਸੇਵਾ ਬਾਰੇ ਜਾਗਰੂਕਤਾ ਫੈਲਾਉਣ ਦੀ ਅਪੀਲ ਕੀਤੀ। ਇਸ ਮੌਕੇ ਤੇ ਜਿਲ੍ਹਾ ਐਮ.ਈ.ਆਈ.ਓ ਅਮਰਦੀਪ ਸਿੰਘ ਨੇ ਦੱਸਿਆ ਕਿ ਲੋਕ ਇਸ 24 ਘੰਟੇ, ਹਫ਼ਤੇ ਦੇ 7 ਦਿਨ ਟੋਲ-ਫਰੀ ਨੰਬਰ 1800-89-14416 ਅਤੇ 14416 ਕਾਲ ਕਰਕੇ ਸੇਵਾ ਲੈ ਸਕਦੇ ਹਨ।

ਆਵਾਜ਼ਿ ਕੌਮ AWAZE QAUM International Newspaper & WEB TV

### ਸਾਹਿਤਕ ਸਰਗਰਮੀ : -ਅਦਬੀ ਚਿਹਰਾ’ ਕੌਰਨਵਾਲ, ਕੈਨੇਡਾ ਵੱਲੋਂ ’ਅੰਤਰਰਾਸ਼ਟਰੀ ਮਾਂ ਬੋਲੀ ਦਿਵਸ’ ਨੂੰ ਸਮਰਪਿਤ ਬਹੁ-ਭਾਸ਼ਾਈ ਕਵੀ ਦਰਬਾਰ ਅੱਜ

’ਅਦਬੀ ਚਿਹਰਾ’ ਕੌਰਨਵਾਲ ਵੱਲੋਂ ’ਅੰਤਰਰਾਸ਼ਟਰੀ ਮਾਂ ਬੋਲੀ ਦਿਵਸ’ ਨੂੰ ਸਮਰਪਿਤ ਬਹੁ-ਭਾਸ਼ਾਈ ਕਵੀ ਦਰਬਾਰ ਮਿਤੀ 21/02/2026 ਦਿਨ ਸ਼ਨੀਵਾਰ ਨੂੰ ਸਵੇਰੇ 10:00 ਵਜੇ ਤੋਂ ਦੁਪਹਿਰ 1:30 ਵਜੇ ਤੱਕ ਲਾਇਬ੍ਰੇਰੀ ਹਾਲ ਕੌਰਨਵਾਲ ਵਿਖੇ ਕਰਵਾਇਆ ਜਾ ਰਿਹਾ ਹੈ ।ਇਸ ਮੌਕੇ ਵੱਖੋ ਵੱਖ ਭਾਸ਼ਾਵਾਂ ਪੰਜਾਬੀ, ਉਰਦੂ ,ਹਿੰਦੀ ਅਤੇ ਅੰਗਰੇਜ਼ੀ ਦੇ ਕਵੀ ਆਪੋ ਆਪਣੀ ਮਾਂ ਬੋਲੀ ਵਿਚ ਰਚੀਆਂ ਆਪਣੀਆਂ ਕਵਿਤਾਵਾਂ ਪੇਸ਼ ਕਰਨਗੇ। ਇਸ ਕਵੀ ਦਰਬਾਰ ਵਿਚ ਕੌਰਨਵਾਲ, ਮੌਂਟਰੀਅਲ, ਓਟਵਾ ਅਤੇ ਨੇੜੇ ਦੀਆਂ ਹੋਰ ਸਾਹਿਤ ਸਭਾਵਾਂ ਦੇ ਸ਼ਾਇਰਾਂ ਤੋਂ ਇਲਾਵਾ ਪੰਜਾਬ ਤੋਂ ਆਏ ਕਵੀ ਅਮਰਜੀਤ ਸਿੰਘ ਜੀਤ ਗ.ਜ਼ਲਗੋ ਵਿਸ਼ੇਸ਼ ਤੌਰ ਤੇ ਸ਼ਿਰਕਤ ਕਰਨਗੇ। ਇਹ ਜਾਣਕਾਰੀ ਸ਼ੋਇਬ ਸਾਦਿਕ ਪ੍ਰਧਾਨ ’ਅਦਬੀ ਚਿਹਰਾ’ ਕੌਰਨਵਾਲ ,ਕੈਨੇਡਾ ਸੰਪਰਕ:1(613)662 2949 ਨੇ ਦਿੱਤੀ।





ਆਵਾਜ਼ਿ ਕੌਮ AWAZE QAUM International Newspaper & WEB TV

ਘੜੀਐ ਸਬਦੁ ਸਚੀ ਟਕਸਾਲ ॥

ਵਾਹਿਗੁਰੂ ਜੀ ਕਾ ਖਾਲਸਾ । ਵਾਹਿਗੁਰੂ ਜੀ ਕੀ ਫਤਿਹ ॥

# ਗੁਰਦੁਆਰਾ ਸਾਹਿਬ ਸ਼ਹੀਦ ਬਾਬਾ ਦੀਪ ਸਿੰਘ ਜੀ ਕਾਜਲਮਰਾਨੋ ਕਰਮੋਨਾ ਇਟਲੀ ਵਿਖੇ

## Gurdwara Sahib Shaeed Baba Deep Singh ji Casalmorano Cremona (Italy)



# ਮਹਾਨ ਸ਼ਹੀਦੀ ਦਿਹਾੜਾ

ਸ਼ਹੀਦੀ ਸਾਕਾ ਸ੍ਰੀ ਨਨਕਾਣਾ ਸਾਹਿਬ ਤੇ ਸ੍ਰੀ ਗੰਗਸਰ ਜੈਤੋ ਨੂੰ ਸਮਰਪਿਤ ਗੁਰਮਿਤ ਸਮਾਗਮ ਕਰਵਾਏ ਜਾ ਰਹੇ ਹਨ

**ਸ਼ਨਿੱਚਰਵਾਰ 21 ਫਰਵਰੀ ਸ਼ਾਮ 5 ਤੋਂ 8 ਵਜੇ ਤੱਕ ਦੀਵਾਨ ਸਜਣਗੇ**

ਐਤਵਾਰ 22 ਫਰਵਰੀ 2026 ਨੂੰ 6:30 ਵਜੇ ਸਵੇਰੇ ਚੌਪੈਹਿਰੇ ਸਾਹਿਬ ਦੇ ਪਾਠਾਂ ਦੀ ਆਰੰਭਤਾ ਹੋਵੇਗੀ ਸਮੇਤ ਸੁਖਮਨੀ ਸਾਹਿਬ ਦੇ 10:30 ਵਜੇ ਭੋਗ ਪੈਣਗੇ ਉਪਰੰਤ 12 : 30 ਵਜੇ ਤੱਕ ਦੀਵਾਨ ਸੱਜਣਗੇ।

ਕਥਾ ਵਾਚਕ ਗਿਆਨੀ ਰੂਪ ਸਿੰਘ ਦਮਦਮੀ ਟਕਸਾਲ ਵਾਲੇ ਕਥਾ ਰਾਹੀਂ ਗੁਰਬਾਣੀ ਗੁਰ ਇਤਿਹਾਸ ਸਿੱਖ ਇਤਿਹਾਸ ਨਾਲ ਸਿੱਖ ਸੰਗਤਾਂ ਨੂੰ ਜੋੜਨਾ ਕਰਨਗੇ।

ਪ੍ਰਬੰਧਕ ਸੇਵਾਦਾਰਾਂ ਅਤੇ ਇੰਟਰਨੈਸ਼ਨਲ ਪੰਥਕ ਦਲ ਦੇ ਸਿੰਘਾਂ ਅਤੇ ਇਲਾਕਾ ਨਿਵਾਸੀ ਸਮੂੰਹ ਸਾਧ ਸੰਗਤਾਂ ਵੱਲੋਂ ਸੇਵਾ ਨਿਭਾਈ ਜਾਂਦੀ ਹੈ।

ਗੁਰੂ ਕਾ ਲੰਗਰ ਅਤੁੱਟ ਵਰਤੇਗਾ

ਜ਼ਰੂਰੀ ਬੇਨਤੀ : ਗੱਤਕੇ ਦੀ ਸਿਖਲਾਈ ਹਰ ਐਤਵਾਰ 11:00 ਤੋਂ 1 : 00 ਵਜੇ ਤੱਕ ਦਿੱਤੀ ਜਾਂਦੀ ਹੈ।

★ ਗੁਰੂ ਪੰਥ ਦੇ ਦਾਸਰੇ ★

**ਸਾਧ ਸੰਗਤ, ਪ੍ਰਬੰਧਕ ਕਮੇਟੀ**

**ਗੁਰਦੁਆਰਾ ਸਾਹਿਬ ਸ਼ਹੀਦ ਬਾਬਾ ਦੀਪ ਸਿੰਘ ਜੀ ਕਾਜਲਮਰਾਨੋ ਕਰਮੋਨਾ ਇਟਲੀ**

ਵਧੇਰੇ ਜਾਣਕਾਰੀ ਲਈ ਸੰਪਰਕ ਕਰੋ:-

ਭਾਈ ਪ੍ਰਗਟ ਸਿੰਘ (ਪ੍ਰਧਾਨ) 00393208124778

ਭਾਈ ਬਲਰਾਮ ਸਿੰਘ +393885751594

ਭਾਈ ਪ੍ਰਭਜੀਤ ਸਿੰਘ ਆਜਾਨੇਲੋ +393881079260

ਸ਼ੇਅਰ ਜ਼ਰੂਰ ਕਰੋ ਜੀ। ☛ਸਿੱਖ ਸੰਗਤਾਂ ਦੇ ਚਰਨਾਂ 'ਚ ਬੇਨਤੀ ਹੈ ਕਿ ਹੁੰਮ-ਹੁੰਮਾ ਕੇ ਪੁੱਜਣ ਦੀ ਕ੍ਰਿਪਾਲਤਾ ਕਰਨੀ ਜੀ।

**Gurdwara Sahib Shaeed Baba Deep Singh ji Damdami Taksaal**

Via Giacomo Matteotti 3Cap
26020Casalmorano Cremona (IT)

E-mail : gur.damdamitaksaalitaly@gmail.com

Call+393475711755 / 3208124778

ਗੁਰਦੁਆਰਾ ਸਾਹਿਬ ਪਿੰਡ ਬੁੰਗਾ ਦੀ ਕਾਰ ਸੇਵਾ ਸਬੰਧੀ

# ਜਥੇਦਾਰ ਬਲਜੀਤ ਸਿੰਘ ਦਾਦੂਵਾਲ ਵਾਲ ਜੀ ਨੇ ਅਨੇਕਾਂ ਪੰਥਕ ਸ਼ਖਸੀਅਤਾਂ ਨਾਲ ਲਿਆ ਜਾਇਜ਼ਾ








ਗੁਰਦੁਆਰਾ ਸਾਹਿਬ ਪਿੰਡ ਬੁੰਗਾ ਦੀ ਕਾਰ ਸੇਵਾ ਸਬੰਧੀ 18 ਫਰਵਰੀ ਨੂੰ ਜਾਇਜ਼ਾ ਲੈਂਦੇ ਹੋਏ ਜਥੇਦਾਰ ਬਲਜੀਤ ਸਿੰਘ ਦਾਦੂਵਾਲ ਵਾਲ ਜੀ,ਜਥੇਦਾਰ ਸਵਰਨ ਸਿੰਘ ਬੁੰਗਾ ਟਿੱਬੀ ਮੈਂਬਰ ਹਲਕਾ ਪੰਚਕੂਲਾ,ਸਰਪੰਚ ਕਵਿਤਾ ਚੌਧਰੀ,ਸਰਪੰਚਪਤੀ ਜਸਵਿੰਦਰ ਸਿੰਘ ਬੁੰਗਾ,ਲੰਬੜਦਾਰ ਅਰਜਨ ਸਿੰਘ,ਪ੍ਰਸਿੱਧ ਢਾਡੀ ਮਲਕੀਤ ਸਿੰਘ ਮੀਤ ਇਸ ਸਮੇਂ ਹਾਜ਼ਰ ਸਨ।

ਆਵਾਜ਼ਿ ਕੌਮ
AWAZE QAUM
International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

ਗੁਰਦੁਆਰਾ ਲਵੇਰੀਸਰ ਸਾਹਿਬ ਢਾਣੀ ਕਾਹਣ ਸਿੰਘ ਵਾਲੀ, ਬੁੱਢਾ ਭਾਣਾ,ਪਿੰਡ ਮੱਲੇਵਾਲਾ ਸਿਰਸਾ ਵਿਖੇ

# ਗੁਰਮਤਿ ਸਮਾਗਮ ਉਪਰੰਤ ਦਰਬਾਰ ਸਾਹਿਬ ਦੀ ਨਵੀਂ ਇਮਾਰਤ ਦਾ ਨੀਂਹ ਪੱਥਰ ਰੱਖਿਆ

## ਜਥੇਦਾਰ ਬਲਜੀਤ ਸਿੰਘ ਦਾਦੂਵਾਲ ਜੀ ਚੇਅਰਮੈਨ ਧਰਮ ਪ੍ਰਚਾਰ ਹਰਿਆਣਾ ਕਮੇਟੀ ਨੇ ਆਪਣੇ ਵਲੋਂ 1 ਲੱਖ ਰੁਪਏ ਭੇਂਟ ਕੀਤੇ










ਗੁਰਦੁਆਰਾ ਲਵੇਰੀਸਰ ਸਾਹਿਬ ਢਾਣੀ ਕਾਹਣ ਸਿੰਘ ਵਾਲੀ, ਬੁੱਢਾ ਭਾਣਾ,ਪਿੰਡ ਮੱਲੇਵਾਲਾ ਸਿਰਸਾ ਵਿਖੇ 19 ਫਰਵਰੀ ਨੂੰ ਗੁਰਮਤਿ ਸਮਾਗਮ ਉਪਰੰਤ ਦਰਬਾਰ ਸਾਹਿਬ ਦੀ ਨਵੀਂ ਇਮਾਰਤ ਦਾ ਨੀਂਹ ਪੱਥਰ ਜਥੇਦਾਰ ਬਲਜੀਤ ਸਿੰਘ ਦਾਦੂਵਾਲ ਜੀ ਚੇਅਰਮੈਨ ਧਰਮ ਪ੍ਰਚਾਰ HSGMC, ਬਾਬਾ ਜਗਤਾਰ ਸਿੰਘ ਕਾਰ ਸੇਵਾ ਸਿਰਸਾ,ਬਾਬਾ ਗੁਰਪਾਲ ਸਿੰਘ ਚੋਰਮਾਰ,ਬਾਬਾ ਕਾਕਾ ਸਿੰਘ ਬੁੰਗਾ ਮਸਤੂਆਣਾ,ਭਾਈ ਪ੍ਰਕਾਸ਼ ਸਿੰਘ ਸਾਹੂਵਾਲਾ ਮੈਂਬਰ HSGMC,ਸੰਤ ਹਰਿਨਾਮ ਦਾਸ ਮੱਲੇਵਾਲਾ ਨੇ ਆਪਣੇ ਕਰ ਕਮਲਾਂ ਨਾਲ ਰੱਖਿਆ ਭਾਈ ਗੁਰਸੇਵਕ ਸਿੰਘ ਰੰਗੀਲਾ ਹਜ਼ੂਰੀ ਰਾਗੀ ਜੱਥਾ ਦਾਦੂ ਸਾਹਿਬ ਨੇ ਰਸਭਿੰਨਾ ਕੀਰਤਨ ਕੀਤਾ ਇਸ ਸਮੇਂ ਸਰਦਾਰ ਸੁਖਨਾਮ ਸਿੰਘ ਵੈਦਵਾਲਾ,ਢਾਡੀ ਸੁਖਵਿੰਦਰ ਸਿੰਘ ਭੰਬੂਰ,ਸਰਦਾਰ ਸੁਖਦੇਵ ਸਿੰਘ ਬੜਾਗੁੜਾ ਵੀ ਹਾਜ਼ਰ ਸਨ ਗੁਰਦੁਆਰਾ ਸਾਹਿਬ ਦੀ ਬਣ ਰਹੀ ਨਵੀਂ ਇਮਾਰਤ ਲਈ ਜਥੇਦਾਰ ਦਾਦੂਵਾਲ ਜੀ ਨੇ ਆਪਣੇ ਵਲੋਂ 1 ਲੱਖ ਰੁਪਏ ਭੇਂਟ ਕੀਤੇ।

ਆਵਾਜ਼ਿ ਕੌਮ AWAZE QAUM
International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

ਤਾਰੂਆਣਾ ਪਿੰਡ ਦੇ ਭਾਈ ਜਸਪਾਲ ਸਿੰਘ ਮਿਸਤਰੀ ਦੀ ਸਪੁੱਤਰੀ ਬੀਬੀ ਨਰਿੰਦਰ ਕੌਰ ਦੇ ਸ਼ੁਭ ਆਨੰਦ ਕਾਰਜ ਸਮੇਂ

# ਸੁਭਾਗੀ ਜੋੜੀ ਨੂੰ ਆਸ਼ੀਰਵਾਦ ਦੇਣ ਪੁੱਜੇ ਪੰਥ ਪ੍ਰਸਿੱਧ ਸਿੱਖ ਪ੍ਰਚਾਰਕ ਜਥੇਦਾਰ ਬਲਜੀਤ ਸਿੰਘ ਦਾਦੂਵਾਲ ਜੀ









ਤਾਰੂਆਣਾ ਪਿੰਡ ਦੇ ਭਾਈ ਜਸਪਾਲ ਸਿੰਘ ਮਿਸਤਰੀ ਦੀ ਸਪੁੱਤਰੀ ਬੀਬੀ ਨਰਿੰਦਰ ਕੌਰ ਦੇ ਸ਼ੁਭ ਆਨੰਦ ਕਾਰਜ ਸਮੇਂ ਅੱਜ ਉਨਾਂ ਦੇ ਗ੍ਰਹਿ ਵਿਖੇ ਸੁਭਾਗੀ ਜੋੜੀ ਨੂੰ ਆਸ਼ੀਰਵਾਦ ਦੇਣ ਪੁੱਜੇ ਪੰਥ ਪ੍ਰਸਿੱਧ ਸਿੱਖ ਪ੍ਰਚਾਰਕ ਜਥੇਦਾਰ ਬਲਜੀਤ ਸਿੰਘ ਦਾਦੂਵਾਲ ਜੀ ਚੇਅਰਮੈਨ ਧਰਮ ਪ੍ਰਚਾਰ ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ।

ਆਵਾਜ਼ਿ ਕੌਮ AWAZE QAUM
International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

ਨੰਬਰਦਾਰ ਹਰਪ੍ਰੀਤ ਸਿੰਘ ਪਿੰਡ ਬੁੱਢੀ ਮਾੜੀ ਸਿਰਸਾ ਦੀ ਸਪੁੱਤਰੀ ਬੀਬੀ ਅੰਤਿਮਪ੍ਰੀਤ ਕੌਰ ਦੇ

# ਸ਼ੁਭ ਵਿਵਾਹ ਸਮੇਂ ਸੁਭਾਗੀ ਜੋੜੀ ਨੂੰ ਆਸ਼ੀਰਵਾਦ ਦੇਣ ਪੁੱਜੇ ਪੰਥ ਪ੍ਰਸਿੱਧ ਸਿੱਖ ਪ੍ਰਚਾਰਕ ਜਥੇਦਾਰ ਬਲਜੀਤ ਸਿੰਘ ਦਾਦੂਵਾਲ

















ਨੰਬਰਦਾਰ ਹਰਪ੍ਰੀਤ ਸਿੰਘ ਪਿੰਡ ਬੁੱਢੀ ਮਾੜੀ ਸਿਰਸਾ ਦੀ ਸਪੁੱਤਰੀ ਬੀਬੀ ਅੰਤਿਮਪ੍ਰੀਤ ਕੌਰ ਦੇ ਸ਼ੁਭ ਵਿਵਾਹ ਸਮੇਂ ਅੱਜ ਪਰਲੋਕ ਰਿਜ਼ੋਰਟ ਸਿਰਸਾ ਵਿਖੇ ਸੁਭਾਗੀ ਜੋੜੀ ਨੂੰ ਆਸ਼ੀਰਵਾਦ ਦੇਣ ਪੁੱਜੇ ਪੰਥ ਪ੍ਰਸਿੱਧ ਸਿੱਖ ਪ੍ਰਚਾਰਕ ਜਥੇਦਾਰ ਬਲਜੀਤ ਸਿੰਘ ਦਾਦੂਵਾਲ ਜੀ ਚੇਅਰਮੈਨ ਧਰਮ ਪ੍ਰਚਾਰ ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ।

ਆਵਾਜ਼ਿ ਕੌਮ
AWAZE QAUM
International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

### ਤਖਤ ਸ੍ਰੀ ਪਟਨਾ ਸਾਹਿਬ ਤੋਂ ਸੰਤ ਗਿ. ਹਰਨਾਮ ਸਿੰਘ ਖਾਲਸਾ ਦੇ ਹੱਕ 'ਚ ਆਦੇਸ਼ ਜਾਰੀ

# ਪੰਜ ਪਿਆਰੇ ਸਿੰਘ ਸਾਹਿਬਾਨ ਨੇ ਸੰਤ ਮਹਾਪੁਰਖਾਂ ਤੇ ਗੁਰਮਤਿ ਪ੍ਰਚਾਰਕਾਂ ਖਿਲਾਫ ਕੂੜ ਪ੍ਰਚਾਰ ਕਰਨ ਵਾਲੇ ਸ਼ਰਾਰਤੀ ਅਨਸਰਾਂ ਨੂੰ ਕੀਤੀ ਤਾੜਨਾ

ਚੌਂਕ ਮਹਿਤਾ 20 ਫਰਵਰੀ ( ਬਾਬਾ ਸੁਖਵੰਤ ਸਿੰਘ ਚੰਨਣਕੇ)ਦਮਦਮੀ ਟਕਸਾਲ ਮੁਖੀ ਤੇ ਸੰਤ ਸਮਾਜ ਦੇ ਪ੍ਰਧਾਨ ਸੰਤ ਗਿਆਨੀ ਹਰਨਾਮ ਸਿੰਘ ਖਾਲਸਾ ਖਿਲ਼ਾਫ ਪਿਛਲੇ ਕੁਝ ਦਿਨਾਂ ਤੋਂ ਸੋਸ਼ਲ ਮੀਡੀਆ ਤੇ ਹੋਰ ਮਾਧਿਅਮਾਂ ਰਾਹੀਂ ਝੂਠੀਆਂ ਅਫਵਾਹਾਂ ਤੇ ਕੂੜ ਪ੍ਰਚਾਰ ਫੈਲਾਉਣ ਦੀ ਕੀਤੀ ਜਾ ਰਹੀ ਕੋਝੀ ਕੋਸ਼ਿਸ਼ ਨੂੰ ਬਹੁਤ ਹੀ ਮੰਦਭਾਗਾ, ਨਿੰਦਣਯੋਗ ਤੇ ਪੰਥਕ ਏਕਤਾ ਲਈ ਹਾਨੀਕਾਰਕ ਦੱਸਦੇ ਹੋਏ ਤਖਤ ਸ੍ਰੀ ਹਰਿਮੰਦਰ ਜੀ ਪਟਨਾ ਸਾਹਿਬ ਦੇ ਪੰਜ ਪਿਆਰੇ ਸਿੰਘ ਸਾਹਿਬਾਨ ਨੇ ਸਿੱਖ ਸੰਗਤ ਦੇ ਨਾਮ ਇੱਕ ਆਦੇਸ਼ ਜਾਰੀ ਕੀਤਾ ਹੈ।ਤਖਤ ਸਾਹਿਬ ਦੇ ਸੁਪਰਿਟੈਂਡੇਟ ਭਾਈ ਦਲਜੀਤ ਸਿੰਘ ਨੇ ਇਸ ਆਦੇਸ਼ ਸਬੰਧੀ ਜਾਣਕਾਰੀ ਸਾਂਝੀ ਕਰਦੇ ਹੋਏ ਕਿਹਾ ਕਿ ਸੰਤ ਬਾਬਾ ਹਰਨਾਮ ਸਿੰਘ ਖਾਲਸਾ ਵੱਲੋਂ ਦੇਸ਼ਾਂ-ਵਿਦੇਸ਼ਾਂ 'ਚ ਗੁਰਮਤਿ ਦੇ ਪ੍ਰਚਾਰ-ਪ੍ਰਸਾਰ, ਅੰਮ੍ਰਿਤ ਸੰਚਾਰ ਸਮਾਗਮਾਂ ਰਾਹੀਂ ਸਿੱਖੀ ਦੀ ਲਗਾਤਾਰ ਨਿਸ਼ਕਾਮ ਸੇਵਾ ਕੀਤੀ ਜਾ ਰਹੀ ਹੈ,ਜਿਸ ਕਾਰਨ ਉਨ੍ਹਾਂ ਦੀ ਵਧਦੀ ਲੋਕਪ੍ਰਿਯਤਾ ਤੇ ਪ੍ਰਭਾਵ ਤੋਂ ਘਬਰਾਏ ਹੋਏ ਕੁਝ ਸ਼ਰਾਰਤੀ ਤੇ ਪੰਥ ਵਿਰੋਧੀ ਅਨਸਰ ਝੂਠੇ ਦੋਸ਼ ਲਗਾ ਕੇ ਉਨ੍ਹਾਂ ਦੀ ਜਾਣਬੁੱਝ ਕੇ ਕਿਰਦਾਰ ਕੁਸ਼ੀ ਕਰਨ ਦੀ ਕੋਸ਼ਿਸ਼ ਕਰ ਰਹੇ ਹਨ।ਇਸ ਲਈ ਪੰਥਕ ਮਰਿਆਦਾ ਤੇ ਮਹਾਂਪੁਰਖਾਂ ਦੀ ਸ਼ਾਨ ਦੇ ਵਿਰੁੱਧ ਚਲਾਈ ਜਾ ਰਹੀ ਕੂੜ ਪ੍ਰਚਾਰ ਦੀ ਮੁਹਿੰਮ ਤੇ ਸੰਤ-ਮਹਾਂਪੁਰਖਾਂ ਦੀ ਇੱਜ਼ਤ ਤੇ ਗੁਰਮਤਿ ਦੇ ਪ੍ਰਚਾਰਕਾਂ ਖਿਲਾਫ ਕੀਤੀ ਜਾ ਰਹੀ ਅਜਿਹੀ ਗਲਤ ਬਿਆਨਬਾਜ਼ੀ ਨੂੰ ਨਾ-ਬਰਦਾਸ਼ਤਯੋਗ ਦੱਸਦੇ ਹੋਏ ਸ਼ਰਾਰਤੀ ਅਨਸਰਾਂ ਨੂੰ ਸਿੱਖ ਕੌਮ 'ਚ ਵਹਿਮ ਭਰਮ ਪੈਦਾ ਕਰਨ ਵਾਲਾ ਝੂਠੇ ਪ੍ਰਚਾਰ ਤੇ ਗਲਤ ਅਫਵਾਹਾਂ ਸਮੇਤ ਹਰ ਕਿਸਮ ਦੀ ਗਲਤ ਵਿਆਖਿਆ ਤੁਰੰਤ ਬੰਦ ਕੀਤੇ ਜਾਣ ਦੀ ਸਖਤ ਤਾੜਨਾ ਕੀਤੀ ਗਈ ਹੈ ।ਤਖ਼ਤ ਸ੍ਰੀ ਹਰਿਮੰਦਰ ਜੀ ਪਟਨਾ ਸਾਹਿਬ ਜੀ ਦੇ ਮਾਣਯੋਗ ਪੰਜ ਪਿਆਰੇ ਸਿੰਘ ਸਾਹਿਬਾਨ ਜੀ ਨੇ ਸਮੂਹ ਸੰਗਤ ਨੂੰ ਅਗਾਹ ਕਰਦੇ ਹੋਏ ਇਹ ਵੀ ਆਦੇਸ਼ ਜਾਰੀ ਕੀਤਾ ਹੈ ਕਿ ਪੰਥਕ ਏਕਤਾ ਨੂੰ ਨੁਕਸਾਨ ਪਹੁੰਚਾਉਣ ਵਾਲੇ ਕਿਸੇ ਵੀ ਝੂਠੇ ਪ੍ਰਚਾਰ, ਅਫਵਾਹ ਜਾਂ ਗਲਤ ਬਿਆਨਬਾਜ਼ੀ ਨੂੰ ਤੁਰੰਤ ਰੋਕਿਆ ਜਾਵੇ ਅਤੇ ਐਸੀਆਂ ਹਰਕਤਾਂ ਤੋਂ ਦੂਰ ਰਹਿੰਦੇ ਹੋਏ ਗੁਰਮਤਿ ਅਨੁਸਾਰ ਚਲਿਆ ਜਾਵੇ।ਇਸਦੇ ਨਾਲ ਹੀ ਸਿੱਖ ਸੰਗਤ ਨੂੰ ਬਿਨਾਂ ਪੱਕੀ ਜਾਂਚ-ਪੜਤਾਲ ਕਿਸੇ ਵੀ ਸੁਨੇਹੇ ਵੀਡੀਓ ਜਾਂ ਪੋਸਟ ਨੂੰ ਅੱਗੇ ਨਾ ਵਧਾ ਕੇ ਸਿਆਣਪ, ਸੰਯਮ ਤੇ ਗੁਰਮਤ ਦੇ ਮਾਰਗ 'ਤੇ ਟਿਕੇ ਰਹਿੰਦੇ ਹੋਏ ਪੰਥ ਦੀ ਏਕਤਾ ਤੇ ਚੜ੍ਹਦੀ ਕਲਾ ਨੂੰ ਕਾਇਮ ਰੱਖਣ 'ਚ ਬਣਦੀ ਆਪਣੀ ਜ਼ਿੰਮੇਵਾਰੀ ਨੂੰ ਨਿਭਾਉਣ ਦੀ ਅਪੀਲ ਵੀ ਕੀਤੀ ਗਈ ਹੈ।



### ਯੂਰਪੀਅਨ ਸਿੱਖ ਕੌਂਸਲ ਵੱਲੋਂ

# ਗਿਆਨੀ ਰਘਬੀਰ ਸਿੰਘ ਦੇ ਕਦਮ ਦਾ ਸਮਰਥਨ, ਉੱਚ ਪੱਧਰੀ ਜਾਂਚ ਦੀ ਮੰਗ

**ਅੰਮ੍ਰਿਤਸਰ/ਯੂਰਪ, 20 ਫਰਵਰੀ (ਆਵਾਜ਼ਿ ਕੌਮ ਬਿਊਰੋ)—** ਯੂਰਪੀਅਨ ਸਿੱਖ ਕੌਂਸਲ ਦੇ ਆਗੂਆਂ ਭਾਈ ਬਸੰਤ ਸਿੰਘ (ਫਰਾਂਸ), ਭਾਈ ਜਗਤਾਰ ਸਿੰਘ (ਆਸਟਰੀਆ) ਅਤੇ ਭਾਈ ਰੇਸ਼ਮ ਸਿੰਘ (ਬੈਲਜੀਅਮ) ਵੱਲੋਂ ਜਾਰੀ ਸਾਂਝੇ ਬਿਆਨ ਵਿੱਚ ਕਿਹਾ ਗਿਆ ਹੈ ਕਿ ਗਿਆਨੀ ਰਘਵੀਰ ਸਿੰਘ, ਹੈੱਡ ਗ੍ਰੰਥੀ ਸ੍ਰੀ ਦਰਬਾਰ ਸਾਹਿਬ (ਸ੍ਰੀ ਹਰਿਮੰਦਰ ਸਾਹਿਬ), ਵੱਲੋਂ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਸੰਬੰਧੀ ਉਠਾਏ ਗਏ ਗੰਭੀਰ ਮਸਲਿਆਂ ਦੀ ਨਿਰਪੱਖ ਅਤੇ ਉੱਚ ਪੱਧਰੀ ਜਾਂਚ ਕਰਵਾਈ ਜਾਣੀ ਚਾਹੀਦੀ ਹੈ।



ਭਾਈ ਬਸੰਤ ਸਿੰਘ ਪੰਜਹੱਥਾਂ (ਫਰਾਂਸ) | ਭਾਈ ਜਗਤਾਰ ਸਿੰਘ (ਆਸਟਰੀਆ) | ਭਾਈ ਰੇਸ਼ਮ ਸਿੰਘ (ਬੈਲਜੀਆਮ )

ਸਾਂਝੇ ਬਿਆਨ ਵਿੱਚ ਆਗੂਆਂ ਨੇ ਕਿਹਾ ਕਿ ਸਿੱਖ ਕੌਮ ਦੀਆਂ ਪ੍ਰਮੁੱਖ ਸੰਸਥਾਵਾਂ ਅਤੇ ਅਹੁਦਿਆਂ ਨਾਲ ਜੁੜੇ ਮਾਮਲਿਆਂ ਬਾਰੇ ਜੋ ਦੋਸ਼ ਸਾਹਮਣੇ ਆਏ ਹਨ, ਉਹਨਾਂ ਦਾ ਪਾਰਦਰਸ਼ੀ ਅਤੇ ਨਿਰਪੱਖ ਨਿਪਟਾਰਾ ਸਮੇਂ ਦੀ ਲੋੜ ਹੈ।ਉਨ੍ਹਾਂ ਨੇ ਕਿਹਾ ਕਿ ਸਤਿਕਾਰਯੋਗ ਸਿੰਘ ਸਾਹਿਬਾਨ ਅਤੇ ਤਖ਼ਤਾਂ ਦੇ ਜਥੇਦਾਰਾਂ ਨਾਲ ਅਨੁਚਿਤ ਵਤੀਰੇ ਦੇ ਲਗੇ ਦੋਸ਼ ਗੰਭੀਰ ਹਨ ਅਤੇ ਇਹਨਾਂ ਦੀ ਸੱਚਾਈ ਸਾਹਮਣੇ ਆਉਣੀ ਚਾਹੀਦੀ ਹੈ।

ਬਿਆਨ ਵਿੱਚ ਉਲੇਖ ਕੀਤਾ ਗਿਆ ਕਿ ਗਿਆਨੀ ਹਰਪ੍ਰੀਤ ਸਿੰਘ ਨੂੰ ਅਹੁਦੇ ਤੋਂ ਹਟਾਉਣ ਅਤੇ ਗਿਆਨੀ ਸੁਲਤਾਨ ਸਿੰਘ ਨਾਲ ਸੰਬੰਧਿਤ ਰਿਸ਼ਵਤ ਦੇ ਦੋਸ਼ਾਂ ਨੇ ਸਿੱਖ ਸੰਗਤਾਂ ਵਿੱਚ ਚਿੰਤਾ ਪੈਦਾ ਕੀਤੀ ਹੈ। ਆਗੂਆਂ ਨੇ ਕਿਹਾ ਕਿ ਜੇਕਰ ਕਿਸੇ ਵੀ ਪੱਧਰ 'ਤੇ ਗਲਤੀਆਂ ਹੋਈਆਂ ਹਨ ਤਾਂ ਉਹਨਾਂ ਲਈ ਜਵਾਬਦੇਹੀ ਨਿਸ਼ਚਿਤ ਕੀਤੀ ਜਾਵੇ।

ਸਾਂਝੇ ਬਿਆਨ ਵਿੱਚ ਸੁਖਬੀਰ ਸਿੰਘ ਬਾਦਲ ਅਤੇ ਹਰਜਿੰਦਰ ਸਿੰਘ ਧਾਮੀ ਦੇ ਬਿਆਨਾਂ ਦਾ ਵੀ ਜ਼ਿਕਰ ਕਰਦਿਆਂ ਕਿਹਾ ਗਿਆ ਕਿ ਮਾਮਲੇ ਨੂੰ ਟਕਰਾਅ ਦੀ ਥਾਂ ਗੁਰਮਤਿ ਅਸੂਲਾਂ ਅਤੇ ਕਾਨੂੰਨੀ ਪ੍ਰਕਿਰਿਆ ਅਨੁਸਾਰ ਸੁਲਝਾਇਆ ਜਾਣਾ ਚਾਹੀਦਾ ਹੈ। ਯੂਰਪੀਅਨ ਸਿੱਖ ਕੌਂਸਲ ਦੇ ਆਗੂਆਂ ਨੇ ਸਮੁੱਚੀ ਸਿੱਖ ਸੰਗਤ ਨੂੰ ਅਪੀਲ ਕੀਤੀ ਕਿ ਕੌਮੀ ਏਕਤਾ, ਪਾਰਦਰਸ਼ਤਾ ਅਤੇ ਸੰਸਥਾਵਾਂ ਦੀ ਮਰਯਾਦਾ ਬਰਕਰਾਰ ਰੱਖਣ ਲਈ ਉਹ ਸੱਚਾਈ ਦੇ ਪੱਖ ਵਿੱਚ ਖੜ੍ਹੇ ਹੋਣ ਅਤੇ ਉੱਚ ਪੱਧਰੀ ਸੁਤੰਤਰ ਜਾਂਚ ਦੀ ਮੰਗ ਦਾ ਸਮਰਥਨ ਕਰਨ।ਉਨ੍ਹਾਂ ਨੇ ਕਿਹਾ ਕਿ ਸਿੱਖ ਸੰਸਥਾਵਾਂ 'ਤੇ ਸੰਗਤਾਂ ਦਾ ਭਰੋਸਾ ਕਾਇਮ ਰੱਖਣ ਲਈ ਨਿਰਪੱਖ ਜਾਂਚ ਅਤੇ ਪਾਰਦਰਸ਼ੀ ਕਾਰਵਾਈ ਹੀ ਇਕ ਮਜ਼ਬੂਤ ਅਤੇ ਟਿਕਾਊ ਹੱਲ ਸਾਬਤ ਹੋ ਸਕਦਾ ਹੈ।

### ਤਲਬੀਰ ਗਿੱਲ ਵੱਲੋ ਕਸਮੀਰ ਰਿਜੋਰਟ ਕੱਥੂਨੰਗਲ ਤੋਂ ਅਜਾਇਬਵਾਲੀ ਮੋੜ ਤੱਕ

# ਡੇਢ ਕਰੋੜ ਨਾਲ ਤਿਆਰ ਹੋਣ ਵਾਲੀ ਸੜਕ ਦਾ ਨੀਂਹ ਪੱਥਰ ਰੱਖਿਆ



ਚੌਂਕ ਮਹਿਤਾ,20 ਫਰਵਰੀ ( ਬਾਬਾ ਸੁਖਵੰਤ ਸਿੰਘ ਚੰਨਣਕੇ)ਆਮ ਆਦਮੀ ਪਾਰਟੀ ਹਲਕਾ ਮਜੀਠਾ ਦੇ ਇੰਚਾਰਜ ਤਲਬੀਰ ਸਿੰਘ ਗਿੱਲ ਵੱਲੋ ਹਲਕਾ ਮਜੀਠਾ ਨੂੰ ਮੁੜ ਸੁਰਜੀਤ ਕਰਨ ਲਈ ਆਪਣੇ ਅਣਥੱਕ ਯਤਨਾ ਸਦਕਾ ਅੱਜਕਸ਼ਮੀਰ ਰਿਜੋਰਟ ਕੱਥੂਨੰਗਲ ਤੇ ਅਜਾਇਬਵਾਲੀ ਮੋੜ ਤੱਕ ਡੇਢ ਕਰੋੜ ਨਾਲ ਤਿਆਰ ਹੋਣ ਵਾਲੀ 2.70 ਕਿਲੋਮੀਟਰ ਦੀ ਸੜਕ ਦਾ ਕੀਤਾ ਉਦਘਾਟਨ ਕਰਕੇ ਪ੍ਰੀਮੀਕਸ ਪਾਉਣ ਦੀ ਸ਼ੁਰੂਆਤ ਕੀਤੀ। ਉਨਾਂ ਕਿਹਾ ਕਿ ਕਸਬਾ ਕੱਥੂਨੰਗਲ ਵਿਖੇ ਬ੍ਰਹਮ ਗਿਆਨੀ ਬਾਬਾ ਬੁੱਢਾ ਸਾਹਿਬ ਜੀ ਦਾ ਇਤਿਹਾਸਕ ਸਥਾਨ ਹੋਣ ਕਰਕੇ ਗੁਰਦੁਆਰਿਆ ਨੂੰ ਜੋੜਨ ਵਾਲੀ ਇਸ ਸੜਕ ਦੀ ਬਹੁਤ ਖਸਤਾ ਹਾਲਤ ਸੀ ਅਤੇ ਦਰਸਨ ਕਰਨ ਆਉਣ ਵਾਲੀਆਂ ਸੰਗਤਾਂ ਅਤੇ ਰਾਹਗੀਰਾਂ ਨੂੰ ਭਾਰੀ ਪ੍ਰੇਸਾਨੀ ਦਾ ਸਾਹਮਣਾ ਕਰਨਾ ਪੈਂਦਾ ਜਿਸ ਕਰਕੇ ਇਸ ਸੜਕ ਨੂੰ ਪਹਿਲ ਦੇ ਅਧਾਰ ਬਣਾਇਆ ਜਾ ਰਿਹਾ ਹੈ।ਉਨਾਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦਾ ਵਿਸੇਸ ਧੰਨਵਾਦ ਕਰਦਿਆ ਕਿਹਾ ਕਿ ਉਨਾਂ ਨੇ ਹਲਕਾ ਮਜੀਠਾ ਦੇ ਸਰਵਪੱਖੀ ਵਿਕਾਸ ਲਈ ਵੱਡੀਆਂ ਗ੍ਰਾਟ ਦਿੱਤੀਆਂ ਹਨ ਜਿਸ ਵਿਚ ਸੜਕਾ ਦਾ ਹਲਕਾ ਮਜੀਠਾ ਚ ਨਵੀਆਂ ਬਣ ਰਹੀਆਂ ਸੜਕਾਂ ਦਾ ਜਾਲ ਵਿਛਾਇਆ ਜਾ ਰਿਹਾ ਹੈ। ਇਸ ਮੌਕੇ ਬਲਾਕ ਸੰਮਤੀ ਮੈਂਬਰਪ੍ਰੇਮ ਸਿੰਘ ਸੋਨੀ ਰੰਧਾਵਾ, ਡਾ ਪਾਲ ਸਿੰਘ ਮਾਨ, ਜਗੀਰ ਸਿੰਘ ਭਿੱਟੇਵਿੱਚ, ਗੁਰਜੰਟ ਸਿੰਘ ਭਿੱਟੇਵਿੱਚ, ਬਿਕਰਮ ਸਿੰਘ ਜਲਾਲਪੁਰਾ, ਗੁਰਪ੍ਰੀਤ ਸਿੰਘ ਹੰਸ, ਖੁਸਹਾਲ ਸਿੰਘ ਟੈਂਟ ਹਾਊਸ ਵਾਲੇ, ਸੋਨੀ ਸਰੀਨ, ਗੁਰਸੇਵਕ ਸਿੰਘ ਮੱਤੇਵਾਲ, ਸੁਖਚੈਨ ਸਿੰਘ ਭੰਗਵਾ, ਜਗੀਰ ਸਿੰਘ, ਤਲਵਿੰਦਰ ਸਿੰਘ ਬਾਊ ਕੰਬਾਈਨਾ ਵਾਲੇ, ਸੁੱਚਾ ਸਿੰਘ ਸਮੇਤ ਵੱਡੀ ਗਿਣਤੀ ਚ ਪਿੰਡ ਵਾਸੀ ਸ਼ਾਮਲ ਸਨ।

# ਸ਼੍ਰੋਮਣੀ ਅਕਾਲੀ ਦਲ ਅੰਮ੍ਰਿਤਸਰ ਯੂਕੇ (ਰਜਿ) ਸਮੂਹ ਪੰਥਕ ਸੰਸਥਾਵਾਂ ਦਾ ਸਹਿਯੋਗ ਕਰਦੇ ਹੋਏ ਅਜ਼ਾਦਾਨਾ ਤੌਰ 'ਤੇ ਰਹੇਗਾ ਵਿਚਰਦਾ



ਨਵੀਂ ਦਿੱਲੀ, 20 ਫਰਵਰੀ (ਮਨਪ੍ਰੀਤ ਸਿੰਘ ਖਾਲਸਾ):- ਅਸੀਂ 20 ਸਿਤੰਬਰ 2000 ਤੋਂ ਇੰਗਲੈਂਡ ਵਿੱਚ ਪਾਰਟੀ ਤੌਰ 'ਤੇ ਵਿਚਰਦੇ ਆ ਰਹੇ ਹਾਂ ਅਤੇ ਪਾਰਟੀ ਸੰਗਠਨ ਦੀ ਮਜਬੂਤੀ ਅਤੇ ਏਕਤਾ ਨੂੰ ਮੁੱਖ ਰੱਖ ਕੇ ਇਕ ਧਿਰ ਵੱਲੋਂ ਅਕਤੂਬਰ 2015 ਵਿੱਚ ਆਪਣਾ ਵੱਖਰਾ ਢਾਂਚਾ ਐਲਾਨੇ ਜਾਣ ਦੇ ਬਾਵਜੂਦ ਅਸੀਂ ਪੂਰੇ ਜਾਬਤੇ ਵਿੱਚ ਰਹਿੰਦੇ ਹੋਏ ਸਾਰੇ ਵਖਰੇਵਿਆਂ ਨੂੰ ਹੱਲ੍ਹ ਕਰਨ ਲਈ ਪੁਰਜੋਰ ਯਤਨਸ਼ੀਲ ਹੋਣ ਦੇ ਬਾਵਜੂਦ ਸ: ਸਿਮਰਨਜੀਤ ਸਿੰਘ ਮਾਨ ਅਤੇ ਪਾਰਟੀ ਦੇ ਅੰਤਰ-ਰਾਸ਼ਟਰੀ ਪੱਧਰ ਦੇ ਆਗੂਆਂ ਨੇ ਸ਼ਾਇਦ ਇਸ ਸਾਰੇ ਵਰਤਾਰੇ ਨੂੰ ਗੰਭੀਰਤਾ ਨਾਲ ਨਹੀਂ ਲਿਆ ਅਤੇ ਟਾਲਮਟੋਲ ਦੀ ਨੀਤੀ ਅਪਣਾਈ ਹੋਈ ਹੈ।ਇਸ ਲਈ ਅਸੀਂ ਫੈਸਲਾ ਕੀਤਾ ਹੈ ਕਿ ਸ਼੍ਰੋਮਣੀ ਅਕਾਲੀ ਦਲ ਅੰਮ੍ਰਿਤਸਰ ਯੂ ਕੇ ਜੋ ਕਿ ਇਲੈਕਸ਼ਨ ਕਮਿਸ਼ਨ ਇੰਗਲੈਂਡ ਕੋਲ ਰਜਿਸਟਰਡ ਰਾਜਨੀਤਕ ਪਾਰਟੀ ਹੈ ਸਮੂਹ ਪੰਥਕ ਸੰਸਥਾਵਾਂ ਨਾਲ ਪ੍ਰਸਪਰ ਆਪਸੀ ਸਹਿਯੋਗ ਕਰਦੇ ਹੋਏ ਅਜ਼ਾਦਾਨਾ ਤੌਰ ਤੇ ਵਿਚਰਦੇ ਰਹਾਂਗੇ। ਜੱਥੇਬੰਦੀ ਦੇ ਮੁੱਖ ਸੇਵਾਦਾਰ ਸਰਬਜੀਤ ਸਿੰਘ, ਸੀਨੀਅਰ ਮੀਤ ਪ੍ਰਧਾਨ ਮਨਜੀਤ ਸਿੰਘ ਸਮਰਾ, ਸਕੱਤਰ ਜਨਰਲ ਤਰਸੇਮ ਸਿੰਘ ਮੰਡੇਰ, ਜਨਰਲ ਸਕੱਤਰ ਸਤਿੰਦਰ ਸਿੰਘ ਮੰਗੂਵਾਲ, ਸਕੱਤਰ ਜਸਵਿੰਦਰ ਸਿੰਘ ਰਾਏ, ਖਜਾਨਚੀ ਭੁਪਿੰਦਰ ਸਿੰਘ ਜੌਹਲ, ਆਰਗੇਨਾਈਜਰ ਪ੍ਰੀਤਕਮਲ ਸਿੰਘ, ਮੀਡੀਆ ਸਕੱਤਰ ਜਗਤਾਰ ਸਿੰਘ ਵਿਰਕ, ਅਗਜ਼ੈਕਟਿਵ ਕਮੇਟੀ ਮੈਂਬਰ ਮੁਹਿੰਦਰ ਸਿੰਘ ਮਾਨ, ਰਣਜੀਤ ਸਿੰਘ ਸ਼ੇਰਗਿੱਲ, ਇਕਬਾਲ ਸਿੰਘ, ਪਿੰਦਰ ਸਿੰਘ ਨੇ ਮੀਡੀਆ ਨੂੰ ਜਾਰੀ ਕੀਤੇ ਇਕ ਸਾਂਝੇ ਬਿਆਨ ਵਿਚ ਉਪਰੋਕਤ ਸ਼ਬਦਾਂ ਦਾ ਪ੍ਰਗਟਾਵਾ ਕੀਤਾ ।



## ਜਨਮ ਦਿਨ ਮੁਬਾਰਕ

**ਜਰਮਨਪ੍ਰੀਤ ਸਿੰਘ**

ਵਿਦਿਆਰਥੀ, ਗੁਰਦੁਆਰਾ ਸੰਤ ਖਾਲਸਾ, ਪਿੰਡ ਰੋਡੇ

----------------

ਆਵਾਜਿ ਕੌਮ ਟੀ.ਵੀ. ਵੱਲੋਂ ਦਿਲੋਂ ਸ਼ੁਭਕਾਮਨਾਵਾਂ, ਵਾਹਿਗੁਰੂ ਜੀ ਤੁਹਾਨੂੰ ਚੜਦੀ ਕਲਾ, ਖੁਸ਼ਹਾਲੀ ਅਤੇ ਹਰ ਖੇਤਰ ਵਿੱਚ ਤਰੱਕੀਆਂ ਦੇਣ।





## ਜਨਮ ਦਿਨ ਮੁਬਾਰਕ

**ਫਤਹਿਵੀਰ ਸਿੰਘ**

ਪਿਤਾ ਪ੍ਰਿਤਪਾਲ ਸਿੰਘ ਮਾਤਾ ਮਨਜੋਤ ਕੌਰ ਵਾਸੀ ਅੰਮ੍ਰਿਤਸਰ ( ਫੋਟੋ ਵੇਰਵਾ ਬਾਬਾ ਸੁਖਵੰਤ ਸਿੰਘ ਚੰਨਣਕੇ ਚੌਂਕ ਮਹਿਤਾ)


ਪ੍ਰੋ. ਦਵਿੰਦਰਪਾਲ ਸਿੰਘ ਭੁੱਲਰ
33 ਸਾਲਾਂ ਤੋਂ ਬੰਦੀ
ਭਾਈ ਬਲਵੰਤ ਸਿੰਘ ਰਾਜੋਆਣਾ
31 ਸਾਲਾਂ ਤੋਂ ਬੰਦੀ
ਭਾਈ ਪਰਮਜੀਤ ਸਿੰਘ ਭਿਓਰਾ
29 ਸਾਲਾਂ ਤੋਂ ਬੰਦੀ
ਭਾਈ ਜਗਤਾਰ ਸਿੰਘ ਤਾਰਾ
20 ਸਾਲਾਂ ਤੋਂ ਬੰਦੀ
ਭਾਈ ਜਗਤਾਰ ਸਿੰਘ ਜੱਗੀ ਜੌਹਲ
11 ਸਾਲਾਂ ਤੋਂ ਬੰਦੀ
ਭਾਈ ਹਰਦੀਪ ਸਿੰਘ ਸ਼ੇਰਾ
11 ਸਾਲਾਂ ਤੋਂ ਬੰਦੀ
ਭਾਈ ਅੰਮ੍ਰਿਤਪਾਲ ਸਿੰਘ MP
3 ਸਾਲਾਂ ਤੋਂ ਬੰਦੀ
ਬੰਦੀ ਸਿੰਘਾ ਦੀ ਰਿਹਾਈ ਨੂੰ ਯਕੀਨੀ ਬਨਾਉਣ
ਲਈ ਪੰਥਕ ਲਹਿਰ ਬਣਾਈਏ
ਚੜ੍ਹਦੀ ਕਲਾ ਪੰਥਕ ਸਮਾਗਮ
ਮਿਤੀ 21 ਫਰਵਰੀ 2026 ਦਿਨ ਸ਼ਨੀਵਾਰ
ਸਮਾਂ 11:00 ਵਜੇ ਸਵੇਰੇ
ਸਤਿਕਾਰਯੋਗ ਮਾਤਾ ਜੀ
ਨਰਿੰਦਰ ਕੌਰ ਜੀ
ਪਿੰਡ ਹਵਾਰਾ ਕਲਾਂ
ਜ਼ਿਲਾ ਫਤਹਿਗੜ੍ਹ ਸਾਹਿਬ
ਆਓ ਹਵਾਰੇ ਚੱਲੀਏ
ਸ਼੍ਰੋਮਣੀ ਅਕਾਲੀ ਦਲ
ਪੁਨਰ ਸੁਰਜੀਤ
ਗਿਆਨੀ ਹਰਪ੍ਰੀਤ ਸਿੰਘ
ਪ੍ਰਧਾਨ ਸ਼੍ਰੋਮਣੀ ਅਕਾਲੀ ਦਲ ਪੁਨਰ ਸੁਰਜੀਤ
ਜੱਥੇਦਾਰ ਜਗਤਾਰ ਸਿੰਘ ਜੀ ਹਵਾਰਾ
ਨਜਰ ਬੰਦ ਤਿਹਾੜ ਜੇਲ
ਆਵਾਜ਼ਿ ਕੌਮ
AWAZE QAUM
International Newspaper & WEB TV


ਆਓ ਹਵਾਰੇ ਚੱਲੀਏ
ਬੰਦੀ ਸਿੰਘਾਂ ਦੀ ਰਿਹਾਈ ਨੂੰ ਯਕੀਨੀ ਬਣਾਉਣ ਲਈ ਪੰਥਕ ਲਹਿਰ ਬਣਾਈਏ
ਚੜ੍ਹਦੀ ਕਲਾ ਪੰਥਕ ਸਮਾਗਮ
ਮਿਤੀ 21 ਫਰਵਰੀ 2026
ਦਿਨ ਸ਼ਨੀਵਾਰ ਸਮਾਂ :- 11:00 ਵਜੇ
ਵੱਲੋਂ:
ਕੌਮੀ ਇਨਸਾਫ ਮੋਰਚਾ ਤੇ ਇਲਾਕਾ ਨਿਵਾਸੀ ਸਾਧ ਸੰਗਤ
ਯੂਨਾਈਟਿਡ ਅਕਾਲੀ ਦਲ
ਸ. ਗੁਰਦੀਪ ਸਿੰਘ ਬਠਿੰਡਾ
ਪ੍ਰਧਾਨ
ਯੂਨਾਈਟਡ ਅਕਾਲੀ ਦਲ
ਸ. ਰਸ਼ਪਾਲ ਸਿੰਘ ਚੰਡੀਗੜ੍ਹ
ਸੀ. ਮੀਤ ਪ੍ਰਧਾਨ
ਯੂਨਾਈਟਡ ਅਕਾਲੀ ਦਲ
ਆਵਾਜ਼ਿ ਕੌਮ
AWAZE QAUM
International Newspaper & WEB TV




★ ਜਾਰੀ ਕਰਤਾ ★

ਆਵਾਜ਼ਿ ਕੌਮ AWAZE QAUM International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

ਆਵਾਜ਼ਿ ਕੌਮ

+447458381111 +447976210161 +919729091243

### ਮਿਤੀ 21 ਫਰਵਰੀ 2026 ਨੂੰ ਪਿੰਡ ਹਵਾਰੇ ਵਿਖੇ

# ਚੜ੍ਹਦੀ ਕਲਾ ਸਮਾਗਮ ਦੀਆਂ ਤਿਆਰੀ ਮੁਕੰਮਲ : ਪੰਜੋਲੀ



**ਨਵੀਂ ਦਿੱਲੀ, 20 ਫਰਵਰੀ (ਆਵਾਜ਼ਿ ਕੌਮ ਬਿਊਰੋ)**-ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਮੈਂਬਰ ਜਥੇਦਾਰ ਕਰਨੈਲ ਸਿੰਘ ਪੰਜੋਲੀ ਨੇ ਦੱਸਿਆ ਕਿ ਪਿੰਡ ਹਵਾਰਾ ਕਲਾਂ ਅਤੇ ਇਲਾਕੇ ਦੀਆਂ ਸੰਗਤ ਵੱਲੋਂ ਮਿਤੀ 21 ਫਰਬਰੀ 2026 ਦਿਨ ਸਨੀਚਰਵਾਰ ਨੂੰ ਹੋਣ ਵਾਲੇ ਚੜਦੀ ਕਲਾ ਸਮਾਗਮ ਦੀਆਂ ਤਿਆਰੀਆਂ ਮੁਕੰਮਲ ਕਰ ਲਈਆਂ ਹਨ । ਪਿੰਡ ਹਵਾਰਾ ਦੀ ਪੰਚਾਇਤ , ਪਿੰਡ ਦੇ ਨੌਜੁਆਨ ਅਤੇ ਇਲਾਕੇ ਦੇ ਨੌਜੁਆਨ ਚੜਦੀ ਕਲਾ ਸਮਾਗਮ ਨੂੰ ਸਫ਼ਲ ਬਨਾਉਣ ਲਈ ਪੁਰੇ ਉਤਸ਼ਾਹ ਨਾਲ ਕੰਮ ਕਰ ਰਹੇ ਹਨ । ਪਿੰਡ ਹਵਾਰਾ ਵਿੱਚ ਹਰ ਘਰ ਦੇ ਬਜੁਰਗ , ਬੀਬੀਆਂ, ਭੈਣਾਂ ਅਤੇ ਖਾਸ ਕਰਕੇ ਨੌਜੁਆਨ ਪੀੜੀ ਇਸ ਸਮਾਗਮ ਨੂੰ ਸਫ਼ਲ ਬਣਾਉਣ ਇਸ ਤਰਾ ਕੰਮ ਕਰ ਰਹੇ ਹਨ , ਜਿਵੇ ਕਿਸੇ ਵੱਡੀ ਜੰਗ ਦੀ ਤਿਆਰੀ ਕਰਨੀ ਹੁੰਦੀ ਹੈ । ਉਝ ਵੀ ਪਿੰਡ ਵਿੱਚ ਵਿਆਹ ਵਰਗਾ ਮਹੌਲ ਬਣਿਆ ਹੋਇਆ ਹੈ । ਲੰਗਰ ਲਗਾਉਣ ਵਾਲੀਆਂ ਸੰਸਥਾਵਾਂ ਅਪਣੇ ਪੱਧਰ ਉੱਤੇ ਹੀ ਕੰਮ ਕਰ ਰਹੀਆਂ ਹਨ । ਪਿੰਡ ਹਵਾਰਾ ਅਤੇ ਇਲਾਕੇ ਦੇ ਲੋਕਾਂ ਨੂੰ ਇੱਕ ਤਰਾ ਨਾਲ ਚਾਅ ਜਿਹਾ ਚੜਿਆ ਹੋਇਆ ਹੈ ਜਿਵੇ ਪਿੰਡ ਹਵਾਰੇ ਨੂੰ ਬਹੁਤ ਵੱਡੀ ਸਲਤਨਤ ਮਿਲ ਗਈ ਹੁੰਦੀ ਹੈ । ਸਮਾਗਮ ਦੀ ਤਿਆਰੀ ਵਿੱਚ ਜੁਟਿਆ ਪਿੰਡ ਦਾ ਇੱਕ ਗਭਰੂ ਕਹਿੰਦਾ , ਸਾਨੂੰ ਮਾਣ ਹੈ ਕਿ ਕੌਮ ਦੀ ਅਣਖ , ਗੈਰਿਤ ਅਤੇ ਸਵੈਮਾਣ ਦੀ ਜੰਗ ਵਿੱਚ ਸਾਡੇ ਪਿੰਡ ਨੇ ਪੰਜ ਪੁੱਤਰ ਵਾਰੇ ਹਨ । ਲੰਗਰ ਲਈ ਸਬਜ਼ੀਆਂ ਤਿਆਰ ਕਰਦੀ ਇੱਕ ਬਿਰਧ ਮਾਤਾ ਕਹਿੰਦੀ ਕੌਮ ਦੀ ਅਣਖ , ਗੈਰਿਤ ਅਤੇ ਸਵੈਮਾਣ ਦੀ ਜੰਗ ਸਮੇਂ ਸਾਡੇ ਪਿੰਡ ਉੱਤੇ ਹੋਇਆ ਕਹਿਰਾਂ ਦਾ ਜਬਰ ਵੀ ਸਾਡੇ ਪਿੰਡ ਦੇ ਲੋਕਾਂ ਦਾ ਸਿੱਖੀ ਸਿਦਕ ਨਹੀ ਡੁਲਾ ਸਕਿਆ । ਹਵਾਰੇ ਪਿੰਡ ਦੀ ਇੱਕ ਹੋਰ ਧੀ ਨੇ ਵੜੇ ਮਾਣ ਨਾਲ ਕਿਹਾ ਕਿ ਸਾਡੇ ਪਿੰਡ ਦੀ ਮਿੱਟੀ ਕਿੰਨੇ ਭਾਗਾਂ ਵਾਲੀ ਹੈ ਕਿ ਵੀਰ ਜਗਤਾਰ ਸਿੰਘ ਹਵਾਰਾ ਦੀ ਕੁਰਬਾਨੀ ਕਰਕੇ ਪੁਰਾ ਖ਼ਾਲਸਾ ਪੰਥ ਵਹੀਰਾ ਘੱਤ ਕੇ ਸਾਡੇ ਪਿੰਡ ਦੀ ਮਿੱਟੀ ਨੂੰ ਸਜਦਾ ਕਰਨ ਆ ਰਿਹਾ ਹੈ । ਇਸ ਚੜਦੀ ਕਲਾ ਸਮਾਗਮ ਵਿੱਚ ਖ਼ਾਲਸਾ ਪੰਥ ਦੀ ਹਰ ਧਿਰ ਨੂੰ ਬੇਨਤੀ ਹੈ ਕਿ ਸ਼ਹੀਦਾਂ ਨੂੰ ਸ਼ਰਧਾਂਜਲੀ ਅਤੇ ਕੌਮੀ ਯੋਧਿਆ ਦੀ ਕੁਰਬਾਨੀ ਨੂੰ ਪਰਨਾਮ ਕਰਨ ਲਈ ਵਹੀਰਾਂ ਘੱਤ ਕੇ 21 ਫਰਬਰੀ 2026 ਦਿਨ ਸਨੀਚਰਵਾਰ ਸਵੇਰੇ 11 ਵਜੇ ਚੜਦੀ ਕਲਾ ਸਮਾਗਮ ਵਿੱਚ ਪਹੁੰਚਣ ਦੀ ਕਿਰਪਾਲਤਾ ਕਰਨੀ ਜੀ । ਇਹ ਸਮਾਗਮ ਕੌਮੀ ਇਨਸਾਫ਼ ਮੋਰਚੇ , ਪਿੰਡ ਹਵਾਰੇ ਦੀ ਅਤੇ ਇਲਾਕੇ ਦੀ ਸਾਧ ਸੰਗਤ ਵੱਲੋਂ ਸਾਂਝੇ ਰੂਪ ਵਿੱਚ ਕੀਤਾ ਜਾ ਰਿਹਾ ਹੈ ।

### ਪੰਜਾਬ ਸਰਕਾਰ ਦੀ 'ਯੁੱਧ ਨਸ਼ਿਆਂ ਦੇ ਖ਼ਿਲਾਫ਼' ਮੁਹਿੰਮ 'ਤੇ ਸਵਾਲ

# ਤਲਵੰਡੀ ਸਾਬੋ ਦੇ ਪਿੰਡ ਸ਼ੇਖਪੁਰਾ ਵਿੱਚ ਨੌਜਵਾਨ ਦੀ ਚਿੱਟੇ ਦੀ ਓਵਰਡੋਜ਼ ਨਾਲ ਮੌਤ ਦਾ ਮਾਮਲਾ



ਤਲਵੰਡੀ ਸਾਬੋ, 20 ਫਰਵਰੀ (ਗੁਰਜੰਟ ਸਿੰਘ ਨਥੇਹਾ)- ਪੰਜਾਬ ਸਰਕਾਰ ਅਤੇ ਪੰਜਾਬ ਪੁਲਿਸ ਇੱਕ ਪਾਸੇ "ਯੁੱਧ ਨਸ਼ਿਆਂ ਦੇ ਖ਼ਿਲਾਫ਼" ਮੁਹਿੰਮ ਚਲਾ ਰਹੀਆਂ ਹਨ, ਦੂਜੇ ਪਾਸੇ ਸਬ-ਡਿਵੀਜ਼ਨ ਤਲਵੰਡੀ ਸਾਬੋ ਦੇ ਪਿੰਡ ਸ਼ੇਖਪੁਰਾ ਵਿੱਚ ਇੱਕ ਨੌਜਵਾਨ ਦੀ ਚਿੱਟੇ ਦੀ ਓਵਰਡੋਜ਼ ਕਾਰਨ ਮੌਤ ਦਾ ਮਾਮਲਾ ਸਾਹਮਣੇ ਆਇਆ ਹੈ। ਦੱਸਿਆ ਜਾ ਰਿਹਾ ਹੈ ਕਿ ਪੁਲਿਸ ਦੇ ਦਬਾਅ ਹੇਠ ਪਰਿਵਾਰ ਨੇ ਬੀਤੇ ਦਿਨ ਆਪਣੇ ਇਕਲੌਤੇ ਪੁੱਤਰ ਦਾ ਅੰਤਿਮ ਸੰਸਕਾਰ ਕਰ ਦਿੱਤਾ ਸੀ, ਪਰ ਅੱਜ ਪਰਿਵਾਰ ਨੇ ਕਾਂਗਰਸ ਦੇ ਪੂਰਵ ਜ਼ਿਲ੍ਹਾ ਪ੍ਰਧਾਨ ਅਤੇ ਹਲਕਾ ਤਲਵੰਡੀ ਸਾਬੋ ਦੇ ਇੰਚਾਰਜ ਖੁਸ਼ਬਾਜ਼ ਸਿੰਘ ਜਟਾਣਾ ਦੀ ਮੌਜੂਦਗੀ ਵਿੱਚ ਪੁਲਿਸ ਪ੍ਰਸ਼ਾਸਨ ਦੀ ਕਾਰਵਾਈ 'ਤੇ ਗੰਭੀਰ ਸਵਾਲ ਖੜੇ ਕੀਤੇ ਹਨ। ਪਰਿਵਾਰ ਨੇ ਆਪਣੇ ਨੌਜਵਾਨ ਪੁੱਤਰ ਦੀ ਮੌਤ 'ਤੇ ਇਨਸਾਫ ਦੀ ਮੰਗ ਕੀਤੀ ਹੈ, ਜਦਕਿ ਕਾਂਗਰਸੀ ਆਗੂ ਨੇ ਪੰਜਾਬ ਸਰਕਾਰ ਦੀ "ਯੁੱਧ ਨਸ਼ਿਆਂ ਦੇ ਖ਼ਿਲਾਫ਼" ਮੁਹਿੰਮ 'ਤੇ ਸਵਾਲ ਉਠਾਉਂਦੇ ਹੋਏ ਸਰਕਾਰ ਅਤੇ ਪੁਲਿਸ ਨੂੰ ਨਿਸ਼ਾਨੇ 'ਤੇ ਲਿਆ।

ਜਾਣਕਾਰੀ ਅਨੁਸਾਰ ਪਿੰਡ ਸ਼ੇਖਪੁਰਾ ਦਾ ਰਹਿਣ ਵਾਲਾ, ਦੋ ਭੈਣਾਂ ਦਾ ਇਕਲੌਤਾ ਭਰਾ ਅਤੇ ਮਾਤਾ-ਪਿਤਾ ਦਾ ਇਕਲੌਤਾ ਪੁੱਤਰ ਗੁਰਸੇਵਕ ਸਿੰਘ ਬੀਤੇ ਦਿਨ ਤਲਵੰਡੀ ਸਾਬੋ ਦੀ ਅਨਾਜ ਮੰਡੀ ਵਿੱਚ ਸੰਦੇਹਜਨਕ ਹਾਲਤ ਵਿੱਚ ਮ੍ਰਿਤਕ ਮਿਲਿਆ ਸੀ। ਲਾਸ਼ ਦੇ ਨੇੜੇ ਇੰਜੈਕਸ਼ਨ ਦੇ ਰੈਪਰ ਵੀ ਮਿਲੇ ਸਨ। ਮ੍ਰਿਤਕ ਨੌਜਵਾਨ ਲੰਮੇ ਸਮੇਂ ਤੋਂ ਨਸ਼ੇ ਦਾ ਆਦੀ ਦੱਸਿਆ ਜਾ ਰਿਹਾ ਹੈ। ਹਾਲਾਂਕਿ ਪੁਲਿਸ ਅਤੇ ਪ੍ਰਸ਼ਾਸਨ ਨੇ ਪਰਿਵਾਰ ਦੀ ਸਹਿਮਤੀ ਨਾਲ ਬੀਤੇ ਦਿਨ ਉਸ ਦਾ ਅੰਤਿਮ ਸੰਸਕਾਰ ਕਰਵਾ ਦਿੱਤਾ ਸੀ, ਪਰ ਅੱਜ ਜਦੋਂ ਕਾਂਗਰਸ ਹਲਕਾ ਇੰਚਾਰਜ ਖੁਸ਼ਬਾਜ਼ ਸਿੰਘ ਜਟਾਣਾ ਪਰਿਵਾਰ ਨਾਲ ਦੁੱਖ ਸਾਂਝਾ ਕਰਨ ਪਹੁੰਚੇ, ਤਾਂ ਪਰਿਵਾਰਕ ਮੈਂਬਰਾਂ ਨੇ ਪੁਲਿਸ ਪ੍ਰਸ਼ਾਸਨ 'ਤੇ ਸਵਾਲ ਉਠਾਉਂਦੇ ਹੋਏ ਆਪਣੇ ਪੁੱਤਰ ਦੀ ਮੌਤ ਲਈ ਨਸ਼ਾ ਸਪਲਾਈ ਕਰਨ ਵਾਲਿਆਂ ਨੂੰ ਜ਼ਿੰਮੇਵਾਰ ਠਹਿਰਾਇਆ ਅਤੇ ਦੋਸ਼ੀਆਂ ਦੀ ਗ੍ਰਿਫ਼ਤਾਰੀ ਦੀ ਮੰਗ ਕੀਤੀ।

**ਮ੍ਰਿਤਕ ਨੌਜਵਾਨ ਦੀ ਮਾਂ ਦਾ ਦੋਸ਼**-ਮ੍ਰਿਤਕ ਦੀ ਮਾਂ ਨੇ ਪੁਲਿਸ ਪ੍ਰਸ਼ਾਸਨ ਦੀ ਕਾਰਵਾਈ 'ਤੇ ਸਵਾਲ ਕਰਦੇ ਹੋਏ ਕਿਹਾ ਕਿ ਉਨ੍ਹਾਂ ਦੇ ਇਕਲੌਤੇ ਪੁੱਤਰ ਨੂੰ ਵੱਧ ਨਸ਼ਾ ਦੇ ਕੇ ਮਾਰ ਕੇ ਸੁੱਟ ਦਿੱਤਾ ਗਿਆ, ਪਰ ਪੁਲਿਸ ਨੇ ਕੋਈ ਕਾਰਵਾਈ ਨਹੀਂ ਕੀਤੀ ਅਤੇ ਉਨ੍ਹਾਂ ਨੂੰ ਗੁੰਮਰਾਹ ਕਰਕੇ ਪੁੱਤਰ ਦਾ ਅੰਤਿਮ ਸੰਸਕਾਰ ਕਰਵਾ ਦਿੱਤਾ। ਉਨ੍ਹਾਂ ਨੇ ਪੁੱਤਰ ਦੀ ਮੌਤ ਲਈ ਜ਼ਿੰਮੇਵਾਰ ਲੋਕਾਂ ਖ਼ਿਲਾਫ਼ ਸਖ਼ਤ ਕਾਰਵਾਈ ਦੀ ਮੰਗ ਕੀਤੀ।

**ਪਿੰਡ ਵਾਸੀਆਂ ਦਾ ਬਿਆਨ**-ਪਿੰਡ ਵਾਸੀਆਂ ਨੇ ਦੱਸਿਆ ਕਿ ਪਿੰਡ ਵਿੱਚ ਖੁੱਲ੍ਹੇਆਮ ਨਸ਼ਾ ਵਿਕ ਰਿਹਾ ਹੈ ਅਤੇ ਹੁਣ ਤੱਕ ਕਈ ਨੌਜਵਾਨਾਂ ਦੀ ਮੌਤ ਹੋ ਚੁੱਕੀ ਹੈ, ਜਦਕਿ ਕਈ ਹੋਰ ਮੌਤ ਦੇ ਕਿਨਾਰੇ 'ਤੇ ਹਨ। ਉਨ੍ਹਾਂ ਨੇ ਕਿਹਾ ਕਿ ਪਿੰਡ ਦੀ ਸਥਿਤੀ ਬਹੁਤ ਹੀ ਖ਼ਰਾਬ ਹੈ ਅਤੇ ਪੁਲਿਸ ਪ੍ਰਸ਼ਾਸਨ ਵੱਲੋਂ ਕੋਈ ਸੁਣਵਾਈ ਨਹੀਂ ਕੀਤੀ ਜਾਂਦੀ। ਪਿੰਡ ਵਿੱਚ ਨਸ਼ੇ 'ਤੇ ਸਖ਼ਤ ਰੋਕ ਲਗਾਈ ਜਾਵੇ ਅਤੇ ਇਸ ਪਰਿਵਾਰ ਨੂੰ ਇਨਸਾਫ ਮਿਲੇ।

**ਕਾਂਗਰਸ ਆਗੂ ਖੁਸ਼ਬਾਜ਼ ਸਿੰਘ ਜਟਾਣਾ ਦਾ ਬਿਆਨ**-ਕਾਂਗਰਸ ਦੇ ਹਲਕਾ ਇੰਚਾਰਜ ਅਤੇ ਪੂਰਵ ਜ਼ਿਲ੍ਹਾ ਪ੍ਰਧਾਨ ਖੁਸ਼ਬਾਜ਼ ਸਿੰਘ ਜਟਾਣਾ ਨੇ ਕਿਹਾ ਕਿ ਆਮ ਆਦਮੀ ਪਾਰਟੀ ਸਰਕਾਰ "ਯੁੱਧ ਨਸ਼ਿਆਂ ਦੇ ਖ਼ਿਲਾਫ਼" ਦੇ ਨਾਮ 'ਤੇ ਸਿਰਫ਼ ਡਰਾਮੇਬਾਜ਼ੀ ਕਰ ਰਹੀ ਹੈ। ਉਨ੍ਹਾਂ ਨੇ ਕਿਹਾ ਕਿ ਪੁਲਿਸ ਨੂੰ ਨਸ਼ਾ ਵੇਚਣ ਵਾਲਿਆਂ ਅਤੇ ਨੌਜਵਾਨ ਨੂੰ ਮੌਤ ਦੇ ਘਾਟ ਉਤਾਰਨ ਵਾਲਿਆਂ ਖ਼ਿਲਾਫ਼ ਤੁਰੰਤ ਕਾਰਵਾਈ ਕਰਨੀ ਚਾਹੀਦੀ ਸੀ, ਪਰ ਪੁਲਿਸ ਨੇ ਕਾਰਵਾਈ ਕਰਨ ਦੀ ਬਜਾਏ ਪਰਿਵਾਰ 'ਤੇ ਜਲਦੀ ਅੰਤਿਮ ਸੰਸਕਾਰ ਕਰਨ ਲਈ ਦਬਾਅ ਬਣਾਇਆ।

ਉਨ੍ਹਾਂ ਨੇ ਮੰਗ ਕੀਤੀ ਕਿ ਇਸ ਮਾਮਲੇ ਦੀ ਗਹਿਰਾਈ ਨਾਲ ਜਾਂਚ ਕੀਤੀ ਜਾਵੇ ਕਿ ਨਸ਼ਾ ਕਿੱਥੋਂ ਆਇਆ ਅਤੇ ਕਿਸ ਨੇ ਦਿੱਤਾ। ਉਨ੍ਹਾਂ ਨੇ ਦੋਸ਼ ਲਗਾਇਆ ਕਿ ਤਲਵੰਡੀ ਸਾਬੋ ਵਿੱਚ ਘਰ-ਘਰ ਨਸ਼ਾ ਵਿਕ ਰਿਹਾ ਹੈ ਅਤੇ ਇਸ 'ਤੇ ਤੁਰੰਤ ਰੋਕ ਲਗਾਈ ਜਾਵੇ। ਉਨ੍ਹਾਂ ਨੇ ਚੇਤਾਵਨੀ ਦਿੱਤੀ ਕਿ ਜੇ ਪੁਲਿਸ ਨੇ ਕਾਰਵਾਈ ਨਾ ਕੀਤੀ ਤਾਂ ਤਲਵੰਡੀ ਸਾਬੋ ਬੰਦ ਕਰਕੇ ਸੰਘਰਸ਼ ਕੀਤਾ ਜਾਵੇਗਾ।

### ਆਲੂ ਉਤਪਾਦਕਾਂ ਨੂੰ ਆਰਥਿਕ ਸੰਕਟ ਵਿੱਚੋਂ ਕੱਢਣ ਲਈ

# ਮੁੱਖ ਮੰਤਰੀ ਪੰਜਾਬ ਦੇ ਨਾਂ ਏ ਡੀ ਸੀ ਕਪੂਰਥਲਾ ਨੂੰ ਸੌਂਪਿਆ ਮੰਗ ਪੱਤਰ



**ਕਪੂਰਥਲਾ,20 ਫ਼ਰਵਰੀ (ਆਵਾਜ਼ਿ ਕੌਮ ਬਿਊਰੋ)**-ਸੰਯੁਕਤ ਕਿਸਾਨ ਮੋਰਚਾ ਕਪੂਰਥਲਾ ਵਿੱਚ ਸ਼ਾਮਿਲ ਕਿਸਾਨ ਜਥੇਬੰਦੀਆਂ ਨੇ ਪੰਜਾਬ ਵਿੱਚ ਆਲੂ ਉਤਪਾਦਕਾਂ ਦਾ ਮੰਦੀ ਕਾਰਨ ਵੱਡੇ ਆਰਥਿਕ ਸੰਕਟ ਦੇ ਹੱਲ ਲਈ ਪੰਜਾਬ ਦੇ ਮੁੱਖ ਮੰਤਰੀ ਦੇ ਨਾਮ ਏ ਡੀ ਸੀ ਕਪੂਰਥਲਾ ਮੈਡਮ ਨਵਦੀਪ ਕੌਰ ਬੱਲ ਨੂੰ ਮੰਗ ਪੱਤਰ ਸੌਂਪਿਆ । ਇਸ ਸਮੇਂ ਰਸ਼ਪਾਲ ਸਿੰਘ ਜਨਰਲ ਸਕੱਤਰ ਕਿਰਤੀ ਕਿਸਾਨ ਯੂਨੀਅਨ ਪੰਜਾਬ, ਬਲਵਿੰਦਰ ਸਿੰਘ ਭੁੱਲਰ ਪ੍ਰਧਾਨ ਕਿਰਤੀ ਕਿਸਾਨ ਯੂਨੀਅਨ ਕਪੂਰਥਲਾ, ਤਰਸੇਮ ਸਿੰਘ ਬੰਨੇ ਮੱਲ ਜਨਰਲ ਸਕੱਤਰ ਕਿਰਤੀ ਕਿਸਾਨ ਯੂਨੀਅਨ ਕਪੂਰਥਲਾ, ਐਡਵੋਕੇਟ ਰਜਿੰਦਰ ਸਿੰਘ ਰਾਣਾ ਕਨਵੀਨਰ ਸੰਯੁਕਤ ਕਿਸਾਨ ਮੋਰਚਾ ਕਪੂਰਥਲਾ, ਅਮਰਜੀਤ ਸਿੰਘ ਟਿੱਬਾ ਪ੍ਰਧਾਨ ਆਲ ਇੰਡੀਆ ਕਿਸਾਨ ਸਭਾ, ਹਰਜਿੰਦਰ ਸਿੰਘ ਰਾਣਾ ਸੈਦੋਵਾਲ ਪ੍ਰਧਾਨ ਬੀ ਕੇ ਯੂ ਡਕੌਂਦਾ (ਧਨੇਰ) ਕਪੂਰਥਲਾ , ਰਘਬੀਰ ਸਿੰਘ ਮਹਿਰਵਾਲਾ ਸੂਬਾ ਮੀਤ ਪ੍ਰਧਾਨ ਕਿਰਤੀ ਕਿਸਾਨ ਯੂਨੀਅਨ ਪੰਜਾਬ, ਅਜੀਤ ਸਿੰਘ ਔਜਲਾ ਫੌਜੀ ਕਲੋਨੀ, ਜੋਗਿੰਦਰ ਸਿੰਘ ਸਾਬਕਾ ਸਰਪੰਚ ਫੌਜੀ ਕਲੋਨੀ, ਸੁਖਚੈਨ ਸਿੰਘ ਨੱਥੂ ਚਾਹਲ ਮੀਤ ਪ੍ਰਧਾਨ ਬੀ ਕੇ ਯੂ ਡਕੌਂਦਾ, ਬਲਵਿੰਦਰ ਸਿੰਘ ਬਾਜਵਾ ਪ੍ਰਧਾਨ ਕਿਰਤੀ ਕਿਸਾਨ ਯੂਨੀਅਨ ਕਪੂਰਥਲਾ, ਸਰਵਣ ਸਿੰਘ, ਹਰਨੇਕ ਸਿੰਘ ਕਰਮਜੀਤਪੁਰ, ਮਾਸਟਰ ਸ਼ਿੰਗਾਰਾ ਸਿੰਘ ਟਿੱਬਾ ਹਰਜਿੰਦਰ ਸਿੰਘ ਚੀਮਾ ਕਪੂਰਥਲਾ, ਮਨਜਿੰਦਰ ਕਮਲ ਭੁਲਾਣਾ, ਅਮਰਜੀਤ ਸਿੰਘ, ਮਨਜੀਤ ਸਿੰਘ ਢਪਈ, ਜਥੇਦਾਰ ਤਲਵਿੰਦਰ ਸਿੰਘ, ਪਰਗਣ ਸਿੰਘ ਕਾਲਾ ਸੰਘਿਆਂ , ਪਿਆਰਾ ਸਿੰਘ ਭੰਡਾਲ ਦੋਨਾਂ, ਭਗਵੰਤ ਸਿੰਘ ਲੱਖਣ ਕਲਾਂ , ਭਜਨ ਸਿੰਘ ਔਜਲਾ, ਸ਼ੀਤਲ ਸਿੰਘ , ਰਾਜਵਿੰਦਰ ਸਿੰਘ ਸੰਗੋਜਲਾ , ਨਿਰਮਲ ਸਿੰਘ ਬਾਜਾ ਆਦਿ ਨੇ ਅੱਜ ਵੱਡੀ ਗਿਣਤੀ ਵਿੱਚ ਸਥਾਨਕ ਪ੍ਰਸ਼ਾਸਨਿਕ ਭਵਨ ਵਿਖੇ ਕਿਸਾਨਾਂ ਅਤੇ ਮਜ਼ਦੂਰਾਂ ਦੀ ਵਿਸ਼ੇਸ਼ ਇਕੱਤਰਤਾ ਕੀਤੀ। ਕਿਸਾਨਾਂ ਅਤੇ ਮਜ਼ਦੂਰਾਂ ਦੀ ਵਿਸ਼ੇਸ਼ ਇਕੱਤਰਤਾ ਦੌਰਾਨ ਵੱਖ-ਵੱਖ ਕਿਸਾਨ ਮਜ਼ਦੂਰ ਜਥੇਬੰਦੀਆਂ ਦੇ ਅਹੁਦੇਦਾਰ ਬੁਲਾਰਿਆਂ ਨੇ ਆਉਣ ਲੱਗਾ ਵਾ। ਆਖਿਆ ਕੇ ਆਲੂ ਹੱਥ ਪਾਦਕ ਕਿਸਾਨਾਂ ਦੀ ਲੁੱਟ ਰੋਕਣ ਲਈ 1200 ਪ੍ਰਤੀ ਕੁਇੰਟਲ ਰੇਟ ਦੇਣ ਅਤੇ ਕਿਸਾਨਾਂ ਨਾਲ ਠੱਗੀ ਮਾਰ ਰਹੀਆਂ ਕੰਪਨੀਆਂ ਵਿਰੁੱਧ ਸਖਤ ਕਾਰਵਾਈ ਕੀਤੀ ਜਾਵੇ । ਬੁਲਾਰਿਆਂ ਨੇ ਆਖਿਆ ਕਿ ਮੰਦੀ ਦੇ ਦੌਰਾਨ ਕੋਲਡ ਸਟੋਰ ਮਾਲਕਾਂ ਵੱਲੋਂ ਪ੍ਰਤੀ ਬੋਰਾ 25 ਰੁਪਏ ਵਾਧਾ ਕਰ ਦਿੱਤਾ ਹੈ ਜੋ ਬਹੁਤ ਵੱਡਾ ਧੱਕਾ ਹੈ ਅਤੇ ਅੱਧਾ ਕਰਾਇਆ ਐਡਵਾਂਸ ਜਮਾ ਕਰਾਉਣ ਦੀ ਵੀ ਸ਼ਰਤ ਰੱਖੀ ਗਈ ਹੈ।

ਬੁਲਾਰਿਆਂ ਨੇ ਆਖਿਆ ਕਿ ਆਲੂ ਉਤਪਾਦਕ ਕਿਸਾਨਾਂ ਦੀ ਮੰਦੀ ਕਾਰਨ ਲਗਭਗ 3 ਲੱਖ ਏਕੜ ਵਿੱਚ ਬੀਜੀ ਆਲੂ ਦੀ ਫਸਲ ਰੁਲ ਰਹੀ ਹੈ । ਖਾਣ ਵਾਲੇ ਆਲੂ ਦਾ ਰੇਟ 300 ਤੋਂ 400 ਰੁਪਏ ਅਤੇ ਸ਼ੱਕਰ ਰਹਿਤ ਆਲੂ ਦਾ ਰੇਟ 400 ਤੋਂ 500 ਰੁਪਏ ਪ੍ਰਤੀ ਕੁਇੰਟਲ ਚੱਲ ਰਿਹਾ ਹੈ। ਇਸ ਰੇਟ ਨਾਲ ਲਾਗਤ ਖਰਚੇ ਦੀ ਰਕਮ ਦੇ ਹਿਸਾਬ ਨਾਲ ਲਗਭਗ 50 ਹਜਾਰ ਰੁਪਏ ਪ੍ਰਤੀ ਏਕੜ ਕਿਸਾਨਾਂ ਨੂੰ ਘਾਟਾ ਪੈ ਰਿਹਾ ਹੈ। ਉਹਨਾਂ ਆਖਿਆ ਕਿ ਕਿਸਾਨੀ ਦਾ ਪਹਿਲਾਂ ਹੀ ਲਾਹੇਵੰਦ ਰੇਟ ਨਾ ਮਿਲਣ ਕਰਕੇ ਘਾਟੇ ਵਿੱਚ ਚੱਲ ਰਹੀ ਹੈ। ਬੁਲਾਰਿਆਂ ਨੇ ਆਖਿਆ ਕਿ ਪੰਜਾਬ ਦੇ ਆਲੂ ਉਤਪਾਦਕ ਕਿਸਾਨਾਂ ਨਾਲ ਕੁਝ ਕੰਪਨੀਆਂ ਨੇ 1000 ਰੁਪਏ ਪ੍ਰਤੀ ਕੁਇੰਟਲ ਖਰੀਦ ਕਰਨ ਲਈ ਕੋਂਟਰੈਕਟ ਕੀਤਾ ਕੀਤੇ ਸਨ ਹੁਣ ਮੁੱਕਰ ਗਈਆਂ ਹਨ ਇਹਨਾਂ ਕੰਪਨੀਆਂ ਵਿਰੁੱਧ ਸਖਤ ਕਾਨੂੰਨੀ ਕਾਰਵਾਈ ਕੀਤੀ ਜਾਵੇ । ਬੁਲਾਰਿਆਂ ਨੇ ਪੰਜਾਬ ਸਰਕਾਰ ਨੂੰ ਅਪੀਲ ਕੀਤੀ ਕਿ ਪੰਜਾਬ ਦੇ ਕਿਸਾਨਾਂ ਨੂੰ ਤਰਸਯੋਗ ਹਾਲਤ ਵਿੱਚੋਂ ਕੱਢਣ ਲਈ ਆਲੂ ਦੇ ਘੱਟੋ ਘੱਟ 1200 ਪ੍ਰਤੀ ਕੁੰਟਲ ਭਾਅ ਦਵਾਇਆ ਜਾਵੇ ਜਾਂ ਸਰਕਾਰੀ ਤੌਰ ਉਤੇ ਮਾਰਕ ਫੈਡਰ ਰਾਹੀਂ ਖਰੀਦ ਕੀਤੀ ਜਾਵੇ । ਬੁਲਾਰਿਆਂ ਨੇ ਮੰਗ ਕੀਤੀ ਕਿ ਕੋਲਡ ਸਟੋਰ ਮਾਲਕਾਂ ਵੱਲੋਂ ਇਕਦਮ ਵਧਾਏ ਖਰਚੇ ਅਤੇ ਅਡਵਾਂਸ ਦੀ ਰੱਖੀ ਸ਼ਰਤ ਵੀ ਹਟਵਾਈ ਜਾਵੇ।

# ਧਰਮਸ਼ਾਲਾ ਨਾਥਾਂ ਦਾ ਡੇਰਾ ਵੈਲਫੇਅਰ ਸੋਸਾਇਟੀ ਪ੍ਰਾਚੀਨ ਸ਼ਿਵ ਮੰਦਰ ਨਾਥਾਂ ਦਾ ਡੇਰਾ ਸੀਨਪੁਰਾ ਦਾ ਵਫਦ ਕੈਬਨਿਟ ਮੰਤਰੀ ਪੰਜਾਬ ਮਹਿੰਦਰ ਭਗਤ ਨੂੰ ਮਿਲਿਆ



**ਕਪੂਰਥਲਾ, 20 ਫਰਵਰੀ ( ਆਵਾਜ਼ਿ ਕੌਮ ਬਿਊਰੋ)**-ਧਰਮਸ਼ਾਲਾ ਨਾਥਾਂ ਦਾ ਡੇਰਾ ਵੈਲਫੇਅਰ ਸੋਸਾਇਟੀ ਪ੍ਰਾਚੀਨ ਸ਼ਿਵ ਮੰਦਰ ਨਾਥਾਂ ਦਾ ਡੇਰਾ ਸੀਨ ਪੂਰਾ ਕਪੂਰਥਲਾ ਦਾ ਇੱਕ ਵਫਦ ਡੇਰੇ ਦੇ ਸੰਚਾਲਕ ਤੇ ਮੁੱਖ ਸੇਵਾਦਾਰ ਮਹੰਤ ਬਾਬਾ ਵਿਜੇ ਨਾਥ ਜੀ ਦੀ ਅਗਵਾਈ ਵਿੱਚ ਅੱਜ ਕੈਬਨਿਟ ਮੰਤਰੀ ਪੰਜਾਬ ਸ੍ਰੀ ਮਹਿੰਦਰ ਭਗਤ ਨੂੰ ਉਹਨਾਂ ਦੇ ਜਲੰਧਰ ਵਿਖੇ ਸਥਿਤ ਕੋਠੀ ਵਿਖੇ ਮਿਲਿਆ ਅਤੇ ਮੰਦਰ ਵਿਖੇ ਧਰਮਸ਼ਾਲਾ ਬਣਾਉਣ ਅਤੇ ਮੰਦਰ ਦੇ ਹੋਰ ਵਿਕਾਸ ਕਾਰਜਾਂ ਲਈ ਪੰਜਾਬ ਸਰਕਾਰ ਵੱਲੋਂ ਗਰਾਂਟ ਦੇਣ ਲਈ ਇੱਕ ਮੰਗ ਪੱਤਰ ਦਿੱਤਾ। ਇਸ ਮੌਕੇ ਮਹੰਤ ਬਾਬਾ ਵਿਜੇ ਨਾਥ ਨੂੰ ਮੰਤਰੀ ਜੀ ਨੂੰ ਬੇਨਤੀ ਕੀਤੀ ਕਿ ਗਰੀਬ ਅਤੇ ਸਮਾਜ ਦੇ ਹੋਰ ਗਰੀਬ ਵਰਗ ਦੇ ਲੋਕਾਂ ਨੂੰ ਆਪਣੇ ਸਮਾਜਿਕ ਅਤੇ ਹੋਰ ਸਮਾਗਮ ਕਰਨ ਦੇ ਮਨੋਰਥ ਨਾਲ ਧਰਮਸ਼ਾਲਾ ਦੀ ਉਸਾਰੀ ਕਰਵਾਉਣ ਦੀ ਬਹੁਤ ਜਰੂਰਤ ਹੈ, ਕਿਉਂਕਿ ਉਪਰੋਕਤ ਵਰਗ ਦੇ ਲੋਕਾਂ ਦੀ ਆਰਥਿਕ ਹਾਲਤ ਠੀਕ ਨਾ ਹੋਣ ਕਾਰਨ ਉਹਨਾਂ ਨੂੰ ਆਪਣੇ ਸਮਾਜਿਕ ਅਤੇ ਹੋਰ ਸਮਾਗਮ ਕਰਨ ਵਿੱਚ ਕਾਫੀ ਮੁਸ਼ਕਿਲ ਪੇਸ਼ ਆਉਂਦੀ ਹੈ। ਕੈਬਨਿਟ ਮੰਤਰੀ ਸ੍ਰੀ ਮਹਿੰਦਰ ਭਗਤ ਨੇ ਵਫਦ ਨੂੰ ਵਿਸ਼ਵਾਸ਼ ਦਿਵਾਇਆ ਕਿ ਉਹ ਪੰਜਾਬ ਸਰਕਾਰ ਵੱਲੋਂ ਮੰਦਰ ਦੇ ਵਿਕਾਸ ਲਈ ਵੱਧ ਤੋਂ ਵੱਧ ਗਰਾਂਟ ਦਿਵਾਉਣ ਦਾ ਉਪਰਾਲਾ ਕਰਨਗੇ। ਵਫਦ ਵਿੱਚ ਸ਼੍ਰੀ ਤਰਸੇਮ ਸਿੰਘ, ਕ੍ਰਿਸ਼ਨ ਕੁਮਾਰ ਟੰਡਨ, ਆਰਕੇ ਸੇਠੀ, ਅਵਤਾਰ ਸਿੰਘ ਮੁਸ਼ਕਵੇਦ, ਸੰਜੇ ਅਗਰਵਾਲ, ਲਕਸ਼ਮਣ ਸ਼ਰਮਾ, ਕਰਨ, ਆਦਿ ਸ਼ਾਮਿਲ ਸਨ।

# ਅਸਲੀਅਤ ਅਤੇ ਕਲਪਨਾ ਵਿੱਚ ਉਲਝਿਆ ਬਚਪਨ

ਅੱਜ ਦਾ ਬਚਪਨ ਇਕ ਅਜੀਬ ਦੋਹਰੇ ਸੰਸਾਰ ਵਿੱਚ ਜੀ ਰਿਹਾ ਹੈ—ਇੱਕ ਪਾਸੇ ਅਸਲੀਅਤ ਦੀ ਮਿੱਟੀ ਦੀ ਸੁਗੰਧ, ਦੂਜੇ ਪਾਸੇ ਕਲਪਨਾ ਦੀ ਚਮਕਦਾਰ ਸਕ੍ਰੀਨ। ਘਰ ਦੇ ਅੰਗਣ ਦੀਆਂ ਖੇਡਾਂ ਹੁਣ ਮੋਬਾਈਲ ਦੀਆਂ ਗੇਮਾਂ ਵਿੱਚ ਬਦਲ ਗਈਆਂ ਹਨ, ਕਹਾਣੀਆਂ ਦੀਆਂ ਕਿਤਾਬਾਂ ਦੀ ਥਾਂ ਐਨੀਮੇਟਿਡ ਵੀਡੀਓਆਂ ਨੇ ਲੈ ਲਈ ਹੈ। ਨਤੀਜਾ ਇਹ ਹੈ ਕਿ ਬਚਪਨ ਅਸਲੀ ਦੁਨੀਆ ਅਤੇ ਕਲਪਨਾਤਮਕ ਦੁਨੀਆ ਦੇ ਵਿਚਕਾਰ ਉਲਝ ਕੇ ਰਹਿ ਗਿਆ ਹੈ।

ਕਲਪਨਾ ਬੱਚੇ ਦੇ ਵਿਕਾਸ ਲਈ ਜ਼ਰੂਰੀ ਹੈ। ਇਹ ਉਸ ਦੀ ਰਚਨਾਤਮਕਤਾ ਨੂੰ ਪਰ ਪਾਉਂਦੀ ਹੈ, ਉਸ ਨੂੰ ਸੁਪਨੇ ਦੇਖਣ ਦੀ ਹਿੰਮਤ ਦਿੰਦੀ ਹੈ। ਪਰੀਆਂ ਦੀਆਂ ਕਹਾਣੀਆਂ, ਲੋਕ ਕਥਾਵਾਂ ਅਤੇ ਕਾਮਿਕ ਪਾਤਰ ਬੱਚੇ ਦੇ ਮਨ ਨੂੰ ਵਿਸ਼ਾਲਤਾ ਦਿੰਦੇ ਹਨ। ਪਰ ਜਦੋਂ ਕਲਪਨਾ ਹਕੀਕਤ ਤੋਂ ਵੱਧ ਹਾਵੀ ਹੋ ਜਾਂਦੀ ਹੈ, ਤਾਂ ਸਮੱਸਿਆ ਸ਼ੁਰੂ ਹੁੰਦੀ ਹੈ। ਬੱਚੇ ਰੀਲ ਅਤੇ ਰੀਅਲ ਦੇ ਫਰਕ ਨੂੰ ਸਮਝਣ ਵਿੱਚ ਅਸਮਰੱਥ ਰਹਿੰਦੇ ਹਨ।

ਡਿਜ਼ੀਟਲ ਮੀਡੀਆ ਨੇ ਬੱਚਿਆਂ ਲਈ ਇੱਕ ਐਸੀ ਦੁਨੀਆ ਤਿਆਰ ਕਰ ਦਿੱਤੀ ਹੈ ਜਿੱਥੇ ਸਭ ਕੁਝ ਤੁਰੰਤ ਮਿਲਦਾ ਹੈ—ਤੁਰੰਤ ਮਨੋਰੰਜਨ, ਤੁਰੰਤ ਸਫਲਤਾ ਅਤੇ ਤੁਰੰਤ ਮਾਨਤਾ। ਇਸ ਕਲਪਨਾਤਮਕ ਸੰਸਾਰ ਵਿੱਚ ਹੀਰੋ ਹਮੇਸ਼ਾਂ ਜਿੱਤਦਾ ਹੈ, ਮੁਸ਼ਕਲਾਂ ਸਿਰਫ਼ ਕੁਝ ਮਿੰਟਾਂ ਵਿੱਚ ਖਤਮ ਹੋ ਜਾਂਦੀਆਂ ਹਨ। ਜਦੋਂ ਬੱਚਾ ਅਸਲੀ ਜੀਵਨ ਵਿੱਚ ਸੰਘਰਸ਼ ਦਾ ਸਾਹਮਣਾ ਕਰਦਾ ਹੈ, ਤਾਂ ਉਹ ਨਿਰਾਸ਼ਾ ਅਤੇ ਹਤਾਸ਼ਾ ਮਹਿਸੂਸ ਕਰਦਾ ਹੈ। ਉਸ ਨੂੰ ਲੱਗਦਾ ਹੈ ਕਿ ਜ਼ਿੰਦਗੀ ਵੀ ਫ਼ਿਲਮਾਂ ਵਾਂਗ ਸੌਖੀ ਹੋਣੀ ਚਾਹੀਦੀ ਹੈ।

ਅਸਲੀਅਤ ਬੱਚੇ ਨੂੰ ਧੀਰਜ, ਸੰਘਰਸ਼ ਅਤੇ ਸਹਿਨਸ਼ੀਲਤਾ ਸਿਖਾਉਂਦੀ ਹੈ। ਮਿੱਟੀ ਵਿੱਚ ਖੇਡਣਾ, ਦੋਸਤਾਂ ਨਾਲ ਝਗੜ ਕੇ ਫਿਰ ਮਨਾ ਲੈਣਾ, ਹਾਰ ਕੇ ਵੀ ਦੁਬਾਰਾ ਕੋਸ਼ਿਸ਼ ਕਰਨਾ—ਇਹ ਸਾਰੇ ਅਨੁਭਵ ਜੀਵਨ ਦੇ ਸੱਚੇ ਪਾਠ ਹਨ। ਜੇ ਬਚਪਨ ਸਿਰਫ਼ ਕਲਪਨਾ ਦੇ ਆਧਾਰ 'ਤੇ ਬਣੇਗਾ, ਤਾਂ ਉਹ ਅਸਲੀ ਜੀਵਨ ਦੀਆਂ ਚੁਣੌਤੀਆਂ ਦਾ ਸਾਹਮਣਾ ਕਰਨ ਲਈ ਤਿਆਰ ਨਹੀਂ ਹੋਵੇਗਾ।

ਮਾਤਾ-ਪਿਤਾ ਅਤੇ ਅਧਿਆਪਕਾਂ ਦੀ ਭੂਮਿਕਾ ਇੱਥੇ ਬਹੁਤ ਮਹੱਤਵਪੂਰਨ ਹੈ। ਉਹਨਾਂ ਨੂੰ ਬੱਚਿਆਂ ਨੂੰ ਕਲਪਨਾ ਦੀ ਉਡਾਣ ਵੀ ਦੇਣੀ ਹੈ ਅਤੇ ਅਸਲੀਅਤ ਦੀ ਜ਼ਮੀਨ ਨਾਲ ਵੀ ਜੋੜ ਕੇ ਰੱਖਣਾ ਹੈ। ਕਿਤਾਬਾਂ ਪੜ੍ਹਨ ਦੀ ਆਦਤ, ਕੁਦਰਤ ਨਾਲ ਸੰਪਰਕ, ਖੇਡਾਂ ਵਿੱਚ ਹਿੱਸਾ ਅਤੇ ਪਰਿਵਾਰਕ ਗੱਲਬਾਤ—ਇਹ ਸਾਰੇ ਤਰੀਕੇ ਬਚਪਨ ਨੂੰ ਸੰਤੁਲਿਤ ਬਣਾਉਂਦੇ ਹਨ।

ਬਚਪਨ ਦੀ ਦੁਨੀਆ ਹਮੇਸ਼ਾ ਹੀ ਕਹਾਣੀਆਂ, ਪਰੀਆਂ ਅਤੇ ਜਾਦੂਈ ਕਿੱਸਿਆਂ ਨਾਲ ਭਰੀ ਰਹੀ ਹੈ। ਪਰ ਅੱਜ ਦੇ ਡਿਜੀਟਲ ਯੁੱਗ ਨੇ ਬੱਚਿਆਂ ਦੀ ਕਲਪਨਾ ਨੂੰ ਇੱਕ ਨਵਾਂ ਪਰ ਬਹੁਤ ਹੀ ਗੁੰਝਲਦਾਰ ਮੋੜ ਦੇ ਦਿੱਤਾ ਹੈ। ਜਿੱਥੇ ਪਹਿਲਾਂ ਬੱਚੇ ਦਾਦੀ-ਨਾਨੀ ਦੀਆਂ ਕਹਾਣੀਆਂ ਸੁਣ ਕੇ ਆਪਣੇ ਮਨ ਵਿੱਚ ਇੱਕ ਕਾਲਪਨਿਕ ਸੰਸਾਰ ਸਿਰਜਦੇ ਸਨ, ਉੱਥੇ ਅੱਜ ਦੇ ਬੱਚੇ ਵੀਡੀਓ ਗੇਮਾਂ ਅਤੇ ਸੋਸ਼ਲ ਮੀਡੀਆ ਰਾਹੀਂ ਬਣੀ-ਬਣਾਈ ਕਲਪਨਾ ਵਿੱਚ ਜੀਅ ਰਹੇ ਹਨ।

ਕਲਪਨਾ ਦਾ ਪ੍ਰਭਾਵ

ਬੱਚਿਆਂ ਲਈ ਕਲਪਨਾ ਸਿਰਫ਼ ਖੇਡ ਨਹੀਂ, ਸਗੋਂ ਸਿੱਖਣ ਦਾ ਇੱਕ ਜ਼ਰੀਆ ਹੈ। ਜਦੋਂ ਇੱਕ ਬੱਚਾ ਕਿਸੇ ਸੁਪਰਹੀਰੋ ਵਾਂਗ ਵਿਹਾਰ ਕਰਦਾ ਹੈ, ਤਾਂ ਉਹ ਅਸਲ ਵਿੱਚ ਹਿੰਮਤ ਅਤੇ ਸ਼ਕਤੀ ਦੇ ਸੰਕਲਪ ਨੂੰ ਸਮਝਣ ਦੀ ਕੋਸ਼ਿਸ਼ ਕਰ ਰਿਹਾ ਹੁੰਦਾ ਹੈ। ਹਾਲਾਂਕਿ, ਜਦੋਂ ਇਹ ਕਲਪਨਾ "ਵਰਚੁਅਲ ਰਿਐਲਿਟੀ" ਦਾ ਰੂਪ ਲੈ ਲੈਂਦੀ ਹੈ, ਤਾਂ ਬੱਚਾ ਅਸਲ ਦੁਨੀਆ ਦੇ ਰਿਸ਼ਤਿਆਂ ਅਤੇ ਭਾਵਨਾਵਾਂ ਤੋਂ ਦੂਰ ਹੋਣ ਲੱਗਦਾ ਹੈ।

ਅਸਲੀਅਤ ਨਾਲ ਟਕਰਾਅ

ਅੱਜ ਦੇ ਬੱਚੇ ਕਈ ਵਾਰ ਅਸਲੀਅਤ ਨੂੰ ਸਵੀਕਾਰ ਕਰਨ ਵਿੱਚ ਮੁਸ਼ਕਲ ਮਹਿਸੂਸ ਕਰਦੇ ਹਨ। ਇਸ ਦੇ ਮੁੱਖ ਕਾਰਨ ਹਨ:

ਡਿਜੀਟਲ ਦੁਨੀਆ: ਮੋਬਾਈਲ ਸਕ੍ਰੀਨ 'ਤੇ ਦਿਖਾਈ ਦੇਣ ਵਾਲੇ ਚਮਕਦਾਰ ਰੰਗ ਅਤੇ ਤੁਰੰਤ ਮਿਲਣ ਵਾਲੀ ਖ਼ੁਸ਼ੀ ( ਅਸਲ ਜੀਵਨ ਦੀ ਹੌਲੀ ਰਫ਼ਤਾਰ ਨੂੰ ਬੋਰਿੰਗ ਬਣਾ ਦਿੰਦੀ ਹੈ।

ਸਮਾਜਿਕ ਦੂਰੀ: ਬੱਚੇ ਬਾਹਰ ਮੈਦਾਨ ਵਿੱਚ ਖੇਡਣ ਦੀ ਬਜਾਏ ਵੀਡੀਓ ਗੇਮਾਂ ਵਿੱਚ ਦੋਸਤ ਬਣਾਉਣਾ ਜ਼ਿਆਦਾ ਪਸੰਦ ਕਰਦੇ ਹਨ, ਜਿਸ ਨਾਲ ਉਨ੍ਹਾਂ ਦਾ ਸਮਾਜਿਕ ਵਿਕਾਸ ਪ੍ਰਭਾਵਿਤ ਹੁੰਦਾ ਹੈ।

ਸੰਤੁਲਨ ਦੀ ਲੋੜ

ਇਹ ਕਹਿਣਾ ਗਲਤ ਹੋਵੇਗਾ ਕਿ ਕਲਪਨਾ ਬੁਰੀ ਹੈ। ਕਲਪਨਾ ਹੀ ਰਚਨਾਤਮਕਤਾ ਦੀ ਮਾਂ ਹੈ। ਪਰ ਚੁਣੌਤੀ ਇਹ ਹੈ ਕਿ ਬੱਚਿਆਂ ਨੂੰ ਇਹ ਸਮਝਾਇਆ ਜਾਵੇ ਕਿ ਸਕ੍ਰੀਨ ਦੀ ਦੁਨੀਆ ਅਤੇ ਜ਼ਮੀਨੀ ਹਕੀਕਤ ਵਿੱਚ ਫ਼ਰਕ ਹੈ। ਮਾਪਿਆਂ ਨੂੰ ਚਾਹੀਦਾ ਹੈ ਕਿ ਉਹ ਬੱਚਿਆਂ ਨੂੰ ਕੁਦਰਤ ਨਾਲ ਜੋੜਨ, ਕਿਤਾਬਾਂ ਪੜ੍ਹਨ ਲਈ ਪ੍ਰੇਰਿਤ ਕਰਨ ਅਤੇ ਉਨ੍ਹਾਂ ਨਾਲ ਗੱਲਾਂ ਕਰਨ ਤਾਂ ਜੋ ਉਹ ਆਪਣੇ ਮਨ ਦੇ ਉਲਝਣਾਂ ਨੂੰ ਸੁਲਝਾ ਸਕਣ।

ਸਿੱਟਾ: ਬਚਪਨ ਦਾ ਅਸਲੀ ਆਨੰਦ ਕਲਪਨਾ ਦੀਆਂ ਉਡਾਣਾਂ ਭਰਨ ਵਿੱਚ ਹੀ ਹੈ, ਪਰ ਇਨ੍ਹਾਂ ਉਡਾਣਾਂ ਦੀਆਂ ਜੜ੍ਹਾਂ ਅਸਲੀਅਤ ਦੀ ਧਰਤੀ ਵਿੱਚ ਹੋਣੀਆਂ ਬਹੁਤ ਜ਼ਰੂਰੀ ਹਨ।

ਅੰਤ ਵਿੱਚ, ਕਲਪਨਾ ਅਤੇ ਅਸਲੀਅਤ ਦੋਵੇਂ ਬਚਪਨ ਦੇ ਜ਼ਰੂਰੀ ਹਿੱਸੇ ਹਨ। ਕਲਪਨਾ ਸੁਪਨੇ ਦਿੰਦੀ ਹੈ, ਅਸਲੀਅਤ ਉਹਨਾਂ ਨੂੰ ਸਾਕਾਰ ਕਰਨ ਦਾ ਰਾਹ ਦਿਖਾਉਂਦੀ ਹੈ। ਜੇ ਅਸੀਂ ਬੱਚਿਆਂ ਨੂੰ ਇਹ ਸੰਤੁਲਨ ਸਿਖਾ ਦਿੱਤਾ, ਤਾਂ ਉਹ ਨਾ ਸਿਰਫ਼ ਚੰਗੇ ਸੁਪਨੇ ਦੇਖਣਗੇ, ਬਲਕਿ ਉਹਨਾਂ ਨੂੰ ਸੱਚ ਬਣਾਉਣ ਦੀ ਸਮਰੱਥਾ ਵੀ ਰੱਖਣਗੇ।

**-ਡਾ ਵਿਜੈ ਗਰਗ ਰਿਟਾਇਰਡ ਪ੍ਰਿੰਸੀਪਲ ਅਜੂਕੇਸ਼ਨਲ ਕਾਲਮਨਵੀਸ਼ ਮਲੋਟ ਪੰਜਾਬ**

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243